ੴ ਵਾਹਿਗੁਰੂ ਜੀ ਕੀ ਫ਼ਤਹ॥


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਚੇਤ ਨਾਨਕਸ਼ਾਹੀ ਸੰਮਤ ੫੪੯
ਅੰਕ ੩ ਜਿਲਦ ੯੪
ਮਾਰਚ ੨੦੧੭

ਸੰਪਾਦਕ ਦਿਲਜੀਤ ਸਿੰਘ 'ਬੇਦੀ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |



*Website : www.sgpc.net*
*E-mail : gurdwaragazette@gmail.com*
*info@sgpc.net*

*Phone: 0183-255 3956-60, Ext. 254*


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੯ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***


# ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਖ਼ਾਲਸਈ ਸ਼ਾਨ ਦੇ ਪ੍ਰਤੱਖ ਦਰਸ਼ਨ ਹੋਲਾ ਮਹੱਲਾ *-ਪ੍ਰੋ. ਕਿਰਪਾਲ ਸਿੰਘ ਬਡੂੰਗਰ* | ੧੦ |
| ਹੋਲੇ ਮਹੱਲੇ ਦਾ ਇਤਿਹਾਸਿਕ ਮਹੱਤਵ *-ਡਾ. ਜਸਪਾਲ ਸਿੰਘ* | ੧੩ |
| ਖ਼ਾਲਸੇ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੋਲਾ ਮਹੱਲਾ *-ਡਾ. ਅਮਰਜੀਤ ਕੌਰ* | ੧੫ |
| ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨੈਤਿਕਤਾ *-ਪ੍ਰੋ. ਸੀਤਲ ਸਿੰਘ* | ੧੭ |
| ਭਾਈ ਗੁਰਦਾਸ ਜੀ ਦੀ ਰਚਨਾ... *-ਡਾ. ਅਵਤਾਰ ਸਿੰਘ* | ੨੮ |
| ਇਕ ਅਦੁੱਤੀ ਸਿੱਖ ਜਰਨੈਲ ਸਰਦਾਰ ਬਘੇਲ ਸਿੰਘ *-ਡਾ. (ਕਰਨਲ) ਦਲਵਿੰਦਰ ਸਿੰਘ* | ੩੧ |
| ਕਵਿਤਾਵਾਂ | ੩੬ |
| ਖ਼ਬਰਨਾਮਾ | ੪੧ |
| ਸੇਵਾ ਸਰਗਰਮੀਆਂ | ੬੮ |
| ਹਿਸਾਬ-ਕਿਤਾਬ | ੭੦ |
| ***English Section*** | |
| Historical Events | *87* |
| Sri Guru Gobind Singh Ji *- S. Surjit Singh 'Gandhi'* | 89 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਚੇਤ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੨-੩੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੨-੩੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੩੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੩੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੦੦ ਵਜੇ ਸਵੇਰੇ |
| * ਪਹਿਲੀ ਅਰਦਾਸ | ੫-੩੦ ਵਜੇ ਸਵੇਰੇ |
| * ਸ੍ਰੀ ਆਸਾ ਦੀ ਵਾਰ ਦੀ ਸਮਾਪਤੀ | ੬-੩੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੬-੩੦ ਤੋਂ ੬-੪੫ ਵਜੇ ਸਵੇਰੇ |

* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।

| | |
|---|---|
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੪੫ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੦੦ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੧੫ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਮਾਰਚ ਤੋਂ ੧੫ ਅਪ੍ਰੈਲ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੯ ਮਾਰਚ | | ਨਦੌਣ ਦੀ ਲੜਾਈ ਵਿਚ ਭਾਈ ਮਨੀ ਸਿੰਘ ਦੇ ਭਾਈ ਸੋਹਨ ਚੰਦ ਸ਼ਹੀਦ ਹੋਏ। (੧੯-੩-੧੬੯੦) |
| ੨੧ ਮਾਰਚ | | ਅਕਾਲੀ ਦਲ ਨੇ 'ਸਿੱਖ ਸਟੇਟ' ਲਈ ਇਕ ਮਤਾ ਪਾਸ ਕੀਤਾ। (੨੧-੩-੧੯੪੬) |
| ੨੨ ਮਾਰਚ | | ਜੈਤੋ ਦੇ ਮੋਰਚੇ ਲਈ ਤੀਜਾ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਲਈ ਰਵਾਨਾ ਹੋਇਆ। (੨੨-੩-੧੯੨੪) |
| ੨੩ ਮਾਰਚ | | ਸ. ਭਗਤ ਸਿੰਘ ਨੂੰ ਲਾਹੌਰ ਜੇਲ੍ਹ ਵਿਚ ਫਾਂਸੀ ਦਿੱਤੀ। (੨੩-੩-੧੯੩੧) |
| ੨੪ ਮਾਰਚ | | ਅਨੰਦਪੁਰ ਸਾਹਿਬ ਵਿਖੇ ਇਕ ਵਿਸ਼ਾਲ ਅਕਾਲੀ ਕਾਨਫਰੰਸ ਹੋਈ ਜਿਸ ਵਿਚ ਸਿੱਖਾਂ ਦੇ ਗੁਰਧਾਮਾਂ ਦੇ ਪ੍ਰਬੰਧ ਵਿਚ ਸਰਕਾਰੀ ਦਖ਼ਲ-ਅੰਦਾਜ਼ੀ ਦੀ ਨਿੰਦਾ ਕੀਤੀ। (੨੪-੩-੧੯੫੯) |
| ੨੫ ਮਾਰਚ | (ੳ) | ਜਥੇਦਾਰ ਮੋਹਣ ਸਿੰਘ 'ਤੁੜ' ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਣੇ। (੨੫-੩-੧੯੭੨) |
| | (ਅ) | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 'ਸਿੱਖ ਇਕ ਕੌਮ ਹਨ' ਦਾ ਮਤਾ ਪਾਸ ਕੀਤਾ। (੨੫-੩-੧੯੮੧) |
| ੨੭ ਮਾਰਚ | | ਜੈਤੋ ਦੇ ਮੋਰਚੇ ਦਾ ਚੌਥਾ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਰਵਾਨਾ ਹੋਇਆ। (੨੭-੩-੧੯੨੪) |
| ੨੯ ਮਾਰਚ | (ੳ) | ਦੂਜੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਜੋਤੀ-ਜੋਤਿ ਸਮਾਏ। (੨੯-੩-੧੫੫੨) |
| | (ਅ) | 'ਅਕਾਲੀ ਦਲ' ਦਾ ਨਾਮ 'ਸ਼੍ਰੋਮਣੀ ਅਕਾਲੀ ਦਲ' ਰੱਖਿਆ ਗਿਆ। (੨੯-੩-੧੯੨੨) |
| ੩੦ ਮਾਰਚ | | ਸਿੱਖਾਂ ਨੇ ਕਿਲ੍ਹਾ ਰਾਮ ਰੌਣੀ (ਅੰਮ੍ਰਿਤਸਰ) ਦੀ ਨੀਂਹ ਰੱਖੀ। (੩੦-੩-੧੭੪੭) |
| ੩੧ ਮਾਰਚ | (ੳ) | ਦੂਜੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਹੋਇਆ। (੩੧-੩-੧੫੦੪) |
| | (ਅ) | ਚੀਫ਼ ਖਾਲਸਾ ਦੀਵਾਨ ਨੇ ਵਾਇਸਰਾਏ ਨੂੰ ਇਕ ਮੈਮੋਰੰਡਮ ਰਾਹੀਂ ਸਿੱਖਾਂ ਨੂੰ ਵੱਖ-ਵੱਖ ਕੌਂਸਲਾਂ ਤੇ ਸੇਵਾਵਾਂ ਵਿਚ ਪ੍ਰਤੀਨਿਧਤਾ ਦੇਣ ਦੀ ਮੰਗ ਕੀਤੀ। (੩੧-੩-੧੯੧੧) |
| ੨ ਅਪ੍ਰੈਲ | | ਭਾਈ ਪ੍ਰਿਥੀਪਾਲ ਸਿੰਘ, ਜਿਸ ਨੂੰ ਗੁਰੂ-ਕਾ-ਬਾਗ ਮੋਰਚੇ ਦੌਰਾਨ ਪੁਲਿਸ ਨੇ ਬੁਰੀ ਤਰ੍ਹਾਂ ਕੁੱਟਿਆ ਸੀ, ਗੁਰੂ ਰਾਮਦਾਸ ਹਸਪਤਾਲ ਵਿਖੇ ਦਮ ਤੋੜ ਗਿਆ। (੨-੪-੧੯੨੪) |
| ੪ ਅਪ੍ਰੈਲ | (ੳ) | ਸਿੱਖਾਂ ਦਾ ਇਕ ਜਥਾ ਸਿਰਾਂ 'ਤੇ ਕਾਲੀਆਂ ਦਸਤਾਰਾਂ ਸਜਾ ਕੇ ਨਨਕਾਣਾ ਸਾਹਿਬ ਪੁੱਜਾ ਅਤੇ ਅਕਾਲੀ ਦਲ ਦੀ ਭਰਤੀ ਸ਼ੁਰੂ ਕੀਤੀ। (੪-੪-੧੯੨੧) |

| | | |
|---|---|---|
| | (ਅ) | ਅਕਾਲੀ ਦਲ ਦੇ ਸ਼ਾਂਤਮਈ 'ਰਸਤਾ ਰੋਕੋ' ਅੰਦੋਲਨ ਵਿਚ ਪੁਲਿਸ ਹੱਥੋਂ ਚੌਵੀ ਸਿੱਖ ਸ਼ਹੀਦ ਹੋਏ। (੪-੪-੧੯੮੩) |
| ੫ ਅਪ੍ਰੈਲ | | ਸਿੱਖਾਂ ਨੇ ੨੧ ਫਰਵਰੀ ਦੇ ਦਿਨ ਨੂੰ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਮਨਾਉਣ ਦਾ ਫੈਸਲਾ ਕੀਤਾ। (੫-੪-੧੯੨੧) |
| ੬ ਅਪ੍ਰੈਲ | | ਪੰਜਾਬ ਸਰਕਾਰ ਨੇ ਅੰਮ੍ਰਿਤਸਰ ਜ਼ਿਲ੍ਹੇ ਵਿਚ 'ਪੰਜਾਬੀ ਸੂਬਾ' ਨਾਅਰੇ 'ਤੇ ਪਾਬੰਦੀ ਲਗਾ ਦਿੱਤੀ। (੬-੪-੧੯੫੫) |
| ੧੨ ਅਪ੍ਰੈਲ | (ੳ) | ਜੈਤੋ ਦੇ ਮੋਰਚੇ ਲਈ ਪੰਜਵਾਂ ਸ਼ਹੀਦੀ ਜਥਾ ਰਵਾਨਾ ਹੋਇਆ। (੧੨-੪-੧੯੨੪) |
| | (ਅ) | ਮਾਸਟਰ ਤਾਰਾ ਸਿੰਘ ਤੇ ਪੰਡਤ ਨਹਿਰੂ ਦੀ ਇਕ ਮੀਟਿੰਗ ਵਿਚ ਸਰਕਾਰ ਵੱਲੋਂ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਦਖ਼ਲ ਨਾ ਦੇਣ ਦੀ ਸੰਧੀ ਹੋਈ। (੧੨-੪-੧੯੫੯) |
| ੧੩ ਅਪ੍ਰੈਲ | (ੳ) | ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਤਰਨ ਤਾਰਨ ਵਿਖੇ ਸਰੋਵਰ ਦੀ ਖੁਦਾਈ ਸ਼ੁਰੂ ਕਰਵਾਈ। (੧੩-੪-੧੫੯੦) |
| | (ਅ) | ਜ਼ਲ੍ਹਿਆਂ ਵਾਲਾ ਬਾਗ 'ਚ ਅੰਗਰੇਜ਼ੀ ਫ਼ੌਜ ਨੇ ਸੈਂਕੜੇ ਲੋਕ ਗੋਲੀਆਂ ਨਾਲ ਸ਼ਹੀਦ ਕਰ ਦਿੱਤੇ। (੧੩-੪-੧੯੧੯) |
| | (ੲ) | 'ਪੰਜਾਬੀ ਭਾਸ਼ਾ' ਪੰਜਾਬ ਵਿਚ ਸਕੱਤਰੇਤ ਪੱਧਰ 'ਤੇ ਦਫ਼ਤਰੀ ਭਾਸ਼ਾ ਵਜੋਂ ਲਾਗੂ ਹੋਈ। (੧੩-੪-੧੯੬੮) |
| | (ਸ) | ਸੰਤ ਹਰਚੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਣੇ। (੧੩-੪-੧੯੭੬) |
| ੧੪ ਅਪ੍ਰੈਲ | (ੳ) | ਪੰਜਾਬ ਵਿਚ ਸਿਵਲ-ਨਾ-ਫੁਰਮਾਨੀ ਲਹਿਰ ਸ਼ੁਰੂ ਹੋਈ। (੧੪-੪-੧੯੩੦) |
| | (ਅ) | ਭਾਰਤ ਸਰਕਾਰ ਨੇ ਜੋਧਪੁਰ ਕੈਦੀਆਂ ਦੀ ਮੁਲਾਕਾਤ 'ਤੇ ਪਾਬੰਦੀ ਲਗਾਈ। (੧੪-੪-੧੯੮੬) |

■

## ਅੰਮ੍ਰਿਤ ਸੰਚਾਰ

***ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।***

**ਗੁਰਬਾਣੀ ਵਿਚਾਰ:**

# ਚੇਤਿ ਗੋਵਿੰਦੁ ਅਰਾਧੀਐ...

**ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ॥**
**ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ॥**
**ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ॥**
**ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ॥**
**ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ॥**
**ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ॥**
**ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ॥**
**ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ॥**
**ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ॥੨॥**

*(ਪੰਨਾ ੧੩੩)*

ਚੇਤ ਵਿਚ (ਬਸੰਤ ਰੁੱਤ ਆਉਂਦੀ ਹੈ, ਹਰ ਪਾਸੇ ਖਿੜੀ ਫੁਲਵਾੜੀ ਮਨ ਨੂੰ ਆਨੰਦ ਦਿੰਦੀ ਹੈ, ਜੇ) ਪਰਮਾਤਮਾ ਨੂੰ ਸਿਮਰੀਏ (ਤਾਂ ਸਿਮਰਨ ਦੀ ਬਰਕਤਿ ਨਾਲ) ਬਹੁਤ ਆਤਮਿਕ ਆਨੰਦ ਹੋ ਸਕਦਾ ਹੈ । ਪਰ ਜੀਭ ਨਾਲ ਪਰਮਾਤਮਾ ਦਾ ਨਾਮ ਜਪਣ ਦੀ ਦਾਤ ਸੰਤ-ਜਨਾਂ ਨੂੰ ਮਿਲ ਕੇ ਹੀ ਪ੍ਰਾਪਤ ਹੁੰਦੀ ਹੈ ।

ਉਸੇ ਬੰਦੇ ਨੂੰ ਜਗਤ ਵਿਚ ਜੰਮਿਆ ਜਾਣੋ (ਉਸੇ ਦਾ ਜਨਮ ਸਫਲਾ ਸਮਝੋ) ਜਿਸ ਨੇ (ਸਿਮਰਨ ਦੀ ਸਹਾਇਤਾ ਨਾਲ) ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ (ਕਿਉਂਕਿ) ਪਰਮਾਤਮਾ ਦੀ ਯਾਦ ਤੋਂ ਬਿਨਾਂ ਇਕ ਛਿਨ-ਮਾਤਰ ਸਮਾਂ ਗੁਜ਼ਾਰਿਆਂ ਭੀ ਜ਼ਿੰਦਗੀ ਵਿਅਰਥ ਬੀਤਦੀ ਜਾਣੋ।

ਜਿਹੜਾ ਪ੍ਰਭੂ ਪਾਣੀ ਵਿਚ, ਧਰਤੀ ਵਿਚ, ਅਕਾਸ਼ ਵਿਚ, ਜੰਗਲਾਂ ਵਿਚ, ਹਰ ਥਾਂ ਵਿਆਪਕ ਹੈ, ਜੇ ਐਸਾ ਪ੍ਰਭੂ ਕਿਸੇ ਮਨੁੱਖ ਦੇ ਹਿਰਦੇ ਵਿਚ ਨਾ ਵਸੇ, ਤਾਂ ਉਸ ਮਨੁੱਖ ਦਾ (ਮਾਨਸਿਕ) ਦੁੱਖ ਬਿਆਨ ਨਹੀਂ ਹੋ ਸਕਦਾ।

(ਪਰ) ਜਿਨ੍ਹਾਂ ਬੰਦਿਆਂ ਨੇ ਉਸ (ਸਰਬ-ਵਿਆਪਕ) ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਉਨ੍ਹਾਂ ਦਾ ਭਾਗ ਜਾਗ ਪੈਂਦਾ ਹੈ ।

ਨਾਨਕ ਦਾ ਮਨ ਭੀ ਹਰੀ ਦੇ ਦੀਦਾਰ ਨੂੰ ਤਾਂਘਦਾ ਹੈ, ਨਾਨਕ ਦੇ ਮਨ ਵਿਚ ਹਰੀ ਦਰਸ਼ਨ ਦੀ ਪਿਆਸ ਹੈ। ਜਿਹੜਾ ਮਨੁੱਖ ਮੈਨੂੰ ਹਰੀ ਦਾ ਮਿਲਾਪ ਕਰਾ ਦੇਵੇ, ਮੈਂ ਉਸ ਦੀ ਚਰਨੀਂ ਲੱਗਾਂਗਾ ॥੨॥

■

*ਸੰਪਾਦਕੀ...*

# ਆਓ! ਹੋਲੇ ਮਹੱਲੇ ਦੀ ਮੂਲ ਭਾਵਨਾ ਨਾਲ ਜੁੜੀਏ

*ਸਿੱਖ ਧਰਮ ਸੰਸਾਰ ਦਾ ਆਧੁਨਿਕ ਧਰਮ ਹੈ। ਇਹ ਧਰਮ ਦੁਨੀਆਂ ਤੋਂ ਨਿਵੇਕਲਾ, ਅਗਾਂਹਵਧੂ ਸੋਚ ਦਾ ਧਾਰਨੀ, ਰੂਹਾਨੀ ਕਦਰਾਂ-ਕੀਮਤਾਂ ਦਾ ਪ੍ਰਸਾਰ ਕਰਨ ਵਾਲਾ ਹੈ। ਸਿੱਖ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਮਨੁੱਖ ਨੂੰ ਸਦਾਚਾਰ, ਸੁੱਚਾ ਆਚਰਨ ਸਿਖਾਉਂਦੀਆਂ ਹਨ। ਸਿੱਖ ਧਰਮ ਸਾਰੇ ਬ੍ਰਹਿਮੰਡ ਦਾ ਭਲਾ ਚਾਹੁਣ ਵਾਲਾ ਧਰਮ ਹੈ, ਇਸੇ ਲਈ 'ਏਕੁ ਪਿਤਾ ਏਕਸ ਕੇ ਹਮ ਬਾਰਿਕ' ਦਾ ਸਬਕ ਮਨੁੱਖਤਾ ਨੂੰ ਪੜ੍ਹਾਉਂਦਾ ਤੇ ਦ੍ਰਿੜ੍ਹ ਕਰਾਉਂਦਾ ਹੈ। ਕਿਸੇ ਵੀ ਕੌਮ ਲਈ ਆਪਣਾ ਸੱਭਿਆਚਾਰਕ ਵਿਰਸਾ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ-ਸਰੋਤ ਅਤੇ ਸ਼ਕਤੀ ਦਾ ਸੋਮਾ ਹੁੰਦਾ ਹੈ। ਵਿਰਾਸਤ ਦੀਆਂ ਝਲਕੀਆਂ ਕੌਮ ਦੇ ਭਵਿੱਖ ਲਈ ਊਰਜਾ ਬਣਦੀਆਂ ਹਨ। ਸਿੱਖ ਕੌਮ ਦੀ ਵਿਰਾਸਤ ਇਸ ਦੀਆਂ ਉਹ ਰਹੁ-ਰੀਤਾਂ ਅਤੇ ਦਿਨ-ਤਿਉਹਾਰ ਹਨ, ਜਿਨ੍ਹਾਂ ਦੀ ਸ਼ੁਰੂਆਤ ਗੁਰੂ ਸਾਹਿਬਾਨ ਵੱਲੋਂ ਕੀਤੀ ਗਈ। ਗੁਰੂ ਸਾਹਿਬਾਨ ਨੇ ਪ੍ਰਚੱਲਤ ਲੋਕ ਤਿਉਹਾਰਾਂ ਨੂੰ ਆਪਣੀ ਤੀਖਣ ਸੋਚ ਸਦਕਾ ਖਾਲਸਈ ਰੰਗ ਵਿਚ ਤਬਦੀਲ ਕਰਕੇ ਦੁਨੀਆਂ ਦਾ ਧਿਆਨ ਖਿੱਚਿਆ ਅਤੇ ਇਹੀ ਖਾਲਸਈ ਤਿਉਹਾਰ ਸਿੱਖੀ ਦੀ ਗੌਰਵ ਗਾਥਾ ਦਾ ਪ੍ਰਤੀਕ ਹੋ ਨਿਬੜੇ।*

*ਲੋਕਾਈ ਨੂੰ ਇਨਕਲਾਬੀ ਸੁਨੇਹਾ ਦੇਣ ਲਈ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੀ ਦੇ ਪ੍ਰੰਪਰਾਗਤ ਤਿਉਹਾਰ ਦੀ ਥਾਂ ਹੋਲਾ ਮਹੱਲਾ ਮਨਾਉਣ ਦੀ ਰਵਾਇਤ ਕਾਇਮ ਕੀਤੀ। ਗੁਰੂ ਜੀ, ਮੁਰਦਾ ਹੋ ਚੁੱਕੀ ਭਾਰਤੀ ਖਲਕਤ ਨੂੰ ਸਮੇਂ ਦੇ ਜ਼ਾਬਰ ਹਾਕਮਾਂ ਖਿਲਾਫ ਸੰਘਰਸ਼ ਲਈ ਤਿਆਰ ਕਰਨਾ ਚਾਹੁੰਦੇ ਸਨ ਅਤੇ ਖ਼ਾਲਸੇ ਨੂੰ ਯੁੱਧ-ਵਿੱਦਿਆ ਵਿਚ ਪ੍ਰਬੀਨ ਬਣਾਉਣਾ ਚਾਹੁੰਦੇ ਸਨ। ਇਸ ਲਈ ਉਨ੍ਹਾਂ ਨੇ ਹੋਲੀ ਦੇ ਪਰੰਪਰਾਈ ਪੱਖ ਤੋਂ ਹਟ ਕੇ ਇਸ ਤਿਉਹਾਰ ਦਾ ਸਬੰਧ ਸੂਰਮਤਾਈ ਨਾਲ ਜੋੜਿਆ। ਵਿਦਵਾਨਾਂ ਅਨੁਸਾਰ 'ਮਹੱਲਾ' ਇਕ ਪ੍ਰਕਾਰ ਦੀ ਮਸਨੂਈ ਭਾਵ ਬਨਾਉਟੀ ਲੜਾਈ ਹੈ। ਇਸ ਵਿਚ ਪੈਦਲ ਅਤੇ ਘੋੜ-ਸਵਾਰ ਸ਼ਸਤਰਧਾਰੀ ਸਿੰਘ ਦੋ ਦਲ ਬਣਾ ਕੇ ਇਕ ਖਾਸ ਹਮਲੇ ਦੀ ਥਾਂ ਉਤੇ ਹਮਲਾ ਕਰਦੇ ਹਨ ਅਤੇ ਅਨੇਕ ਪ੍ਰਕਾਰ ਦੇ ਕਰਤੱਬ ਦਿਖਾਉਂਦੇ ਹਨ। ਕਲਗੀਧਰ ਪਾਤਸ਼ਾਹ ਜੀ ਆਪ ਇਸ ਮਸਨੂਈ ਲੜਾਈ ਨੂੰ ਵੇਖਦੇ ਅਤੇ ਦੋਹਾਂ ਦਲਾਂ ਨੂੰ ਲੋੜੀਂਦੀ ਸਿੱਖਿਆ ਪ੍ਰਦਾਨ ਕਰਦੇ। ਜਿਹੜਾ ਦਲ ਜੇਤੂ ਹੁੰਦਾ, ਉਸ ਨੂੰ ਦੀਵਾਨ ਵਿਚ ਸਿਰੋਪਾਓ ਬਖਸ਼ਿਸ਼ ਕਰਦੇ ਸਨ। ਇਸ ਮੌਕੇ ਦੀਵਾਨ ਸਜਦੇ, ਕਥਾ-ਕੀਰਤਨ ਹੁੰਦਾ, ਬੀਰ-ਰਸੀ ਵਾਰਾਂ ਗਾਈਆਂ ਜਾਂਦੀਆਂ ਅਤੇ ਅਨੇਕ ਤਰ੍ਹਾਂ ਦੀਆਂ ਫੌਜੀ ਕਵਾਇਦਾਂ ਹੁੰਦੀਆਂ। ਹਰ ਪਾਸੇ ਚੜ੍ਹਦੀ ਕਲਾ ਦਾ ਮਾਹੌਲ ਬਣਿਆ ਰਹਿੰਦਾ। ਹੋਲਾ ਮਹੱਲਾ ਦੇ ਰੂਪ ਵਿਚ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ 'ਤੇ ਮਨਾਏ ਜਾਂਦੇ ਇਸ ਜੰਗਜੂ ਤਿਉਹਾਰ 'ਤੇ ਸਿੰਘਾਂ ਦੀਆਂ ਆਪਸ ਵਿਚ ਲੜੀਆਂ ਜਾਂਦੀਆਂ ਅਭਿਆਸ ਰੂਪੀ ਮਸਨੂਈ ਲੜਾਈਆਂ ਨੇ ਲੋਕਾਂ ਦੇ ਮਨੋਬਲ ਨੂੰ ਉੱਚਾ ਕੀਤਾ। ਸਦੀਆਂ ਤੋਂ ਲਤਾੜੇ ਲੋਕ ਕਾਇਰਤਾ ਭਰੇ ਮਾਹੌਲ 'ਚੋਂ ਨਿਕਲ ਕੇ ਬੜੇ*

*ਜੋਸ਼ ਤੇ ਸਜ-ਧਜ ਨਾਲ ਇਸ ਤਿਉਹਾਰ ਵਿਚ ਸ਼ਾਮਿਲ ਹੋਣ ਲੱਗੇ।*

*ਨਰੋਏ ਤਨ ਵਿਚ ਨਰੋਏ ਮਨ ਦਾ ਨਿਵਾਸ ਹੁੰਦਾ ਹੈ। ਇਨ੍ਹਾਂ ਦੋਵਾਂ ਦੇ ਸਮੇਲ ਤੋਂ ਨਰੋਈ ਅਧਿਆਤਮਕਤਾ ਦੀਆਂ ਸੰਭਾਵਨਾਵਾਂ ਉਤਪੰਨ ਹੁੰਦੀਆਂ ਹਨ। ਇਸੇ ਲਈ ਗੁਰੂ ਸਾਹਿਬਾਨ ਨੇ ਸਿੱਖਾਂ ਵਿਚ ਅਧਿਆਤਮਕ ਉੱਨਤੀ ਦੇ ਨਾਲ-ਨਾਲ ਸਰੀਰ ਦੀ ਬਲਵਾਨਤਾ ਉੱਪਰ ਵੀ ਜੋਰ ਦਿੱਤਾ ਹੈ। ਸ੍ਰੀ ਗੁਰੂ ਅੰਗਦ ਦੇਵ ਜੀ ਨੇ ਸਿੱਖਾਂ ਨੂੰ ਸਰੀਰਕ ਤੌਰ ਤੇ ਬਲਵਾਨ ਕਰਨ ਲਈ ਮੱਲ ਅਖਾੜਿਆਂ ਦੀ ਪ੍ਰੰਪਰਾ ਸ਼ੁਰੂ ਕੀਤੀ। ਸ੍ਰੀ ਗੁਰੂ ਅਰਜਨ ਦੇਵ ਜੀ ਦੀ ਘੋੜ ਸਵਾਰੀ ਵਿਚ ਨਿਪੁੰਨ ਹੋਣ ਬਾਰੇ ਜੰਡ ਪੁੱਟਣ ਵਾਲੀ ਸਾਖੀ ਤੋਂ ਸਹਿਜੇ ਹੀ ਉਨ੍ਹਾਂ ਅੰਦਰਲੀ ਸੂਰਬੀਰਤਾ ਦਾ ਅਹਿਸਾਸ ਹੁੰਦਾ ਹੈ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖਾਂ ਨੂੰ ਘੋੜ ਸਵਾਰੀ, ਤੀਰ ਅੰਦਾਜ਼ੀ, ਨੇਜ਼ਾਬਾਜੀ ਅਤੇ ਤਲਵਾਰਬਾਜੀ ਦੀ ਸਿੱਖਿਆ ਦੇ ਕੇ ਸੂਰਮਗਤੀ ਵਾਲੇ ਗੁਣਾ ਨੂੰ ਉਭਾਰਿਆ। ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਇਸੇ ਪ੍ਰੰਪਰਾ ਨੂੰ ਅਗਾਂਹ ਤੋਰਦਿਆਂ ਸਿੱਖਾਂ ਵਿਚ ਨਵਾਂ ਜੋਸ਼ ਅਤੇ ਸੂਰਬੀਰਤਾ ਪੈਦਾ ਕਰਨ ਲਈ ਸ਼ਸਤਰ ਵਿਦਿਆ, ਘੋੜ ਸਵਾਰੀ ਅਤੇ ਜੰਗੀ ਕਰਤੱਬਾ ਨੂੰ ਕਰਵਾਉਣਾ ਸ਼ੁਰੂ ਕੀਤਾ ਸੀ। ਆਪ ਹਰ ਸਾਲ ਹੋਲੇ ਮਹੱਲੇ 'ਤੇ ਇਨ੍ਹਾਂ ਕਰੱਤਵਾ ਦੀ ਰਹਿਨੁਮਾਈ ਕਰਦਿਆਂ, ਖ਼ਾਲਸੇ ਦੀ ਹੌਂਸਲਾ ਅਫਜਾਈ ਕਰਦੇ ਸਨ, ਇਹ ਪਰੰਪਰਾ ਅੱਜ ਵੀ ਬਾਦਸਤੂਰ ਜਾਰੀ ਹੈ। ਅਜਿਹੀ ਭਾਵਨਾ ਸਦਕਾ ਹੀ ਇਕੱਲਾ-ਇਕੱਲਾ ਸਿੱਖ ਸਵਾ-ਸਵਾ ਲੱਖ ਨਾਲ ਟੱਕਰ ਲੈਣ ਦੇ ਸਮਰੱਥ ਹੋ ਸਕਿਆ। ਇਸ ਪ੍ਰਕਾਰ ਇਨ੍ਹਾਂ ਬੀਰ ਰਸੀ ਖੇਡਾਂ ਨੇ ਪੰਜਾਬ ਦੀ ਜਵਾਨੀ ਅਤੇ ਇਤਿਹਾਸ ਨੂੰ ਨਵਾਂ ਮੋੜ ਦੇ ਦਿੱਤਾ ਸੀ। ਪਰ ਅੱਜ ਦਾ ਨੌਜਵਾਨ ਇਸ ਮਾਣਮੱਤੇ ਸ਼ਾਨਦਾਰ ਵਿਰਸੇ ਅਤੇ ਬੀਰ ਰਸੀ ਪਰੰਪਰਾਵਾਂ ਨੂੰ ਭੁੱਲ ਕੇ ਨਸ਼ਿਆਂ ਦੀ ਦਲਦਲ ਅੰਦਰ ਧਸਦਾ ਜਾ ਰਿਹਾ ਹੈ। ਇਸ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਨਸ਼ਾ-ਮੁਕਤ ਪੰਜਾਬ ਦਾ ਸੰਕਲਪ ਲੈ ਕੇ ਸਿੱਖ ਨੌਜਵਾਨਾਂ ਵਿਚ ਖੇਡਾਂ ਅਤੇ ਗੁਰਬਾਣੀ ਨਾਲ ਜੋੜ ਕੇ ਸਾਬਤ ਸੂਰਤ ਸਿੱਖ ਵਜੋਂ ਉਤਸ਼ਾਹਿਤ ਕਰਨ ਦਾ ਕਾਰਜ ਆਰੰਭਿਆ ਹੈ। ਨੌਜਵਾਨਾਂ ਵਿਚ ਜਿੰਨਾ ਜਿਆਦਾ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਕੀਤਾ ਜਾਵੇਗਾ, ਉਨ੍ਹਾਂ ਹੀ ਉਹ ਆਪਣੀ ਸਿਹਤ ਪ੍ਰਤੀ ਜਾਗਰੂਕ ਹੋ ਕੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕਰਨ ਦੇ ਸਮਰੱਥ ਹੋਣਗੇ।*

*ਅਜੋਕੇ ਸਮੇਂ ਅੰਦਰ ਇਹ ਬੇਹੱਦ ਜ਼ਰੂਰੀ ਹੈ ਕਿ ਅਸੀਂ ਗੁਰੂ ਸਾਹਿਬ ਵੱਲੋਂ ਅਰੰਭ ਕੀਤੇ ਹੋਲੇ ਮਹੱਲੇ ਦੀ ਮੂਲ ਭਾਵਨਾ ਨਾਲ ਜੁੜੀਏ। ਅੱਜ ਲੋੜ ਹੈ ਸਿੱਖ ਨੌਜਵਾਨੀ ਨੂੰ ਇਸ ਤਿਉਹਾਰ ਦੀ ਮੂਲ ਭਾਵਨਾ ਤੋਂ ਜਾਣੂ ਕਰਵਾਉਣ ਦੀ। ਸਾਡੇ ਲਈ ਚਿੰਤਾ ਦੀ ਗੱਲ ਇਹ ਹੈ ਕਿ ਅੱਜ ਅਸੀਂ ਆਪਣੇ ਅਮੀਰ ਸਿੱਖ ਸਭਿਆਚਾਰ ਤੋਂ ਕਿਨਾਰਾ ਕਰਦੇ ਜਾ ਰਹੇ ਹਾਂ। ਹੋਲਾ ਮਹੱਲਾ ਦੇ ਇਸ ਪੁਰਬ 'ਤੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਵੱਡੀ ਗਿਣਤੀ ਵਿਚ ਪੁੱਜਣ ਵਾਲੇ ਨੌਜਵਾਨਾਂ ਦਾ ਕੇਸਾਂ ਰਹਿਤ ਹੋਣਾ ਗੁਰੂ ਵੱਲੋਂ ਬਖਸ਼ੇ ਸਿਧਾਂਤਾਂ ਤੋਂ ਟੁੱਟਣ ਦਾ ਪ੍ਰਮਾਣ ਹੈ। ਚਿੰਤਾ ਦੀ ਗੱਲ ਇਹ ਹੈ ਕਿ ਅੱਜ ਅਸੀਂ ਆਪਣੇ ਸਿੱਖ ਸਭਿਆਚਾਰ ਤੋਂ ਦੂਰ ਹੁੰਦੇ ਜਾ ਰਹੇ ਹਾਂ। ਲੋੜ ਇਸ ਗੱਲ ਦੀ ਹੈ ਕਿ ਅਸੀਂ ਪੰਜ ਕਕਾਰੀ ਰਹਿਤ ਦੇ ਧਾਰਨੀ ਹੋਈਏ। ਗੁਰੂ ਸਾਹਿਬਾਨ ਵੱਲੋਂ ਆਰੰਭ ਕੀਤੀਆਂ ਗਈਆਂ ਰਵਾਇਤਾਂ ਦੀ ਪਹਿਰੇਦਾਰੀ ਕਰਦਿਆਂ ਗੁਰੂ ਉਪਦੇਸ਼ਾਂ ਦੇ ਧਾਰਨੀ ਹੋ ਕੇ ਹੀ ਅਸੀਂ ਗੁਰੂ ਦੀਆਂ ਖੁਸ਼ੀਆਂ ਦੇ ਭਾਗੀ ਬਣ ਸਕਾਂਗੇ।*

**-ਦਿਲਜੀਤ ਸਿੰਘ 'ਬੇਦੀ'**

# ਖ਼ਾਲਸਈ ਸ਼ਾਨ ਦੇ ਪ੍ਰਤੱਖ ਦਰਸ਼ਨ
# ਹੋਲਾ ਮਹੱਲਾ

*-ਪ੍ਰੋ. ਕਿਰਪਾਲ ਸਿੰਘ ਬਡੂੰਗਰ**

ਸਰਬੰਸਦਾਨੀ, ਸਾਹਿਬ-ਏ-ਕਮਾਲ, ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਿੱਖ ਕੌਮ ਨੂੰ ਹੋਲੀ ਦੇ ਪਰੰਪਰਾਗਤ ਭਾਰਤੀ ਤਿਉਹਾਰ ਦੀ ਥਾਂ ਖ਼ਾਲਸਈ ਜਾਹੋ-ਜਲਾਲ ਅਤੇ ਚੜ੍ਹਦੀ ਕਲਾ ਦੇ ਪ੍ਰਤੀਕ 'ਹੋਲਾ ਮਹੱਲਾ' ਨਾਲ ਜੋੜਿਆ। 'ਹੋਲਾ ਮਹੱਲਾ' ਹੋਲੀ ਤੋਂ ਅਗਲੇ ਦਿਨ ਚੇਤ ਵਦੀ ੧ ਨੂੰ ਬੜੇ ਜੋਸ਼ ਨਾਲ ਮਨਾਇਆ ਜਾਂਦਾ ਹੈ। ਹੋਲਾ ਮਹੱਲਾ ਮਨਾਉਣ ਦਾ ਮੰਤਵ ਗੁਰਸਿੱਖਾਂ ਅੰਦਰ 'ਫ਼ਤਿਹ' ਦੇ ਅਨੁਭਵ ਨੂੰ ਹੋਰ ਦ੍ਰਿੜ੍ਹ ਕਰਨਾ ਸੀ। ਹੋਲਾ ਮਹੱਲਾ ਦਾ ਆਰੰਭ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਕੀਤਾ। 'ਹੋਲੀ' ਤੇ 'ਹੋਲਾ ਮਹੱਲਾ' ਦੋਨਾਂ ਤਿਉਹਾਰਾਂ ਦੀ ਵਿਚਾਰਧਾਰਾ ਵਿਚ ਕਾਫ਼ੀ ਫ਼ਰਕ ਹੈ। ਗੁਰੂ ਸਾਹਿਬ ਨੇ ਸੰਗਤਾਂ ਨੂੰ ਜਿੱਥੇ ਹੋਲੀ ਨੂੰ ਇਸ ਦੇ ਪ੍ਰਚੱਲਿਤ ਢੰਗ ਨਾਲ ਖੇਡਣ ਤੋਂ ਪੂਰੀ ਤਰ੍ਹਾਂ ਮਨ੍ਹਾ ਕੀਤਾ ਹੈ ਉਥੇ ਹੋਲੇ ਮਹੱਲੇ ਦਾ ਸਿਧਾਂਤ ਪੇਸ਼ ਕਰਦੇ ਹੋਏ ਇਸ ਨੂੰ ਵਿਲੱਖਣ ਤੇ ਸਾਰਥਿਕ ਅਰਥ ਦਿੱਤੇ ਹਨ। ਅਸਲ ਵਿਚ ਹਿੰਦੁਸਤਾਨੀ ਲੋਕਾਂ ਵਿਚ ਜਬਰ-ਜ਼ੁਲਮ ਦੇ ਖ਼ਿਲਾਫ਼ ਲੜਨ-ਮਰਨ ਦਾ ਜਜ਼ਬਾ ਪੈਦਾ ਕਰਨ ਲਈ ਗੁਰੂ ਜੀ ਵੱਲੋਂ ਚੁੱਕਿਆ ਗਿਆ ਇਹ ਇਤਿਹਾਸਕ ਕਦਮ ਸੀ। ਇਹ ਉਹ ਖ਼ਾਲਸਈ ਤਿਉਹਾਰ ਹੈ ਜੋ ਸਿੱਖਾਂ ਨੂੰ ਜੰਗੀ ਕਰਤਵ ਸਿਖਾਉਣ ਅਤੇ ਹਿੰਮਤ, ਅਣਖ, ਦਲੇਰੀ, ਤਿਆਗ, ਕੁਰਬਾਨੀ, ਦ੍ਰਿੜ੍ਹ ਨਿਸ਼ਚਾ, ਚੜ੍ਹਦੀ-ਕਲਾ, ਸਵੈ-ਵਿਸ਼ਵਾਸ, ਸਵੈ-ਰੱਖਿਆ, ਸਵੈ-ਮਾਣ, ਮਨੁੱਖੀ ਅਜ਼ਾਦੀ ਤੇ ਖ਼ਾਲਸਈ ਜਜ਼ਬੇ ਨਾਲ ਭਰਪੂਰ ਕਰਨ ਲਈ ਕਾਰਗਰ ਸਾਬਤ ਹੋਇਆ।

ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਯੁੱਧ ਵਿਦਿਆ ਦੇ ਅਭਿਆਸ ਨੂੰ ਨਿੱਤ ਨਵਾਂ ਰੱਖਣ ਵਾਸਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਲਾਈ ਰੀਤੀ ਅਨੁਸਾਰ ਚੇਤ ਵਦੀ ੧ ਨੂੰ ਸਿੱਖਾਂ ਵਿਚ ਹੋਲਾ ਮਹੱਲਾ ਹੁੰਦਾ ਹੈ ਜਿਸ ਦਾ ਹੋਲੀ ਦੀ ਰਸਮ ਨਾਲ ਕੋਈ ਸਬੰਧ ਨਹੀਂ। ਮਹੱਲਾ ਇਕ ਪ੍ਰਕਾਰ ਦੀ ਮਨਸੂਈ ਲੜਾਈ ਹੈ। ਪੈਦਲ, ਘੋੜਸਵਾਰ ਤੇ ਸ਼ਸਤਰਧਾਰੀ ਸਿੰਘ ਦੋ ਪਾਸਿਆਂ ਤੋਂ ਇਕ ਖਾਸ ਹਮਲੇ ਦੀ ਥਾਂ ਹਮਲਾ ਕਰਦੇ ਹਨ। ਕਲਗੀਧਰ ਆਪ ਇਸ ਬਣਾਉਟੀ ਲੜਾਈ ਨੂੰ ਵੇਖਦੇ ਤੇ ਦੋਨਾਂ ਜੱਥਿਆਂ ਨੂੰ ਲੋੜੀਂਦੀ ਸਿੱਖਿਆ ਪ੍ਰਦਾਨ ਕਰਦੇ। ਜਿਹੜਾ ਜਥਾ ਜੇਤੂ ਹੁੰਦਾ ਉਸ ਨੂੰ ਸਿਰੋਪਾ ਬਖ਼ਸ਼ਿਸ਼ ਕਰਦੇ। ਭਾਈ ਵੀਰ ਸਿੰਘ ਅਨੁਸਾਰ ਮਹੱਲਾ ਸ਼ਬਦ ਤੋਂ ਭਾਵ 'ਮਯ ਹੱਲਾ' ਭਾਵ ਬਣਾਉਟੀ ਹਮਲਾ ਹੈ।

ਇਸ ਤਰ੍ਹਾਂ ਸਪੱਸ਼ਟ ਹੈ ਕਿ ਹੋਲਾ ਮਹੱਲਾ ਦੀ ਰੀਤੀ ਦਾ ਵਿਸ਼ੇਸ਼ ਉਦੇਸ਼ ਸਿੱਖਾਂ ਵਿਚ ਸ਼ਸਤਰਾਂ ਲਈ ਪਿਆਰ ਅਤੇ ਭਗਤੀ ਦੀ ਰੱਖਿਆ ਲਈ ਸ਼ਕਤੀ ਦਾ ਸੰਚਾਰ ਕਰਨਾ ਸੀ। ਇਸ ਨਾਲ ਸ਼ਸਤਰ ਸਿੱਖੀ ਦਾ ਅਟੁੱਟ ਅੰਗ ਬਣ ਗਿਆ, ਧਰਮ ਦਾ ਚਿੰਨ੍ਹ ਅਤੇ ਰਾਜ ਦਾ ਰਾਖਾ:-

**ਸ਼ਸਤ੍ਰਨਿ ਕੇ ਅਧੀਨ ਹੈ ਰਾਜ। ਜੋ ਨ ਧਰਹਿ ਤਿਸ ਬਿਗਰਹਿ ਕਾਜ॥੬॥**
**ਯਾਂ ਤੇ ਸਰਬ ਖਾਲਸਾ ਸੁਨੀਅਹਿ। ਆਯੁਧ ਧਰਿਬੇ ਉੱਤਮ ਗੁਣੀਅਹਿ।**
**ਜਬਿ ਹਮਰੇ ਦਰਸ਼ਨ ਕੋ ਆਵਹੁ। ਬਨਿ ਸੁਚੇਤ ਤਨ ਸ਼ਸਤ੍ਰ ਸਜਾਵਹੁ॥੭॥**
**ਕਮਰਕਸਾ ਕਰਿ ਦੇਹੁ ਦਿਖਾਈ। ਹਮਰੀ ਖੁਸ਼ੀ ਹੋਇ ਅਧਿਕਾਈ।**

*(ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ)*

---

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਪਰ ਅਸੀਂ ਸਾਲ ਪਿੱਛੋਂ ਇਹ ਰਸਮ ਨਾਂ-ਮਾਤਰ ਕਰ ਛੱਡਦੇ ਹਾਂ, ਲਾਭ ਕੁਝ ਨਹੀਂ ਉਠਾਉਂਦੇ ਜਦਕਿ ਸ਼ਸਤਰ ਵਿਦਿਆ ਤੋਂ ਅਨਜਾਣ ਸਿੱਖ, ਖਾਲਸਾ ਧਰਮ ਦੇ ਨਿਯਮਾਂ ਅਨੁਸਾਰ ਅਧੂਰਾ ਸਿੱਖ ਹੈ।

ਅਫ਼ਸੋਸ ਹੈ ਕਿ ਹੁਣ ਸਿੱਖਾਂ ਨੇ ਸ਼ਸਤਰ ਵਿਦਿਆ ਨੂੰ ਆਪਣੀ ਕੌਮੀ ਵਿਦਿਆ ਨਹੀਂ ਸਮਝਿਆ, ਸਿਰਫ਼ ਫ਼ੌਜੀਆਂ ਦਾ ਕਰਤਵ ਮੰਨ ਲਿਆ ਹੈ, ਜਦਕਿ ਦਸਮੇਸ਼ ਜੀ ਦਾ ਉਪਦੇਸ਼ ਹੈ ਕਿ ਹਰ ਇੱਕ ਸਿੱਖ ਪੂਰਾ ਸਿਪਾਹੀ ਹੋਵੇ ਤੇ ਸ਼ਸਤਰ ਵਿਦਿਆ ਦਾ ਅਭਿਆਸ ਕਰੇ। 'ਹੋਲੇ ਮਹੱਲੇ' ਦਾ ਸ਼ਸਤਰ ਵਿਦਿਆ ਤੇ ਖਾਲਸੇ ਦੀ ਚੜ੍ਹਦੀ ਕਲਾ ਨਾਲ ਕਿੰਨਾ ਗੂੜ੍ਹਾ ਸਬੰਧ ਹੈ, ਇਹ ਗੱਲ ਕਵੀ ਨਿਹਾਲ ਸਿੰਘ ਜੀ ਦੀ ਰਚਨਾ ਤੋਂ ਸਪੱਸ਼ਟ ਹੋ ਜਾਂਦੀ ਹੈ:

**ਬਰਛਾ, ਢਾਲ, ਕਟਾਰਾ, ਤੇਗਾ, ਕੜਛਾ, ਦੇਗਾ ਗੋਲਾ ਹੈ।**
**ਛਕਾ ਪ੍ਰਸਾਦ, ਸਜਾ ਦਸਤਾਰਾ, ਅਰੁ ਕਰਦੌਨਾ ਟੋਲਾ ਹੈ।**
**ਸੁਭਟ, ਸੁਚਾਲਾ, ਅਰ ਲਖ ਬਾਹਾ, ਕਲਗਾ ਸਿੰਘ ਸੁਚੋਲਾ ਹੈ।**
**ਅਪਰ ਮੁਛਹਿਰਾ ਦਾੜਾ ਜੈਸੇ, ਤੈਸੇ ਬੋਲਾ 'ਹੋਲਾ' ਹੈ।**

ਹੋਲੇ ਮਹੱਲੇ ਦਾ ਮਹੱਤਵ ਹੋਰ ਵੀ ਸਪੱਸ਼ਟ ਹੋ ਜਾਂਦਾ ਹੈ ਜਦੋਂ ਅਸੀਂ ਸਿੱਖੀ ਦੇ ਮੂਲ ਸਿਧਾਂਤ 'ਦੇਗ਼ ਤੇਗ਼ ਫ਼ਤਿਹ' ਵਾਲੇ ਸ਼ਬਦ ਬਾਰੇ ਸੋਚਦੇ ਹਾਂ। ਗੁਰੂ-ਘਰ ਦੀਆਂ ਸੰਗਤਾਂ ਨੇ ਜਿਥੇ ਕੜਾਹ ਪ੍ਰਸ਼ਾਦਿ, ਗੁਰੂ ਕਾ ਲੰਗਰ ਆਦਿ ਨੂੰ ਦੇਗ ਜਾਂ ਦੇਗਾ ਕਿਹਾ ਹੈ ਉਥੇ ਇਹ ਵੀ ਨਿਯਮ ਹੈ ਕਿ ਬਿਨਾਂ ਕ੍ਰਿਪਾਨ ਭੇਟ ਦੇ ਕੜਾਹ ਪ੍ਰਸ਼ਾਦਿ ਦੀ ਦੇਗ ਨਹੀਂ ਵਰਤਾਉਣੀ ਤੇ ਨਾ ਹੀ ਛਕਣੀ ਹੈ। ਗੁਰੂ ਘਰ ਵਿਚ ਦੇਗ਼ ਤੇਗ ਫ਼ਤਿਹ ਦੇ ਅਧਾਰ 'ਤੇ ਕ੍ਰਿਪਾਨ ਭੇਟ ਦਾ ਨਿਯਮ ਹੈ ਤਾਂ ਜੋ ਗੁਰਸਿੱਖ ਸ਼ਸਤਰਾਂ ਨੂੰ ਭੁੱਲ ਕੇ ਦੇਗਾਂ ਵਾਸਤੇ ਹੀ ਨਾ ਰਹਿ ਜਾਵੇ।

ਦਸਮੇਸ਼ ਪਿਤਾ ਨੇ ਇਸ ਤਿਉਹਾਰ ਨੂੰ ਮਨਾਉਣ ਲਈ ਨਵੀਂ ਤੇ ਨਰੋਈ ਸੇਧ ਦਿੱਤੀ। ਭਾਰਤੀ ਲੋਕ ਮਨੁੱਖੀ ਜਾਮੇ ਵਿਚ ਪਸ਼ੂਆਂ ਨਾਲੋਂ ਵੀ ਭੈੜਾ ਜੀਵਨ ਬਤੀਤ ਕਰ ਰਹੇ ਸਨ। ਇਸ ਨਿੱਘਰ ਚੁੱਕੇ ਸਮਾਜ ਦੇ ਦੱਬੇ ਕੁਚਲੇ ਤੇ ਲਿਤਾੜੇ ਜਾ ਰਹੇ ਮਨੁੱਖਾਂ ਨੂੰ ਆਪਣੀ ਹੋਂਦ ਦਾ ਅਹਿਸਾਸ ਕਰਾਉਣ ਲਈ ਅਤੇ ਅਜ਼ਾਦੀ ਪ੍ਰਾਪਤ ਕਰਨ ਦੀ ਲਗਨ ਪੈਦਾ ਕਰਨ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਕ ਨਵਾਂ ਜੀਵਨ ਬਖ਼ਸ਼ਿਆ ਤੇ ਮੁਰਦਾ ਹੋ ਚੁੱਕੇ ਭਾਰਤੀ ਸਮਾਜ ਦੇ ਰੀਤੀ ਰਿਵਾਜਾਂ ਵਿਚ ਇਨਕਲਾਬੀ ਤਬਦੀਲੀਆਂ ਕਰ ਦਿੱਤੀਆਂ। ਨਿਰਜਿੰਦ ਲੋਕਾਂ ਨੂੰ ਨਵਾਂ ਜੀਵਨ ਦੇ ਦਿੱਤਾ ਤੇ ਨਿਰਜਿੰਦ ਤਿਉਹਾਰਾਂ ਨੂੰ ਵੀ ਨਵਾਂ ਤੇ ਉਸਾਰੂ ਰੂਪ ਦਿੱਤਾ। ਇਸ ਸਮੇਂ ਵਿਚ ਗੁਰੂ ਜੀ ਨੇ ਹੋਲੀ ਦੇ ਤਿਉਹਾਰ ਨੂੰ ਹੋਲੇ ਮਹੱਲੇ ਦੇ ਰੂਪ ਵਿਚ ਮਨਾਉਣ ਦੇ ਆਦੇਸ਼ ਜਾਰੀ ਕਰ ਦਿੱਤੇ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਦ ਇਸ ਤਰ੍ਹਾਂ 'ਹੋਲਾ ਮਹੱਲਾ' ਆਰੰਭ ਕੀਤਾ ਤਾਂ ਲੋਕ ਬੜੇ ਜੋਸ਼ ਤੇ ਸਜ-ਧਜ ਨਾਲ ਸ਼ਾਮਲ ਹੋਏ। ਲੋਕ ਧੜਾਧੜ ਕਾਇਰਤਾ ਦਾ ਜਾਮਾ ਉਤਾਰ ਕੇ ਖਾਲਸਾ ਫ਼ੌਜ ਵਿਚ ਭਰਤੀ ਹੋਣ ਲੱਗੇ ਤੇ ਹੋਲਾ ਮਹੱਲਾ ਚੜ੍ਹਦੀ ਕਲਾ ਦੇ ਰੂਪ ਵਿਚ ਨਿਵੇਕਲਾ ਸਥਾਨ ਗ੍ਰਹਿਣ ਕਰ ਗਿਆ। ਹੋਲਾ ਮਹੱਲਾ ਸਾਨੂੰ ਪ੍ਰੇਰਨਾ ਦਿੰਦਾ ਹੈ ਕਿ ਹੱਕ ਮੰਗਿਆਂ ਪ੍ਰਾਪਤ ਨਹੀਂ ਹੁੰਦਾ ਸਗੋਂ ਸ਼ਕਤੀ ਤੇ ਜ਼ੋਰ ਨਾਲ ਹੀ ਪ੍ਰਾਪਤ ਕੀਤੇ ਜਾ ਸਕਦੇ ਹਨ। ਨਿਰਸੰਦੇਹ ਇਸ ਇਨਕਲਾਬੀ ਪਿਰਤ ਰਾਹੀਂ ਖ਼ਾਲਸੇ ਨੇ ਸ਼ਸਤਰ-ਵਿਦਿਆ ਅਤੇ ਯੁੱਧ ਕਲਾ ਵਿਚ ਪ੍ਰਬੀਨ ਹੋ ਕੇ ਇਤਿਹਾਸ ਦਾ ਰੁਖ਼ ਮੋੜ ਦਿੱਤਾ। ਪੰਜਾਬ ਵਿਚ ਸਦੀਆਂ ਤੋਂ ਗ਼ੁਲਾਮ ਅਤੇ ਰਾਜਸੀ ਸੱਤਾ ਤੋਂ ਬੇਦਖ਼ਲ ਹੋ ਚੁੱਕੇ ਲੋਕਾਂ ਦੀ ਪਾਤਸ਼ਾਹੀ ਕਾਇਮ ਹੋ ਗਈ।

ਦਸਮੇਸ਼ ਪਿਤਾ ਜੀ ਵੱਲੋਂ ਚਲਾਈ ਗਈ ਇਹ ਮਹਾਨ ਪ੍ਰੰਪਰਾ ਅੱਜ ਵੀ ਕਾਇਮ ਹੈ। ਹਰ ਸਾਲ ਇਹ ਪਵਿੱਤਰ ਤਿਉਹਾਰ ਸਿੱਖ ਸੰਗਤਾਂ ਲੱਖਾਂ ਦੀ ਗਿਣਤੀ ਵਿਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੁੱਜ ਕੇ ਬੜੇ ਉਤਸ਼ਾਹ ਤੇ ਜੋਸ਼

ਨਾਲ ਮਨਾਉਂਦੀਆਂ ਹਨ। ਇਥੇ ਘੋੜ ਸਵਾਰ ਤੇ ਗੁਰੂ ਕੀਆਂ ਲਾਡਲੀਆਂ ਨਿਹੰਗ ਸਿੰਘ ਫ਼ੌਜਾਂ ਦੇ ਕਰਤੱਬ ਦੇਖਣ ਯੋਗ ਹੁੰਦੇ ਹਨ। ਇਸ ਦੀ ਅਲੌਕਿਕ ਮਹਿਮਾ ਦਾ ਕੇਵਲ ਕਥਨ ਕਰਨ ਨਾਲ ਹੀ ਨਹੀਂ ਸਗੋਂ ਅੱਖੀਂ ਦੇਖਣ ਨਾਲ ਪਤਾ ਲੱਗਦਾ ਹੈ। ਅੱਜ ਸਿੱਖਾਂ ਨੂੰ ਆਪਣੀ ਹੋਂਦ ਕਾਇਮ ਰੱਖਣ ਲਈ ਇਸ ਕੌਮੀ ਤਿਉਹਾਰ ਮੌਕੇ ਗੁਰੂ ਸਾਹਿਬ ਵੱਲੋਂ ਪਾਏ ਪੂਰਨਿਆਂ 'ਤੇ ਚੱਲਦਿਆਂ ਸਿੱਖ ਪਰੰਪਰਾਵਾਂ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਲਈ ਵਚਨਬੱਧ ਹੋਣਾ ਚਾਹੀਦਾ ਹੈ। ਅਸੀਂ ਜਾਣਦੇ ਹਾਂ ਕਿ ਹੋਲਾ ਮਹੱਲਾ ਦੀ ਆਰੰਭਤਾ ਸਮੇਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਮਨੋਰਥ ਜਿਥੇ ਲੋਕਾਈ ਦਾ ਮਨੋਬਲ ਉੱਚਾ ਚੁੱਕਣਾ ਸੀ, ਉਥੇ ਵਰਤਾਰੇ ਵਿਰੁੱਧ ਨਵੀਂ ਚੇਤਨਤਾ ਪੈਦਾ ਕਰਨਾ ਵੀ ਸੀ। ਅੱਜ ਦੇ ਹਾਲਾਤ ਵੱਲ ਝਾਤ ਮਾਰੀਏ ਤਾਂ ਸਥਿਤੀ ਸੰਤੁਸ਼ਟੀਜਨਕ ਨਹੀਂ ਹੈ। ਅੱਜ ਸਮਾਜ ਅੰਦਰ ਕਈ ਨਵੀਂ ਤਰ੍ਹਾਂ ਦੀਆਂ ਚੁਣੌਤੀਆਂ ਮੂੰਹ ਅੱਡੀ ਖੜ੍ਹੀਆਂ ਹਨ। ਨੌਜਵਾਨੀ ਦਿਸ਼ਾਹੀਣ ਹੋ ਕੇ ਭਟਕ ਰਹੀ ਹੈ। ਨਸ਼ੇ ਸਮਾਜ ਨੂੰ ਨਿਗਲ ਰਹੇ ਹਨ। ਵਾਤਾਵਰਣ ਦੀ ਸਥਿਤੀ ਵੀ ਨਿਘਾਰ ਵਾਲੇ ਪਾਸੇ ਨੂੰ ਹੈ। ਭਰੂਣ ਹੱਤਿਆ ਦਾ ਚਲਨ ਸਮਾਜ ਨੂੰ ਸਵਾਲਾਂ ਦੇ ਰੂਬਰੂ ਕਰ ਰਿਹਾ ਹੈ। ਨਿਤ ਨਵੀਆਂ ਬੀਮਾਰੀਆਂ ਸਮਾਜ ਨੂੰ ਘੁਣ ਵਾਂਗ ਖਾ ਰਹੀਆਂ ਹਨ। ਮੁਨਾਫਾਖੋਰੀ ਦੀ ਪ੍ਰਵਿਰਤੀ ਨੇ ਮਨੁੱਖ ਨੂੰ ਲਾਲਚੀ ਅਤੇ ਨਿਜਵਾਦੀ ਬਣਾ ਦਿੱਤਾ ਹੈ। ਅਜਿਹੀਆਂ ਸਮੱਸਿਆਵਾਂ ਸਾਡੀ ਆਪ ਮੁਹਾਰੀ ਜੀਵਨ ਸ਼ੈਲੀ ਕਾਰਨ ਪੈਦਾ ਹੋਈਆਂ ਹਨ। ਇਨ੍ਹਾਂ ਦਾ ਹੱਲ ਕੇਵਲ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਜੀਵਨ-ਜਾਚ ਅਤੇ ਪਰੰਪਰਾ 'ਤੇ ਪਹਿਰਾ ਦੇਣ ਨਾਲ ਹੀ ਹੋ ਸਕਦਾ ਹੈ। ਜੇਕਰ ਕੌਮ ਗੁਰੂ ਸਾਹਿਬਾਨ ਦੇ ਪਾਏ ਪੂਰਨਿਆਂ 'ਤੇ ਚੱਲੇਗੀ ਤਾਂ ਸਤਿਗੁਰੂ ਜੀ ਕੌਮ ਨੂੰ ਆਪਣਾ ਤੇਜ ਪ੍ਰਦਾਨ ਕਰਦੇ ਰਹਿਣਗੇ ਤੇ ਜੇਕਰ ਬਿਪਰਨ ਕੀ ਰੀਤ ਅਖ਼ਤਿਆਰ ਕਰ ਲਈ ਤਾਂ ਸਚਮੁੱਚ ਗੁਰੂ ਜੀ ਸਾਡੀ ਪ੍ਰਤੀਤ ਨਹੀਂ ਕਰਨਗੇ।

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕ ਵੀਰਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ। **-ਸੰਪਾਦਕ**

# ਹੋਲੇ ਮਹੱਲੇ ਦਾ ਇਤਿਹਾਸਿਕ ਮਹੱਤਵ

*-ਡਾ. ਜਸਪਾਲ ਸਿੰਘ**

ਹੋਲੀ ਦੇ ਪਰੰਪਰਕ ਤਿਉਹਾਰ ਦੇ ਮੁਕਾਬਲੇ 'ਹੋਲਾ ਮਹੱਲਾ' ਮਨਾਉਣ ਦੀ ਰਵਾਇਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਾਇਮ ਕੀਤੀ ਸੀ। ਮਕਸਦ ਸੀ, ਹਿੰਦੁਸਤਾਨੀ ਜਨਤਾ ਨੂੰ ਨਵਾਂ ਇਨਕਲਾਬੀ ਸੁਨੇਹਾ ਦੇਣਾ। ਲੋਕਾਂ ਵਿਚ ਬੀਰ ਰਸ ਭਰਨਾ, ਉਨ੍ਹਾਂ ਨੂੰ ਯੁੱਧ ਕਲਾ ਵਿਚ ਪ੍ਰਬੀਨ ਕਰਨਾ ਅਤੇ ਅਜ਼ਾਦੀ ਦੇ ਸੰਘਰਸ਼ ਦੇ ਰਾਹ 'ਤੇ ਤੋਰਨਾ। ਭਾਈ ਕਾਨ੍ਹ ਸਿੰਘ ਨਾਭਾ ਦੇ ਮਹਾਨ ਕੋਸ਼ ਮੁਤਾਬਕ, "ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਖਾਲਸੇ ਨੂੰ ਸ਼ਸਤ੍ਰ ਅਤੇ ਯੁੱਧ ਵਿੱਦਿਆ ਵਿਚ ਨਿਪੁੰਨ ਕਰਨ ਲਈ ਇਹ ਰੀਤ ਚਲਾਈ ਸੀ ਕਿ ਦੋ ਦਲ ਬਣਾ ਕੇ ਪ੍ਰਧਾਨ ਸਿੰਘਾਂ ਦੀ ਅਗਵਾਈ ਹੇਠ ਇਕ ਖਾਸ ਥਾਂ 'ਤੇ ਕਬਜ਼ਾ ਕਰਨ ਲਈ ਹਮਲਾ ਕਰਨਾ। ਕਲਗੀਧਰ ਪਾਤਸ਼ਾਹ ਆਪ ਇਸ ਮਸਨੂਈ ਜੰਗ ਦਾ ਕਰਤਬ ਦੇਖਦੇ ਅਤੇ ਦੋਹਾਂ ਦਲਾਂ ਨੂੰ ਸ਼ੁਭ ਸਿਖਯਾ ਦਿੰਦੇ ਸੀ ਅਰ ਜੋ ਦਲ ਕਾਮਯਾਬ ਹੁੰਦਾ ਉਸ ਨੂੰ ਦੀਵਾਨ ਵਿਚ ਸਿਰੋਪਾ ਬਖ਼ਸ਼ਦੇ ਸਨ।" ਪਿਛੋਕੜ ਵੱਲ ਝਾਤ ਮਾਰੀਏ ਤਾਂ ਇਹ ਤੱਥ ਉੱਭਰ ਕੇ ਸਾਹਮਣੇ ਆਉਂਦਾ ਹੈ ਕਿ ਸ੍ਰੀ ਗੁਰੂ ਨਾਨਕ ਸਾਹਿਬ ਨੇ ਆਪਣੇ ਸਮਕਾਲੀ ਦੌਰ ਵਿਚ ਵੇਲੇ ਦੀ ਹਾਕਮ ਜਮਾਤ ਨੂੰ ਚਿਤਾਵਨੀ ਦਿੰਦਿਆਂ ਕਿਹਾ ਸੀ ਕਿ ਜੇ ਰੰਗ-ਤਮਾਸ਼ਿਆਂ ਵਿਚ ਖਚਤ ਰਹਿਣ ਦੀ ਥਾਂ 'ਤੇ ਉਨ੍ਹਾਂ ਨੇ ਮੁਲਕ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕੇ ਹੁੰਦੇ ਤਾਂ ਮੁਲਕ ਦੂਜਿਆਂ ਦਾ ਗ਼ੁਲਾਮ ਨਾ ਹੁੰਦਾ। ਹਿੰਦੁਸਤਾਨੀ ਜਨਤਾ ਬੇਪਤੀ ਦਾ ਜੀਵਨ ਜਿਊਣ ਲਈ ਮਜਬੂਰ ਨਾ ਹੁੰਦੀ। 'ਸੂਰਜ ਪ੍ਰਕਾਸ਼ ਗ੍ਰੰਥ' ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਤਾੜਨਾ ਭਰੇ ਸ਼ਬਦ ਇਸ ਤਰ੍ਹਾਂ ਕਲਮਬੰਦ ਹਨ:

**ਹੈ ਅਮੀਰ ਓਮਰੇ ਜਿ ਵਜੀਰੰ। ਬਿਸਰ ਗਏ ਪ੍ਰਭ ਗੁਨੀ ਗਹੀਰੰ॥**
**ਚਿਤ ਮਹਿ ਚਾਹਤ ਰੰਗ ਤਮਾਸੇ। ਬਿਬਿਧ ਬਿਧਨ ਕੇ ਬਿਲਸ ਬਿਲਾਸੇ॥**
**ਅਬ ਤਿਨ ਕੀ ਗਤਿ ਹੋਈ ਐਸੀ। ਜਾਇ ਬਿਲੋਕੀ ਨਾਹਿ ਨ ਜੈਸੀ॥**

ਤਕਰੀਬਨ ਇਹੋ ਸੰਦੇਸ਼ ਨਵੇਂ ਅੰਦਾਜ਼ ਵਿਚ ਦਸਮ ਪਿਤਾ ਦੇਣਾ ਚਾਹੁੰਦੇ ਸਨ। ਇਕ ਨਵੀਂ ਰੂਹ ਫੂਕਣਾ ਚਾਹੁੰਦੇ ਸਨ। ਸੁਰਤ ਗੁਆ ਚੁੱਕੇ ਲੋਕਾਂ ਨੂੰ ਮੁੜ ਯਾਦ ਕਰਾਉਣਾ ਚਾਹੁੰਦੇ ਸਨ ਕਿ ਮੁਲਕ ਗ਼ੁਲਾਮ ਹੈ, ਲੋਕੀਂ ਅਧੀਨਗੀ ਦੀ ਜ਼ਿੰਦਗੀ ਜੀਅ ਰਹੇ ਹਨ ਅਤੇ ਐਸੀ ਸਥਿਤੀ ਵਿਚ ਇਕ-ਦੂਜੇ ਉੱਪਰ ਰੰਗ ਸੁੱਟ ਕੇ ਖ਼ੁਸ਼ੀਆਂ ਮਨਾਉਣਾ ਕਦਾਚਿਤ ਵਾਜਬ ਨਹੀਂ ਹੈ। ਸਵੈਮਾਣ ਖੁਹਾ ਚੁੱਕੇ ਲੋਕਾਂ ਨੂੰ ਰੰਗਾਂ ਦੀ ਹੋਲੀ ਖੇਡਣਾ ਬਿਲਕੁਲ ਨਹੀਂ ਸ਼ੋਭਦਾ। ਪਰਾਧੀਨਤਾ ਵਿਚ ਖ਼ੁਸ਼ੀਆਂ ਮਨਾਉਣ ਦੀ ਥਾਂ 'ਤੇ ਅਜ਼ਾਦੀ ਦੇ ਸੰਘਰਸ਼ ਲਈ ਤਿਆਰੀ ਕਰਨੀ ਬਣਦੀ ਹੈ। ਅਸਲ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜ਼ਿਹਨ ਵਿਚ ਇਕ ਸੰਕਲਪ ਸਾਕਾਰ ਰੂਪ ਗ੍ਰਹਿਣ ਕਰ ਰਿਹਾ ਸੀ। ਉਹ ਚਾਹੁੰਦੇ ਸਨ ਕਿ ਸਦੀਆਂ ਤੋਂ ਗ਼ੁਲਾਮ, ਰਾਜਸੀ ਬਣਤਰ ਤੋਂ ਬੇਦਖ਼ਲ ਹੋ ਚੁੱਕੇ ਹਿੰਦੁਸਤਾਨੀ ਸਮਾਜ ਦੀ ਪਾਤਸ਼ਾਹੀ ਕਾਇਮ ਹੋਵੇ। ਆਮ ਲੋਕਾਂ ਦੀ ਹਕੂਮਤ ਸਥਾਪਿਤ ਹੋ ਜਾਵੇ। ਪਰਜਾ ਹਾਕਮ ਬਣ ਜਾਵੇ। ਪਰ ਇਹ ਤਾਹੀਓਂ ਹੋ ਸਕਦਾ ਸੀ ਜੇ ਇਕ ਨਵੀਂ ਲਹਿਰ ਪੈਦਾ ਹੋਵੇ। ਲੋਕੀਂ ਉੱਠ ਖੜ੍ਹੇ ਹੋਣ, ਸੁਚੇਤ ਹੋ ਕੇ ਆਪਣੇ ਫ਼ਰਜ਼ ਦੀ ਪਛਾਣ ਕਰਨ, ਮੌਤ ਦਾ ਭੈਅ ਦਿਲੋਂ ਕੱਢ ਦੇਣ, ਹਥਿਆਰਬੰਦ ਘੋਲ ਲਈ ਤਿਆਰੀ ਕਰ ਲੈਣ। ਪਰ ਇਹ ਹਕੀਕਤ ਕਿਸੇ ਤੋਂ ਭੁੱਲੀ ਨਹੀਂ ਕਿ ਹਾਲਾਤ ਪੂਰੀ ਤਰ੍ਹਾਂ ਮੁਖ਼ਤਲਿਫ਼ ਸਨ। ਜਿਸ ਸਮਾਜ ਵਿਚ ਗ਼ੁਲਾਮੀ ਦਾ ਅਹਿਸਾਸ ਹੀ ਖ਼ਤਮ ਹੋ ਗਿਆ ਹੋਵੇ ਉਸ ਤੋਂ ਕੀ ਤਵੱਕੋਂ ਕੀਤੀ ਜਾ ਸਕਦੀ ਹੈ। ਸੱਚਮੁਚ ਕੰਮ ਬਹੁਤ ਔਖਾ ਸੀ। ਬਿਲਕੁਲ ਉਲਟੀ ਗੰਗਾ ਵਹਾਉਣ ਵਾਲੀ ਗੱਲ ਸੀ। ਇਤਿਹਾਸਿਕ ਸਾਖੀ ਹੈ ਕਿ ਇਸ ਤਰ੍ਹਾਂ ਦੀ ਬਿਖੜੀ ਪ੍ਰਸਥਿਤੀ ਵਿਚ ਗੁਰੂ ਸਾਹਿਬ ਨੇ 'ਹੋਲਾ ਮਹੱਲਾ' ਮਨਾਉਣ ਦੀ ਨਵੀਂ ਰਵਾਇਤ ਰਾਹੀਂ ਆਪਣੇ ਪੈਰੋਕਾਰਾਂ ਵਿਚ ਸ਼ਸਤਰਾਂ ਨਾਲ ਸਾਂਝ ਪੱਕਿਆਂ ਕਰਨ ਦੀ ਪਿਰਤ ਪਾਉਣ ਦਾ ਫ਼ੈਸਲਾ ਕੀਤਾ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਾਣੀ ਦਾ ਜੇ ਅਧਿਐਨ ਕਰੀਏ ਤਾਂ ਵੀ ਇਹ ਗੱਲ ਬੜੀ ਸ਼ਿੱਦਤ ਨਾਲ ਉੱਭਰ ਕੇ ਸਾਹਮਣੇ ਆਉਂਦੀ ਹੈ ਕਿ ਉਹ ਸ਼ਸਤਰਾਂ ਨੂੰ ਬਹੁਤ ਮਹੱਤਵ ਦਿੰਦੇ ਹਨ। ਆਪਣੀ ਬਾਣੀ ਵਿਚ ਗੁਰੂ ਸਾਹਿਬ ਨੇ ਅਕਾਲ ਪੁਰਖ

*ਉੱਪ ਕੁਲਪਤੀ, ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਨੂੰ ਸ਼ਸਤਰਧਾਰੀ ਰੂਪ ਵਿਚ ਮੂਰਤੀਮਾਨ ਕਰਦਿਆਂ, 'ਸਸਤ੍ਰ ਪਾਣੇ', 'ਅਸਤ੍ਰ ਮਾਣੇ', 'ਸਾਹਿਬ ਸ੍ਰੀ', 'ਖੜਗ ਪਾਣੇ', 'ਸ੍ਰੀ ਅਸਪਾਨ' ਆਦਿ ਨਾਂਵਾਂ ਨਾਲ ਪੁਕਾਰਿਆ ਹੈ। 'ਕਬਯੋ ਬਾਚ ਬੇਨਤੀ ਚੌਪਈ' ਵਿਚ ਗੁਰੂ ਸਾਹਿਬ ਨੇ ਅਕਾਲ ਪੁਰਖ ਨੂੰ 'ਸ੍ਰੀ ਅਸਿਧੁਜ' ਅਤੇ 'ਖੜਗ ਕੇਤ' ਕਹਿ ਕੇ ਸੰਬੋਧਤ ਕੀਤਾ ਹੈ। ਭਾਈ ਸੰਤੋਖ ਸਿੰਘ ਦੇ 'ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ' ਅਨੁਸਾਰ ਖਾਲਸਾ ਪੰਥ ਨੂੰ ਉਪਦੇਸ਼ ਦਿੰਦਿਆਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕਿਹਾ ਸੀ ਕਿ ਰਾਜ, ਸ਼ਸਤਰਾਂ ਦੇ ਅਧੀਨ ਹੁੰਦਾ ਹੈ। ਸ਼ਸਤਰਹੀਣ ਲੋਕੀਂ ਆਪਣੀ ਖ਼ੁਦਮੁਖਤਿਆਰੀ ਦਾ ਇਜ਼ਹਾਰ ਨਹੀਂ ਕਰ ਸਕਦੇ। ਇਸ ਲਈ ਖ਼ਾਲਸੇ ਨੂੰ ਸ਼ਸਤ੍ਰਧਾਰੀ ਹੋਣਾ ਚਾਹੀਦਾ ਹੈ। ਗੁਰੂ ਸਾਹਿਬ ਨੇ ਤਾਕੀਦ ਕੀਤੀ ਸੀ ਕਿ ਉਨ੍ਹਾਂ ਦੀ ਖ਼ੁਸ਼ੀ ਖ਼ਾਲਸੇ ਨੂੰ ਤਾਂ ਪ੍ਰਾਪਤ ਹੋ ਸਕਦੀ ਹੈ। ਜੇ ਖ਼ਾਲਸਾ ਸੁਚੇਤ ਹੋ ਕੇ ਸ਼ਸਤਰਧਾਰੀ ਰੂਪ ਵਿਚ ਉਨ੍ਹਾਂ ਦੇ ਸਨਮੁਖ ਆਵੇ:

**ਸ਼ਸਤ੍ਰਨਿ ਕੇ ਅਧੀਨ ਹੈ ਰਾਜ। ਜੋ ਨ ਧਰਹਿ ਤਿਸ ਬਿਗਰਹਿ ਕਾਜ।**
**ਯਾਂ ਤੇ ਸਰਬ ਖਾਲਸਾ ਸੁਨੀਅਹਿ। ਅਯੁੱਧ ਧਰਿਬੇ ਉੱਤਮ ਗੁਨੀਅਹਿ।**
**ਜਬਿ ਹਮਰੇ ਦਰਸ਼ਨ ਕੋ ਆਵਹੁ। ਬਨਿ ਸੁਚੇਤ ਤਨ ਸ਼ਸਤ੍ਰ ਸਜਾਵਹੁ।**
**ਕਮਰਕੱਸਾ ਕਰਿ ਦੇਹੁ ਦਿਖਾਈ। ਹਮਰੀ ਖੁਸ਼ੀ ਹੋਇ ਅਧਿਕਾਈ।**

ਇਤਿਹਾਸਿਕ ਦ੍ਰਿਸ਼ਟੀ ਤੋਂ ਵੇਖੀਏ ਤਾਂ ਸ੍ਰੀ ਅਨੰਦਪੁਰ ਸਾਹਿਬ ਵਿਚ ਹੋਲਗੜ੍ਹ ਕਿਲ੍ਹੇ ਵਾਲੀ ਥਾਂ 'ਤੇ ਸੰਨ ੧੭੦੦ ਈ: ਵਿਚ ਪਹਿਲੀ ਵਾਰ ਹੋਲਾ ਮਹੱਲਾ ਮਨਾਇਆ ਗਿਆ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪ ਇਸ ਪਰੰਪਰਾ ਦਾ ਅਰੰਭ ਕੀਤਾ ਸੀ ਅਤੇ ਆਪਣੇ ਸਿੱਖਾਂ ਨੂੰ ਜੰਗੀ ਕਰਤਬ ਦਿਖਾਉਣ ਦਾ ਹੁਕਮ ਦਿੱਤਾ ਸੀ। ਹੋਲਾ ਮਹੱਲਾ ਮਨਾਉਣ ਲਈ ਸਿੱਖ ਸਿਪਾਹੀ ਆਪਣੇ-ਆਪ ਨੂੰ ਦੋ ਹਿੱਸਿਆਂ ਵਿਚ ਵੰਡ ਲੈਂਦੇ ਸਨ ਅਤੇ ਇਕ ਕਿਸਮ ਦਾ ਬਣਾਉਟੀ ਯੁੱਧ ਰਚ ਕੇ ਜੰਗੀ ਕਰਤਬਾਂ ਦਾ ਪ੍ਰਦਰਸ਼ਨ ਕਰਦੇ ਸਨ। ਇਕ ਤਰ੍ਹਾਂ ਨਾਲ ਪੂਰੇ ਜੰਗੀ ਅਭਿਆਸ ਦਾ ਨਜ਼ਾਰਾ ਉੱਭਰ ਆਉਂਦਾ ਸੀ। ਜਿੱਤ ਹਾਸਲ ਕਰਨ ਵਾਲਿਆਂ ਨੂੰ ਇਨਾਮ ਦਿੱਤੇ ਜਾਂਦੇ ਸਨ ਅਤੇ ਇਹ ਨਿਵੇਕਲੇ ਕਿਸਮ ਦਾ ਸਮਾਰੋਹ ਲੋਕਾਂ ਵਿਚ ਇਕ ਨਵੀਂ ਰੂਹ ਫੂਕ ਦਿੰਦਾ ਸੀ, ਨਾਲ ਹੀ ਹੋਲਾ ਮਹੱਲਾ ਦੇ ਮੌਕੇ 'ਤੇ ਸ਼ਸਤਰਾਂ-ਬਸਤਰਾਂ ਅਤੇ ਜੰਗੀ ਸਾਜ-ਸੱਜਾ ਨਾਲ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਜਲੂਸ ਦੀ ਸ਼ਕਲ ਵਿਚ ਇਕ ਗੁਰਦੁਆਰਾ ਸਾਹਿਬ ਤੋਂ ਦੂਜੇ ਗੁਰਦੁਆਰਾ ਸਾਹਿਬ ਤਕ ਫ਼ੌਜੀ ਮਾਰਚ ਵੀ ਕੱਢਿਆ ਜਾਂਦਾ ਸੀ ਅਤੇ ਬੜੇ ਉਤਸ਼ਾਹ ਨਾਲ ਲੋਕੀਂ ਇਸ ਕਵਾਇਦ ਵਿਚ ਹਿੱਸਾ ਲੈਂਦੇ ਸਨ। ਇਤਿਹਾਸ ਵਿੱਚੋਂ ਪ੍ਰਮਾਣ ਮਿਲਦੇ ਹਨ ਕਿ ਗੁਰੂ ਸਾਹਿਬ ਖ਼ੁਦ ਇਨ੍ਹਾਂ ਸਰਗਰਮੀਆਂ ਦੀ ਸਰਪ੍ਰਸਤੀ ਕਰਦੇ ਸਨ ਅਤੇ ਹਿੱਸਾ ਲੈਣ ਵਾਲੇ ਦਲਾਂ ਨੂੰ ਸਨਮਾਨ ਤੇ ਸਿਰੋਪੇ ਬਖ਼ਸ਼ਦੇ ਸਨ। ਹੋਲੀ ਦੀ ਥਾਂ 'ਤੇ ਹੋਲਾ ਦੀ ਰਵਾਇਤ ਕਾਇਮ ਕਰਨ ਬਾਰੇ ਕਵੀ ਸੁਮੇਰ ਸਿੰਘ ਨੇ ਗੁਰੂ ਸਾਹਿਬ ਦੇ ਹੁਕਮਾਂ ਨੂੰ ਇਸ ਤਰ੍ਹਾਂ ਕਲਮਬੰਦ ਕੀਤਾ ਹੈ:

**ਔਰਨ ਕੀ ਹੋਲੀ, ਮਮ ਹੋਲਾ। ਕਹਿਯੋ ਕ੍ਰਿਪਾਨਿਧ ਬਚਨ ਅਮੋਲਾ।**

ਹੋਲਾ ਮਹੱਲਾ ਦੀ ਇਹ ਸਾਰੀ ਰਵਾਇਤ ਹਾਲਾਂ ਵੀ ਉਸੇ ਤਰ੍ਹਾਂ ਕਾਇਮ ਹੈ। ਲੱਖਾਂ ਦੀ ਗਿਣਤੀ ਵਿਚ ਦੇਸ਼-ਵਿਦੇਸ਼ ਤੋਂ ਸੰਗਤ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਪਹੁੰਚਦੀ ਹੈ। ਬੜੇ ਉਤਸ਼ਾਹ ਤੇ ਉਮਾਹ ਨਾਲ ਦੀਵਾਨ ਸਜਾਏ ਜਾਂਦੇ ਹਨ। ਕਥਾ-ਕੀਰਤਨ ਦੇ ਪ੍ਰਵਾਹ ਚਲਦੇ ਹਨ। ਵਾਰਾਂ ਦਾ ਗਾਇਨ ਲੋਕਾਂ ਵਿਚ ਜੋਸ਼ ਭਰ ਦਿੰਦਾ ਹੈ। ਨਿਹੰਗ ਸਿੰਘਾਂ ਦੇ ਦਲਾਂ ਦੇ ਕਰਤਬ ਲੋਕਾਂ ਦਾ ਮਨ ਮੋਹ ਲੈਂਦੇ ਹਨ। ਕਵੀ ਨਿਹਾਲ ਸਿੰਘ ਨੇ ਹੋਲਾ ਮਹੱਲਾ ਦੇ ਦ੍ਰਿਸ਼ ਨੂੰ ਬਾਖ਼ੂਬੀ ਚਿਤ੍ਰਤ ਕੀਤਾ ਹੈ। ਉਸ ਦੀ ਇਕ ਰਚਨਾ ਦੀਆਂ ਕੁਝ ਪੰਕਤੀਆਂ ਇਸ ਤਰ੍ਹਾਂ ਹਨ:

**ਬਰਛਾ ਢਾਲ ਕਟਾਰਾ ਤੇਗਾ, ਕੜਛਾ ਦੇਗਾ ਗੋਲਾ ਹੈ।**
**ਛਕਾ ਪ੍ਰਸਾਦ ਸਜਾ ਦਸਤਾਰਾ, ਅਰੁ ਕਰਦੌਨਾ ਟੋਲਾ ਹੈ।**
**ਸੁਭਟ ਸੁਚਾਲਾ ਅਰ ਲਖ ਬਾਹਾ, ਕਲਗਾ ਸਿੰਘ ਸੁਚੋਲਾ ਹੈ।**
**ਅਪਰ ਮੁਛਹਿਰਾ ਦਾੜ੍ਹਾ ਜੈਸੇ, ਤੈਸੇ ਬੋਲਾ 'ਹੋਲਾ' ਹੈ।**

ਕੋਈ ਸ਼ੱਕ ਨਹੀਂ ਕਿ ਇਸ ਇਨਕਲਾਬੀ ਪਿਰਤ ਦੀ ਇਕ ਆਪਣੀ ਇਤਿਹਾਸਿਕ ਮਹੱਤਤਾ ਹੈ। ਖ਼ਾਲਸੇ ਦੀ ਸਿਰਜਣਾ ਤੋਂ ਬਾਅਦ ਆਪਣੇ ਪੈਰੋਕਾਰਾਂ ਨੂੰ ਸ਼ਸਤਰ-ਵਿੱਦਿਆ ਵਿਚ ਪ੍ਰਬੀਨ ਅਤੇ ਯੁੱਧ-ਕਲਾ ਵਿਚ ਨਿਪੁੰਨ ਹੋਣ ਦਾ ਆਦੇਸ਼ ਦੇ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਤਿਹਾਸ ਦਾ ਰੁਖ਼ ਮੋੜ ਦਿੱਤਾ ਸੀ। ■

# ਖ਼ਾਲਸੇ ਦੀ ਚੜ੍ਹਦੀ ਕਲਾ ਦਾ ਪ੍ਰਤੀਕ
# ਹੋਲਾ ਮਹੱਲਾ

*-ਡਾ. ਅਮਰਜੀਤ ਕੌਰ**

ਗੁਰੂ ਸਾਹਿਬਾਨ ਦਾ ਉਦੇਸ਼ ਹੀ ਨੀਵਿਆਂ ਨੂੰ ਗ਼ਲ ਨਾਲ ਲਾਉਣਾ ਸੀ, ਜਿਸ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੀ ਨੂੰ ਨਵਾਂ ਰੂਪ ਦਿੱਤਾ। ਖ਼ਾਲਸਾ ਹੋਲੀ ਦੇ ਪਰੰਪਰਾਗਤ ਰੂਪ ਨੂੰ ਪ੍ਰਵਾਨ ਨਹੀਂ ਕਰਦਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਾਨਵ ਬਲ ਹਾਸਲ ਕਰ ਕੇ ਮੁਰਦਾ ਹੋ ਚੁੱਕੇ ਦਿਲਾਂ ਵਿਚ ਜਾਨ ਪਾ ਕੇ ਸੁਰਜੀਤ ਕੀਤਾ। ਹਿੰਦੁਸਤਾਨ ਦੇ ਇਤਿਹਾਸ ਵਿਚ ਪੜ੍ਹੀ ਜਾਣ ਵਾਲੀ ਇਹ ਵਿਲੱਖਣ ਦਾਸਤਾਨ ਹੈ। ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਭ ਤੋਂ ਪਹਿਲਾਂ ਇਸ ਗੱਲ ਵੱਲ ਸੰਕੇਤ ਦਿੱਤਾ ਕਿ ਕਿਵੇਂ ਗਿਆਨ ਵਿਹੂਣੀ ਜਨਤਾ ਬੇਅਣਖ ਹੋ ਕੇ ਮੁਰਦਿਆਂ ਵਾਂਗ ਹਕੂਮਤ ਦੀ ਵਫ਼ਾਦਾਰੀ ਕਰ ਰਹੀ ਹੈ ਅਤੇ ਗ਼ੁਲਾਮਾਂ ਵਾਲੀ ਜ਼ਿੰਦਗੀ ਜੀਅ ਰਹੀ ਹੈ।

**ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ॥**

ਗੁਰੂ ਜੀ ਨੇ ਲੋਕਾਂ ਨੂੰ ਸਵੈ-ਗਿਆਨ ਦਾ ਪ੍ਰਕਾਸ਼ ਕਰਾਇਆ। ਗੁਰੂ ਸਾਹਿਬ ਜੀ ਦੇ ਨਵੇਂ ਵਿਚਾਰਾਂ ਸਦਕਾ ਐਸੀ ਸੰਗਤ ਬਣੀ ਜਿਨ੍ਹਾਂ ਤਕੜੀਆਂ ਘਾਲਾਂ ਘਾਲੀਆਂ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਤਖ਼ਤ 'ਤੇ ਬੈਠੇ ਅਤੇ ਉਨ੍ਹਾਂ ਨੇ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਪਹਿਨੀਆਂ ਤੇ ਸ਼ਾਹੀ ਬਸਤਰ ਧਾਰਨ ਕੀਤੇ। ਗੁਰੂ ਜੀ ਨੇ ਬਾਬਾ ਬੁੱਢਾ ਜੀ ਨੂੰ ਕਹਿ ਕੇ ਸੰਗਤ ਨੂੰ ਚੰਗੇ ਸ਼ਸਤਰ, ਵਧੀਆ ਘੋੜੇ ਗੁਰੂ ਭੇਟਾ 'ਚ ਲਿਆਉਣ ਲਈ ਸੁਨੇਹੇ ਭਿਜਵਾਏ। ਸਿੱਖ ਨੌਜਵਾਨਾਂ ਨੂੰ ਗੁਰੂ ਸਾਹਿਬ ਨੇ ਘੋੜਸਵਾਰੀ, ਸ਼ਸਤਰ ਚਲਾਉਣੇ, ਸ਼ਿਕਾਰ ਖੇਡਣਾ, ਕਸਰਤਾਂ ਕਰਨੀਆਂ, ਗਤਕਾਬਾਜ਼ੀ ਅਤੇ ਉਹ ਖੇਡਾਂ ਜਿਸ ਨਾਲ ਸਰੀਰ ਰਿਸ਼ਟ-ਪੁਸ਼ਟ ਰਹੇ ਆਦਿ ਕਰਾਉਣੀਆਂ ਸ਼ੁਰੂ ਕਰ ਦਿੱਤੀਆਂ। ਗੁਰੂ ਸਾਹਿਬ ਕੋਲ ਤਕੜੀ ਫ਼ੌਜ ਤਿਆਰ ਹੋ ਗਈ ਸੀ। ਇਹੀ ਕਾਰਨ ਸੀ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਜਿੰਨੀਆਂ ਵੀ ਲੜਾਈਆਂ ਮੁਗ਼ਲ ਸਾਮਰਾਜ ਨਾਲ ਲੜੀਆਂ ਉਨ੍ਹਾਂ ਵਿਚ ਸ਼ਾਨਦਾਰ ਜਿੱਤਾਂ ਹਾਸਲ ਕੀਤੀਆਂ। ਲੋਕਾਂ ਨੂੰ ਯਕੀਨ ਹੋ ਗਿਆ ਕਿ ਪੰਜਵੇਂ ਪਾਤਸ਼ਾਹ ਦੀ ਸ਼ਹੀਦੀ ਅਜਾਈਂ ਨਹੀਂ ਗਈ। ਉਹ ਕੁਝ ਕਰਨ ਦੇ ਕਾਬਲ ਹੋ ਗਏ ਹਨ। ਪੰਜਾਬ ਦਾ ਕੇਂਦਰੀ ਇਲਾਕਾ ਮਾਝਾ ਗੁਰੂ ਸਾਹਿਬ ਜੀ ਦੇ ਹੁਕਮਾਂ 'ਤੇ ਜਾਨਾਂ ਵਾਰਨ ਨੂੰ ਤਿਆਰ ਹੋ ਗਿਆ ਸੀ। ਨੌਵੇਂ ਪਾਤਸ਼ਾਹ ਦੀ ਸ਼ਹਾਦਤ ਨੇ ਸਾਰੇ ਦੇਸ਼ ਨੂੰ ਇਕ ਵਾਰੀ ਫਿਰ ਝੰਜੋੜ ਕੇ ਰੱਖ ਦਿੱਤਾ। ਸ੍ਰੀ ਅਨੰਦਪੁਰ ਸਾਹਿਬ ਨੂੰ ਵਹੀਰਾਂ ਘੱਤੀਆਂ ਗਈਆਂ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਉਪਦੇਸ਼ਾਂ ਅਤੇ ਫ਼ੌਜੀ ਸਿੱਖਿਆ ਰਾਹੀਂ ਆਪਣੇ ਸਿੱਖਾਂ ਨੂੰ ਮਾਨਵਤਾ ਪ੍ਰਤੀ ਉਨ੍ਹਾਂ ਦੇ ਹੱਕਾਂ ਅਤੇ ਫ਼ਰਜ਼ਾਂ ਤੋਂ ਜਾਣੂ ਕਰਵਾਇਆ। ਵਧੀਆ ਘੋੜੇ ਖ਼ਰੀਦੇ ਗਏ। ਬਹੁ-ਗਿਣਤੀ ਵਿਚ ਹਥਿਆਰ ਇਕੱਤਰ ਕੀਤੇ ਗਏ। ਕਿਲ੍ਹੇ ਬਣਵਾਏ, ਨਗਾਰੇ 'ਤੇ ਚੋਟ ਲਗਾਈ ਗਈ, ਉੱਚੇ ਨਿਸ਼ਾਨ ਸਾਹਿਬ ਝੁਲਾਏ। ਇਸ ਤਰ੍ਹਾਂ ਧਾਰਮਿਕ ਸ਼ਰਧਾ ਰੱਖਣ ਵਾਲਿਆਂ ਦੀ ਸਵੈ-ਸੇਵੀ ਫ਼ੌਜ ਤਿਆਰ ਹੁੰਦੀ ਗਈ, ਜਿਸ ਦਾ ਗੁਰੂ ਸਾਹਿਬ ਆਪ ਨਿਰੀਖਣ ਕਰਦੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਚ ਪੰਜ ਕਿਲ੍ਹੇ ਬਣਵਾਏ। ਇਹ ਕਿਲ੍ਹੇ ਅਨੰਦਗੜ੍ਹ ਸਾਹਿਬ, ਕੇਸਗੜ੍ਹ ਸਾਹਿਬ, ਫ਼ਤਿਹਗੜ੍ਹ ਸਾਹਿਬ, ਅਗੰਮਗੜ੍ਹ ਸਾਹਿਬ ਤੇ ਹੋਲਗੜ੍ਹ ਸਾਹਿਬ ਸਨ।

ਹੋਲਾ ਸ਼ਬਦ ਦੇ ਅਰਥ ਹਨ 'ਹਮਲਾ ਜਾਂ ਰੱਲਾ ਜਾਂ ਹੱਲਾ ਕਰਨ ਦੀ ਥਾਂ'। 'ਮਹਾਨ ਕੋਸ਼' ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਨੇ ਖ਼ਾਲਸੇ ਨੂੰ ਸ਼ਸਤ੍ਰ ਅਤੇ ਯੁੱਧ ਵਿੱਦਿਆ ਵਿਚ ਨਿਪੁੰਨ ਕਰਨ ਲਈ ਇਹ ਰੀਤਿ ਚਲਾਈ ਸੀ

*ਪਿੰਡ ਤੇ ਡਾਕ: ਇੱਬਣ ਕਲਾਂ, ਝਬਾਲ ਰੋਡ, ਸ੍ਰੀ ਅੰਮ੍ਰਿਤਸਰ।

ਕਿ ਦੋ ਦਲ ਬਣਾ ਕੇ ਪ੍ਰਧਾਨ ਸਿੰਘਾਂ ਦੀ ਅਗਵਾਈ ਹੇਠ ਇਕ ਖਾਸ ਥਾਂ 'ਤੇ ਕਬਜ਼ਾ ਕਰਨ ਲਈ ਹਮਲਾ ਕਰਨਾ। ਕਲਗੀਧਰ ਆਪ ਇਸ ਮਸਨੂਈ ਜੰਗ ਦਾ ਕਰਤਬ ਦੇਖਦੇ ਤੇ ਦੋਹਾਂ ਦਲਾਂ ਨੂੰ ਸ਼ੁਭ ਸਿੱਖਿਆ ਦਿੰਦੇ ਸੀ ਅਤੇ ਜੋ ਦਲ ਕਾਮਯਾਬ ਹੁੰਦਾ ਉਸ ਨੂੰ ਦੀਵਾਨ ਵਿਚ ਸਿਰੋਪਾ ਬਖ਼ਸ਼ਦੇ ਸਨ।

ਦਸਮੇਸ਼ ਜੀ ਨੇ ਸੰਮਤ ੧੭੫੭ ਚੇਤ ਵਦੀ ੧ ਨੂੰ ਹੋਲਗੜ੍ਹ ਕਿਲ੍ਹੇ ਵਿਚ ਹੋਲਾ ਮਹੱਲਾ ਖੇਡਣ ਦੀ ਰੀਤ ਚਲਾਈ। ਖ਼ਾਲਸੇ ਦੇ ਬੋਲੇ ਵਿਚ ਕਵੀ ਨਿਹਾਲ ਸਿੰਘ ਹੋਲਾ ਬਾਰੇ ਇਸ ਤਰ੍ਹਾਂ ਲਿਖਦੇ ਹਨ:

**ਬਰਛਾ ਢਾਲ ਕਟਾਰਾ ਤੇਗਾ, ਕੜਛਾ ਦੇਗਾ ਗੋਲਾ ਹੈ।**
**ਛਕਾ ਪ੍ਰਸਾਦ ਸਜਾ ਦਸਤਾਰਾ, ਅਰੁ ਕਰਦੌਨਾ ਟੋਲਾ ਹੈ।**
**ਸੁਭਟ ਸੁਚਾਲਾ ਅਰ ਲਖ ਬਾਹਾ, ਕਲਗਾ ਸਿੰਘ ਸੁਚੋਲਾ ਹੈ।**
**ਅਪਰ ਮੁਛਹਿਰਾ ਦਾੜਾ ਜੈਸੇ, ਤੈਸਾ ਬੋਲਾ 'ਹੋਲਾ' ਹੈ।**

ਹੋਲਾ ਸ਼ਬਦ ਹੋਲੀ ਦਾ ਧੜੱਲੇਦਾਰ ਬਦਲਵਾਂ ਰੂਪ ਹੈ ਜੋ ਡਿੱਗਿਆਂ-ਢੱਠਿਆਂ ਦੇ ਹਿਰਦੇ ਅੰਦਰ ਉਤਸ਼ਾਹ ਤੇ ਹੁਲਾਸ ਪੈਦਾ ਕਰਦਾ ਹੈ। ਖ਼ਾਲਸੇ ਨੇ ਲੋਕਾਂ ਦੇ ਮਨਾਂ ਵਿਚ ਚੜ੍ਹਦੀ ਕਲਾ ਤੇ ਸੂਰਬੀਰਤਾ ਦਾ ਜਜ਼ਬਾ ਭਰਨ ਲਈ ਮਾਰਸ਼ਲ ਆਰਟ ਦੇ ਨਾਲ ਖ਼ਾਲਸਈ ਬੋਲੇ ਪ੍ਰਚਲਿਤ ਕੀਤੇ ਜਿਨ੍ਹਾਂ ਨੂੰ ਹੁਣ ਤਕ ਬੋਲਿਆ ਜਾ ਰਿਹਾ ਹੈ। ਇਸ ਤਰ੍ਹਾਂ ਹੋਲੀ ਨੂੰ ਹੋਲਾ ਕਹਿਣਾ ਖ਼ਾਲਸੇ ਦੀ ਵਿਲੱਖਣਤਾ 'ਤੇ ਚੜ੍ਹਦੀ ਕਲਾ ਦੇ ਪ੍ਰਤੀਕ ਦੀ ਭਾਵਨਾ ਨੂੰ ਪ੍ਰਗਟਾਉਣਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਤਮਿਕ ਸ਼ਕਤੀ ਦੇ ਚਮਤਕਾਰ ਦਿਖਾਉਣੇ ਅਰੰਭ ਕਰ ਦਿੱਤੇ। ਕਨਿੰਘਮ ਆਪਣੇ ਇਤਿਹਾਸ ਵਿਚ ਲਿਖਦਾ ਹੈ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪੈਰਾਂ ਹੇਠ ਲਿਤਾੜੀਆਂ ਹੋਈਆਂ ਸੁੱਤੀਆਂ ਤੇ ਅਲਸਾਈਆਂ ਸ਼ਕਤੀਆਂ ਨੂੰ ਸਫ਼ਲ ਢੰਗ ਨਾਲ ਉਤਾਰਿਆ। ਸ਼ੂਦਰਾਂ ਤੋਂ ਸ਼ੇਰ ਬਣਾਉਣ ਬਾਰੇ ਮੈਕਾਲਫ ਕਹਿੰਦਾ ਹੈ ਕਿ ਸਿੱਖ ਗੁਰੂ ਸਾਹਿਬਾਨ ਤੋਂ ਪਹਿਲਾਂ ਭਾਰਤ ਵਿਚ ਕਿਸੇ ਵੀ ਯੁੱਧ ਨਾਇਕ ਨੂੰ ਉਨ੍ਹਾਂ ਬੰਦਿਆਂ ਤੋਂ ਸੈਨਾ ਨਿਰਮਾਣ ਕਰਨ ਦਾ ਚਿਤ ਚੇਤਾ ਵੀ ਨਹੀਂ ਸੀ ਜਿਨ੍ਹਾਂ ਨੂੰ ਜਨਮ ਜਾਤ ਤੋਂ ਅਪਵਿੱਤਰ ਸਮਝਿਆ ਜਾਂਦਾ ਸੀ। ਉਹ ਲੋਕ ਜਿਨ੍ਹਾਂ ਤੇਗ ਨੂੰ ਕਦੀ ਛੁਹਿਆ ਨਹੀਂ ਸੀ, ਜਿਨ੍ਹਾਂ ਦੀਆਂ ਮਨੂਵਾਦੀ ਬ੍ਰਾਹਮਣਾਂ ਨੇ ਠੱਠੀਆਂ, ਖੂਹ, ਛੱਪੜ ਅਲੱਗ ਕਰ ਦਿੱਤੇ ਸਨ, ਜਿਨ੍ਹਾਂ ਨੂੰ ਪ੍ਰਭੂ ਭਗਤੀ ਕਰਨ ਦੇ, ਵਿੱਦਿਆ ਪੜ੍ਹਨ ਦੇ ਅਧਿਕਾਰਾਂ ਤੋਂ ਵੰਚਿਤ ਕਰ ਦਿੱਤਾ ਗਿਆ ਸੀ, ਜਿਨ੍ਹਾਂ ਦਾ ਪਰਛਾਵਾਂ ਲੈਣਾ ਭ੍ਰਿਸ਼ਟ ਹੋ ਜਾਣਾ ਐਲਾਨ ਕਰ ਦਿੱਤਾ ਜਾ ਚੁੱਕਾ ਸੀ, ਗੁਰੂ ਸਾਹਿਬ ਨੇ ਇਨ੍ਹਾਂ ਮਾਸੂਮ ਚਿੜ੍ਹੀਆਂ ਨੂੰ ਬਾਜ਼ਾਂ ਨਾਲ ਲੜਨ ਤੇ ਲੜ ਕੇ ਮਾਰ ਦੇਣ ਦੇ ਸਮਰੱਥ ਕਰ ਦਿੱਤਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਹੋਲਾ ਮਹੱਲਾ ਦੀ ਪਰੰਪਰਾ ਹੁਣ ਤਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਾਨ-ਓ-ਸ਼ੌਕਤ ਨਾਲ ਚਲਾਈ ਜਾ ਰਹੀ ਹੈ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਵਿਚ ਮਹੱਲਾ ਕੱਢਿਆ ਜਾਂਦਾ ਹੈ। ਗੁਰੂ ਦੀਆਂ ਲਾਡਲੀਆਂ ਫੌਜਾਂ ਘੋੜਿਆਂ 'ਤੇ ਸਵਾਰ ਹੋ ਕੇ ਤੇ ਪੈਦਲ ਜੈਕਾਰੇ ਛੱਡਦੀਆਂ ਹੋਈਆਂ ਪੂਰੇ ਜਾਹ-ਓ-ਜਲਾਲ ਨਾਲ ਚਲਦੀਆਂ ਹਨ। ਜਿਹੜੀਆਂ ਵੀ ਸੰਗਤਾਂ ਗੁਰਧਾਮਾਂ ਦੇ ਦਰਸ਼ਨ ਕਰਨ ਤੁਰੀਆਂ ਹੁੰਦੀਆਂ ਹਨ ਉਹ ਹੋਲੇ ਮਹੱਲੇ ਵਾਲੇ ਦਿਨ ਸ੍ਰੀ ਅਨੰਦਪੁਰ ਸਾਹਿਬ ਹੁੰਦੀਆਂ ਹਨ। ਲੱਖਾਂ ਦੀ ਗਿਣਤੀ ਵਿਚ ਸੰਗਤਾਂ ਮਹੱਲੇ ਦੇ ਦਰਸ਼ਨ ਕਰ ਕੇ ਸ਼ਾਮ ਤੋਂ ਹੀ ਘਰੀਂ ਪਰਤ ਪੈਂਦੀਆਂ ਹਨ। ਇਸ ਤਰ੍ਹਾਂ ਹੋਲਾ ਮਹੱਲਾ ਜਿੱਥੇ ਖਾਲਸੇ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੈ, ਉੱਥੇ ਖ਼ਾਲਸਈ ਸ਼ਾਨ ਦੇ ਪ੍ਰਤੱਖ ਦਰਸ਼ਨ ਵੀ ਕਰਾਉਂਦਾ ਹੈ। ■

ਅੰਮ੍ਰਿਤ ਛਕੋ, ਸਿੰਘ ਸਜੋ

# ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨੈਤਿਕਤਾ

*-ਪ੍ਰੋ. ਸੀਤਲ ਸਿੰਘ*

'ਸ੍ਰੀ ਗੁਰੂ ਗ੍ਰੰਥ ਸਾਹਿਬ' ਸਮੁੱਚੇ ਵਿਸ਼ਵ ਤੇ ਸਿੱਖ ਧਰਮ ਦਾ ਮਹਾਨਤਮ ਗ੍ਰੰਥ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ 'ਸ੍ਰੀ ਗੁਰੂ ਗ੍ਰੰਥ ਸਾਹਿਬ' ਦੀ ਸੰਪਾਦਨਾ ੧੬੬੧ ਬਿ./ਸੰਨ ੧੬੦੪ ਈ. ਵਿਚ ਕੀਤੀ। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਮਹਾਨ ਪਵਿੱਤਰ ਗ੍ਰੰਥ ਨੂੰ 'ਗੁਰੂ' ਦੀ ਪਦਵੀ ਪ੍ਰਦਾਨ ਕੀਤੀ। ਇਸ ਵਿਚ ੬ ਗੁਰੂ ਸਾਹਿਬਾਨ, ਗੁਰੂ ਘਰ ਦੇ ੪ ਨਿਕਟਵਰਤੀ ਗੁਰਸਿੱਖਾਂ, ੧੧ ਭੱਟਾਂ ਤੇ ੧੫ ਭਗਤਾਂ ਦੀ ਬਾਣੀ ਦਰਜ ਹੈ। ਇਹ ਸਾਰੇ ਸੰਤ, ਭਗਤ ਤੇ ਭੱਟ ਵੱਖ-ਵੱਖ ਧਰਮਾਂ, ਜਾਤਾਂ, ਫ਼ਿਰਕਿਆਂ ਅਤੇ ਇਲਾਕਿਆਂ ਨਾਲ ਸੰਬੰਧਤ ਹਨ। 'ਸ੍ਰੀ ਗੁਰੂ ਗ੍ਰੰਥ ਸਾਹਿਬ' ਦਾ ਮੂਲ ਆਧਾਰ ਅਧਿਆਤਮਿਕਤਾ ਹੈ ਜਿਸ ਵਿਚ ਪਰਮਾਤਮਾ, ਜੀਵਾਤਮਾ, ਸ੍ਰਿਸ਼ਟੀ, ਮਾਇਆ ਅਤੇ ਮੁਕਤੀ ਉੱਤੇ ਬਲ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਮਨੁੱਖ ਦੇ ਜੀਵਨ ਵਿਚ ਨੈਤਿਕ ਮੁੱਲਾਂ ਦੀ ਸਥਾਪਨਾ ਕਰਦੇ ਹੋਏ ਸਦਗੁਣਾਂ ਨੂੰ ਅਪਣਾਉਣ ਤੇ ਔਗੁਣਾਂ ਨੂੰ ਤਿਆਗਣ 'ਤੇ ਵੀ ਜ਼ੋਰ ਦਿੱਤਾ ਗਿਆ ਹੈ ਕਿਉਂਕਿ ਨੈਤਿਕਤਾ ਅਧਿਆਤਮਿਕਤਾ ਦੀ ਮੂਲ ਚੂਲ ਹੈ। ਨੈਤਿਕਤਾ ਵਿਚ ਦਇਆ, ਸਬਰ, ਸੰਤੋਖ, ਧੀਰਜ, ਸੰਜਮਤਾ, ਨਿਮਰਤਾ, ਸਹਿਣਸ਼ੀਲਤਾ, ਦਾਨ-ਪੁੰਨ ਤੇ ਸੇਵਾ ਆਦਿ ਦੇ ਗੁਣ ਆ ਜਾਂਦੇ ਹਨ। ਨੈਤਿਕਤਾ ਇਕ ਪਾਸੇ ਜੀਵ-ਆਤਮਾ ਨੂੰ ਮੂਲ ਸ੍ਰੋਤ ਪਰਮਾਤਮਾ ਨਾਲ ਜੋੜਨ ਵਿਚ ਸਹਾਇਕ ਹੁੰਦੀ ਹੈ ਅਤੇ ਦੂਜੇ ਪਾਸੇ ਸੰਸਾਰ ਵਿਚ ਰਹਿੰਦਿਆਂ ਨਿਮਰਤਾ, ਸਬਰ, ਸੰਤੋਖ ਦਾ ਧਾਰਨੀ ਤੇ ਪਰਉਪਕਾਰੀ ਹੋ ਕੇ ਇਕ ਆਦਰਸ਼ ਸਮਾਜ ਸਿਰਜਣ ਦਾ ਕਾਰਨ ਵੀ ਬਣਦੀ ਹੈ। ਜਿਥੋਂ ਤਕ 'ਸ੍ਰੀ ਗੁਰੂ ਗ੍ਰੰਥ ਸਾਹਿਬ' ਵਿਚ ਨੈਤਿਕਤਾ ਦਾ ਸੰਬੰਧ ਹੈ ਇਸ ਵਿਚ ਨੈਤਿਕਤਾ ਤੇ ਧਰਮ ਨੂੰ ਇਕ ਦੂਜੇ ਤੋਂ ਨਿਖੇੜਿਆ ਨਹੀਂ ਜਾ ਸਕਦਾ।

ਡਾ. ਅਵਤਾਰ ਸਿੰਘ ਅਨੁਸਾਰ: "ਸ੍ਰੀ ਗੁਰੂ ਗ੍ਰੰਥ ਸਾਹਿਬ ਇਕ ਪਰਮਾਤਮਾ ਦੀ ਹੋਂਦ ਦਾ ਦ੍ਰਿੜ੍ਹ ਵਿਸ਼ਵਾਸੀ ਹੈ। ਮਨੁੱਖਾ-ਜੀਵਨ ਦਾ ਭਾਵ ਅਤੇ ਕੀਮਤ ਇਸ ਵਿਸ਼ਵਾਸ ਦੇ ਸੱਚ ਤੋਂ ਹੀ ਉਪਜਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ 'ਤੇ ਇਕ ਸਰਸਰੀ ਨਜ਼ਰ ਵੀ ਪਾਠਕ ਨੂੰ, ਬਿਨਾਂ ਕਿਸੇ ਸੰਕੋਚ ਦੇ ਇਸ ਨਿਸ਼ਚੇ 'ਤੇ ਪਹੁੰਚਾ ਦਿੰਦੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਧਾਰਨਾ ਵਾਹਿਗੁਰੂ ਪ੍ਰਤੀ ਡੂੰਘੀ ਤੇ ਤੀਬਰ ਪ੍ਰੇਮਾ-ਭਗਤੀ ਅਤੇ ਉਸ ਦੇ ਹੁਕਮ ਪ੍ਰਤੀ ਰਜ਼ਾ ਵਿਚ ਰਹਿਣ 'ਤੇ ਆਧਾਰਿਤ ਹੈ। ਇਸ ਤਰ੍ਹਾਂ ਨੈਤਿਕ ਸਿਧਾਂਤਾਂ ਦਾ ਢਾਂਚਾ ਵਾਹਿਗੁਰੂ ਵਿਚ ਅਟੁੱਟ ਵਿਸ਼ਵਾਸ ਅਤੇ ਉਸ ਦੇ ਹੁਕਮ ਪ੍ਰਤੀ ਪਿਆਰ ਦੀ ਮਜ਼ਬੂਤ ਨੀਂਹ 'ਤੇ ਖੜ੍ਹਾ ਹੈ। ਇਸ ਅਨੁਸਾਰ ਕੇਵਲ ਉਹ ਕਰਮ ਹੀ ਉਚਿਤ ਹਨ ਜਿਹੜੇ ਮਨੁੱਖ ਨੂੰ ਵਾਹਿਗੁਰੂ ਪ੍ਰਾਪਤੀ ਦੇ ਰਸਤੇ 'ਤੇ ਅੱਗੇ ਵਧਾਉਣ।...ਜਗਿਆਸੂ ਦਾ ਜੀਵਨ ਨੈਤਿਕ ਆਚਰਨ ਵਾਲਾ ਹੋਣਾ ਚਾਹੀਦਾ ਹੈ। ਅਨੈਤਿਕ ਵਿਅਕਤੀ ਨਾ ਵਾਹਿਗੁਰੂ ਪ੍ਰਤੀ ਪ੍ਰੇਮ ਦੇ ਯੋਗ ਹੁੰਦਾ ਹੈ ਅਤੇ ਨਾ ਹੀ ਉਸ ਨੂੰ ਪ੍ਰਾਪਤ ਕਰ ਸਕਦਾ ਹੈ। ਇਸ ਤਰ੍ਹਾਂ ਵਾਹਿਗੁਰੂ ਦੀ ਹੋਂਦ ਵਿਚ ਨਿਸ਼ਚਾ ਅਤੇ ਨੈਤਿਕ ਜੀਵਨ ਆਪਸ ਵਿਚ ਜ਼ਰੂਰੀ ਅਤੇ ਪ੍ਰਯੋਜਨਮਈ ਸੰਬੰਧ ਰੱਖਦੇ ਹਨ।"[੧] ਇਸ ਤਰ੍ਹਾਂ ਨੈਤਿਕਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਇਕ ਮਹੱਤਵਪੂਰਨ ਤੇ ਅਨਿੱਖੜਵਾਂ ਅੰਗ ਹੈ। ਗੁਰਬਾਣੀ ਵਿਚ ਆਚਰਨ-ਉੱਚਤਾ ਨੂੰ ਬਹੁਤ ਜ਼ਿਆਦਾ ਉਚੇਰਾ ਦੱਸਿਆ ਗਿਆ ਹੈ:

**ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ॥**

*(ਪੰਨਾ ੬੨)*

ਸ੍ਰੀ ਗੁਰੂ ਨਾਨਕ ਦੇਵ ਜੀ ਨੇ 'ਜਪੁਜੀ ਸਾਹਿਬ' ਦੀ ਪਹਿਲੀ ਪਉੜੀ ਵਿਚ ਹੀ ਇਹ ਪ੍ਰਸ਼ਨ ਉਠਾਇਆ ਹੈ ਕਿ "ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ॥" 'ਸਚਿਆਰਾ' ਹੋਣ ਲਈ 'ਕੂੜ ਦੀ ਪਾਲ' ਨੂੰ ਤੋੜਨਾ ਅਤਿਅੰਤ ਜ਼ਰੂਰੀ ਹੈ ਕਿਉਂਕਿ ਇਹ ਹੀ ਜੀਵਾਤਮਾ ਪਰਮਾਤਮਾ ਦੇ ਮਿਲਾਪ ਵਿਚ ਰੁਕਾਵਟ ਬਣਦੀ ਹੈ। ਫਿਰ ਸ੍ਰੀ ਗੁਰੂ ਨਾਨਕ ਦੇਵ ਜੀ ਇਸ ਪ੍ਰਸ਼ਨ ਦਾ ਉੱਤਰ ਦਿੰਦੇ ਹਨ ਕਿ 'ਕੂੜ ਦੀ ਪਾਲ' ਨੂੰ ਪਰਮਾਤਮਾ ਦੇ 'ਹੁਕਮ ਤੇ ਰਜ਼ਾ' ਵਿਚ ਰਹਿ ਕੇ ਹੀ ਤੋੜਿਆ ਜਾ ਸਕਦਾ ਹੈ:

**ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ॥** *(ਪੰਨਾ ੧)*

ਗੁਰਬਾਣੀ ਅਨੁਸਾਰ ਜੀਵਾਤਮਾ ਤੇ ਪਰਮਾਤਮਾ ਵਿਚ ਕੋਈ ਅੰਤਰ ਨਹੀਂ; ਜੋ ਅੰਤਰ ਦਿੱਸਦਾ ਹੈ ਉਹ ਮਾਇਆ ਕਾਰਨ ਹੈ। ਜੀਵ ਮਾਇਆ ਕਾਰਨ ਵਿਸ਼ੇ ਵਿਕਾਰਾਂ-ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਵਿਚ ਫਸ ਕੇ ਪਰਮਾਤਮਾ ਨੂੰ ਵਿਸਾਰ ਦਿੰਦਾ ਹੈ। ਨਤੀਜੇ ਵਜੋਂ ਜਨਮ-ਮਰਨ ਦੇ ਗੇੜ ਵਿਚ ਫਸਿਆ ਰਹਿੰਦਾ ਹੈ:

**ਕਾਮੁ ਕ੍ਰੋਧੁ ਕਾਇਆ ਕਉ ਗਾਲੈ॥**
**ਜਿਉ ਕੰਚਨ ਸੋਹਾਗਾ ਢਾਲੈ॥** *(ਪੰਨਾ ੯੩੨)*

**ਮ੍ਰਿਗ ਮੀਨ ਭ੍ਰਿੰਗ ਪਤੰਗ ਕੁੰਚਰ ਏਕ ਦੋਖ ਬਿਨਾਸ॥**
**ਪੰਚ ਦੋਖ ਅਸਾਧ ਜਾ ਮਹਿ ਤਾ ਕੀ ਕੇਤਕ ਆਸ॥** *(ਪੰਨਾ ੪੮੬)*

ਜਿੱਥੇ ਗੁਰਬਾਣੀ ਵਿਚ ਜੀਵ ਨੂੰ ਇਨ੍ਹਾਂ ਵਿਸ਼ੇ-ਵਿਕਾਰਾਂ-ਕਾਮ, ਕ੍ਰੋਧ, ਲੋਭ, ਮੋਹ ਤੇ ਹੰਕਾਰ ਤੋਂ ਬਚਣ ਉੱਤੇ ਜ਼ੋਰ ਦਿੱਤਾ ਗਿਆ ਹੈ ਉਥੇ ਗੁਰਬਾਣੀ ਦੇ ਪ੍ਰਸਿੱਧ ਮਹਾਂਵਾਕ "ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ॥" (ਪੰਨਾ ੪੬੬) ਅਨੁਸਾਰ ਜੇ ਇਨ੍ਹਾਂ 'ਤੇ ਕਾਬੂ ਪਾ ਕੇ, ਇਨ੍ਹਾਂ ਨੂੰ ਵੱਸ ਵਿਚ ਕਰ ਕੇ ਸਾਕਾਰੀ ਰੂਪ ਵਿਚ ਸਹਾਇਤਾ ਲਈ ਜਾਵੇ ਤਾਂ ਇਹ ਦੁਸ਼ਮਣ ਨਹੀਂ ਸਗੋਂ ਦੋਸਤ ਹੋ ਨਿੱਬੜਦੇ ਹਨ। ਗੁਰਬਾਣੀ ਵਿਚ ਦਇਆ, ਸਬਰ, ਸੰਤੋਖ ਤੇ ਸੰਜਮ ਆਦਿ ਨੈਤਿਕ ਗੁਣਾਂ ਨੂੰ ਧਾਰਨ ਕਰਨ 'ਤੇ ਜ਼ੋਰ ਦਿੱਤਾ ਗਿਆ ਹੈ:

**ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ॥**
**ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ॥**
**ਨਾ ਏਹੁ ਤੁਟੈ ਨਾ ਮਲੁ ਲਗੈ ਨਾ ਏਹੁ ਜਲੈ ਨ ਜਾਇ॥**
**ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ॥** *(ਪੰਨਾ ੪੭੧)*

ਸ੍ਰੀ ਗੁਰੂ ਨਾਨਕ ਦੇਵ ਜੀ ਅਨੁਸਾਰ ਨਿਮਰਤਾ ਤੇ ਮਿੱਠੇ ਬੋਲ ਸਾਰੀਆਂ ਚੰਗਿਆਈਆਂ ਦਾ ਨਿਚੋੜ ਹਨ। ਆਪ ਸਿੰਮਲ ਰੁੱਖ ਦੇ ਦ੍ਰਿਸ਼ਟਾਂਤ ਰਾਹੀਂ ਇਕ ਉਚੇਰੇ ਸਦਾਚਾਰੀ ਜੀਵਨ ਦਾ ਉਪਦੇਸ਼ ਦਿੰਦੇ ਹਨ:

**ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ॥**
**ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ॥**
**ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ॥**
**ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ॥** *(ਪੰਨਾ ੪੭੦)*

ਗੁਰਬਾਣੀ ਅਨੁਸਾਰ ਫਿੱਕੇ ਬੋਲ ਬੋਲਣ ਨਾਲ ਮਨੁੱਖ ਦਾ ਤਨ ਤੇ ਮਨ ਵੀ ਫਿੱਕਾ ਹੋ ਜਾਂਦਾ ਹੈ। ਇਹੋ ਜਿਹੇ ਫਿੱਕੇ ਬੋਲ ਬੋਲਣ ਵਾਲੇ ਨੂੰ ਪਰਮਾਤਮਾ ਦੀ ਦਰਗਾਹ ਵਿਚ ਵੀ ਸਥਾਨ ਨਹੀਂ ਮਿਲਦਾ:

**-ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ॥**
**ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ॥**
**ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ॥**
**ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ॥** *(ਪੰਨਾ ੪੭੩)*

**-ਇਕੁ ਫਿਕਾ ਨ ਗਾਲਾਇ ਸਭਨਾ ਮੈ ਸਚਾ ਧਣੀ॥**
**ਹਿਆਉ ਨ ਕੈਹੀ ਠਾਹਿ ਮਾਣਕ ਸਭ ਅਮੋਲਵੇ॥** *(ਪੰਨਾ ੧੩੮੪)*

ਕਿਰਤ ਕਰਨ, ਨਾਮ ਜਪਣ ਤੇ ਵੰਡ ਛਕਣ ਦਾ ਸੰਦੇਸ਼ ਵੀ ਉਪਰੋਕਤ ਗੁਣਾਂ ਨੂੰ ਸਪੱਸ਼ਟ ਕਰਦਾ ਹੈ। ਗੁਰਬਾਣੀ ਵਿਚ ਚੰਗੇਰੇ ਮਨੁੱਖ ਲਈ ਉੱਦਮ ਤੇ ਦਸਾਂ ਨਹੁੰਆਂ ਦੀ ਕਿਰਤ-ਕਮਾਈ ਕਰਨ 'ਤੇ ਬਲ ਦਿੱਤਾ ਗਿਆ ਹੈ:

**ਉਦਮੁ ਕਰੇਦਿਆ ਜੀਉ ਤੂੰ ਕਮਾਵਦਿਆ ਸੁਖ ਭੁੰਚੁ॥** *(ਪੰਨਾ ੫੨੨)*

ਨਾਲ ਹੀ: ਘਾਲਿ ਖਾਇ ਕਿਛੁ ਹਥਹੁ ਦੇਇ॥ ਨਾਨਕ ਰਾਹੁ ਪਛਾਣਹਿ ਸੇਇ॥ (ਪੰਨਾ ੧੨੪੫) ਦਾ ਸੰਦੇਸ਼ ਦਿੰਦਿਆਂ ਦੂਸਰਿਆਂ ਦੇ ਹੱਕ ਮਾਰਨ ਵਾਲੇ ਨੂੰ ਭੰਡਿਆ ਗਿਆ ਹੈ। ਜਿਸ ਤਰ੍ਹਾਂ ਹਿੰਦੂਆਂ ਲਈ ਗਊ ਦਾ ਮਾਸ ਖਾਣਾ

*(ਬਾਕੀ ਪੰਨਾ ੨੨ 'ਤੇ)*

# ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੀ ਸਖਸ਼ੀਅਤ ਨੂੰ ਹੋਰ ਨਿਖਾਰਨ 'ਚ ਸਹਾਈ ਹੋਵੇਗਾ 'ਗੁਰਮਤਿ ਸਿਖਲਾਈ ਸਕੂਲ ਬਹਾਦਰਗੜ੍ਹ (ਪਟਿਆਲਾ)'



ਵੱਡੀਆਂ ਲਾਸਾਨੀ ਕੁਰਬਾਨੀਆਂ ਤੋਂ ਬਾਅਦ ਹੋਂਦ ਵਿੱਚ ਆਈ ਸਿੱਖ-ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਕਾਰਜ ਗੁਰਦੁਆਰਾ ਸਾਹਿਬਾਨ ਦੀ ਉਚਿੱਤ ਢੰਗ ਨਾਲ ਸੇਵਾ ਸੰਭਾਲ ਕਰਨ ਅਤੇ ਸਿੱਖੀ ਦਾ ਪ੍ਰਚਾਰ ਤੇ ਪ੍ਰਸਾਰ ਕਰਨਾ ਹੈ। ਪਰ ਇਹਨਾਂ ਕਾਰਜਾਂ ਦੇ ਨਾਲ-ਨਾਲ ਲੋਕਤੰਤਰੀਕ ਢੰਗ ਨਾਲ ਚੁਣੀ ਜਾਂਦੀ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮਨੁੱਖੀ ਭਲਾਈ ਕਾਰਜਾਂ ਵਿਚ ਆਪਣਾ ਵੱਡਾ ਯੋਗਦਾਨ ਪਾਉਂਦਿਆ ਹੋਇਆ ਵੱਡੀ ਗਿਣਤੀ ਵਿੱਚ ਸਕੂਲ, ਕਾਲਜ, ਇੰਜੀਨਿਅਰਿੰਗ ਕਾਲਜ, ਮੈਡੀਕਲ ਕਾਲਜ, ਯੂਨੀਵਰਸਿਟੀਆ, ਹਸਪਤਾਲਾਂ, ਡਿਸਪੈਸਰੀਆਂ ਆਦਿ ਚਲਾ ਕੇ ਲੋਕਾਈ ਨੂੰ ਆਪਣੀਆ ਵੱਡਮੁੱਲੀਆ ਸੇਵਾਵਾ ਵੀ ਦੇ ਰਹੀ ਹੈ। ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇੱਕ ਰਿਆਸਤ ਵਿਚ ਰਿਆਸਤ ਦੇ ਰੂਪ ਵੱਜੋਂ ਮੰਨਿਆ ਜਾਦਾ ਹੈ, ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਏਡੇ ਵੱਡੇ ਪਸਾਰੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਮੁਲਾਜ਼ਮ ਕੰਮ ਕਰਦੇ ਹਨ। ਜੋ ਕੀ ਸੰਸਥਾ ਦੇ ਪ੍ਰਬੰਧਕੀ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਬੇਸ਼ੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੁਲਾਜ਼ਮਾਂ ਵੱਲੋਂ ਆਪਣੀਆ ਸੇਵਾਵਾਂ ਵਧੀਆ ਢੰਗ ਨਾਲ ਨਿਭਾਈਆ ਜਾ ਰਹੀਆਂ ਹਨ, ਪਰ ਸਮੇਂ ਦੀ ਹਮੇਸ਼ਾ ਲੋੜ ਰਹਿੰਦੀ ਹੈ ਕਿ ਸੰਸਥਾ ਦੇ ਮੁਲਾਜਮਾਂ ਦੇ ਰਿਫਰੈਸ਼ਰ ਕੋਰਸ ਲਗਾ ਕੇ ਉਨ੍ਹਾਂ ਨੂੰ ਵਰਤਮਾਨ ਦੇ ਅਨੁਕੂਲ ਬਣਾਇਆ ਜਾ ਸਕੇ। ਇਸੇ ਉਦੇਸ਼ ਦੀ ਪ੍ਰਾਪਤੀ ਨੂੰ ਲੈ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਸੰਸਥਾ ਦੇ ਮੁਲਾਜਮਾਂ ਦੀ ਸਖਸ਼ੀਅਤ ਨੂੰ ਹੋਰ ਨਿਖਾਰਨ ਲਈ ਪੰਥ ਰਤਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ ਬਹਾਦਰਗੜ, ਪਟਿਆਲਾ ਵਿਖੇ ਖੋਲ੍ਹਿਆ ਗਿਆ ਗੁਰਮਤਿ ਸਿਖਲਾਈ ਸਕੂਲ ਆਪਣੇ ਆਪ ਵਿੱਚ ਇੱਕ ਮਿਸਾਲੀ ਕਾਰਜ ਹੈ। ਜੋ ਸੰਗਤਾਂ ਨਾਲ ਰਾਬਤਾ ਰੱਖਣ ਵਾਲੇ ਸ਼੍ਰੋਮਣੀ ਕਮੇਟੀ ਦੇ

ਮੁਲਾਜ਼ਮਾਂ ਨੂੰ ਨਵੀ ਉਸਾਰੂ ਸੇਧ ਦੇਣ ਵਿੱਚ ਸਹਾਈ ਸਿੱਧ ਹੋਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਦੀ ਉੱਤਮ ਸੋਚ ਦੇ ਸਦਕਾ ਹੋਂਦ ਵਿੱਚ ਆਏ ਗੁਰਮਤਿ ਸਿਖਲਾਈ ਸਕੂਲ ਅੰਦਰ ਪਹਿਲੇ ਪੜਾਅ ਦੇ ਅੰਤਰਗਤ ਸ਼੍ਰੋਮਣੀ ਕਮੇਟੀ ਦੇ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕ, ਕਥਾਵਾਚਕ, ਗ੍ਰੰਥੀ, ਸੇਵਾਦਾਰ, ਹੈਲਪਰ ਤੇ ਕਲਰਕਾਂ ਦੇ ਪਹਿਲੇ 55 ਮੈਂਬਰੀ ਬੈਂਚ ਨੂੰ ਇੱਕ ਮਹੀਨੇ ਦੇ ਅਰਸੇ ਦੀ ਗੁਰਮਤਿ ਸਿਖਲਾਈ ਦੇਣੀ ਅਰੰਭ ਹੋ ਚੁੱਕੀ ਹੈ। ਡਾ. ਗੁਰਵੀਰ ਸਿੰਘ ਡਾਇਰੈਕਟਰ ਪੰਥ ਰਤਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ ਤੇ ਡਾ. ਪਰਮਵੀਰ ਸਿੰਘ (ਪ੍ਰੋ. ਸਿੱਖ ਵਿਸ਼ਵ ਕੋਸ਼ ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ) ਦੀ ਦੇਖ ਰੇਖ ਹੇਠ ਸਿੱਖ ਕੌਮ ਦੇ ਪ੍ਰਮੁੱਖ ਵਿਦਵਾਨ, ਬੁੱਧੀਜੀਵੀਆਂ, ਪ੍ਰੋਫੈਸਰ ਸਾਹਿਬਾਨਾਂ ਸਮੇਤ ਪ੍ਰਮੁੱਖ ਸਿੱਖ ਧਾਰਮਿਕ ਸਖਸ਼ੀਅਤਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਨੂੰ ਸਿੱਖ ਰਹਿਤ ਮਰਯਾਦਾ, ਸਿੱਖ ਇਤਿਹਾਸ, ਸ਼ੁੱਧ ਗੁਰਬਾਣੀ ਉਚਾਰਣ ਦੀ ਜਾਣਕਾਰੀ ਦੇਣ ਦੇ ਨਾਲ-ਨਾਲ ਉਹਨਾਂ ਨੂੰ ਬੋਲ-ਚਾਲ ਦੀ ਸ਼ੈਲੀ, ਪਹਿਰਾਵੇ, ਗੁਰਦੁਆਰਾ ਪ੍ਰਬੰਧ ਵਿੱਚ ਸੁਧਾਰ ਲਿਆਉਣ ਸਬੰਧੀ ਵੀ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਕਿ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਉਕਤ ਸਕੂਲ ਵਿੱਚੋਂ



ਗੁਰਮਤਿ ਤੇ ਪ੍ਰਬੰਧਕੀ ਕਾਰਜਾਂ ਦੀ ਸਿਖਲਾਈ ਪ੍ਰਾਪਤ ਕਰਕੇ ਸੰਗਤਾਂ ਦੇ ਸਨਮੁੱਖ ਇੱਕ ਰੋਲ ਮਾਡਲ ਦੇ ਰੂਪ ਵੱਜੋਂ ਵਿਚਰਕੇ ਪੰਥ ਦੀ ਸਿਰਮੋਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨਾਮ ਹੋਰ ਰੌਸ਼ਨ ਕਰਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਬਡੂੰਗਰ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਗੁਰਧਾਮਾਂ ਦੇ ਪ੍ਰਬੰਧਾਂ ਵਿੱਚ ਹੋਰ ਸੁਧਾਰ ਲਿਆਉਣ ਅਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੇ ਕਾਰ-ਵਿਹਾਰ ਵਿੱਚ ਵੱਡੀ ਤਬਦੀਲੀ ਲਿਆਉਣ ਹਿੱਤ ਖੋਹਲਿਆ ਗਿਆ ਗੁਰਮਤਿ ਸਿਖਲਾਈ ਸਕੂਲ ਆਉਣ ਵਾਲੇ ਸਮੇਂ ਦੌਰਾਨ ਸਮੁੱਚੀ ਸਿੱਖ ਕੌਮ ਦੇ ਲਈ ਇਕ ਚਾਨਣ ਮੁਨਾਰਾ ਬਣੇਗਾ ।

*ਰਣਜੀਤ ਸਿੰਘ ਖ਼ਾਲਸਾ*



ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਵਿਖੇ ਗੁਰਮਤਿ ਸਿਖਲਾਈ ਕੇਂਦਰ ਦੀ ਆਰੰਭਤਾ ਮੌਕੇ ਸੰਬੋਧਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਸ. ਨਿਰਮਲ ਸਿੰਘ ਹਰਿਆਓ ਅਤੇ ਹੋਰ ਸ਼ਖ਼ਸੀਅਤਾਂ। ਹੇਠਾਂ: ਕੈਂਪ ਵਿਚ ਸ਼ਾਮਲ ਸੰਗਤਾਂ।

(16 ਫਰਵਰੀ 2017)



ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਦੀ ਨਵੀਂ ਬਣੀ ਆਧੁਨਿਕ ਤੇ ਵਿਰਾਸਤੀ ਇਮਾਰਤ ਦਾ ਉਦਘਾਟਨ ਕਰਦੇ ਹੋਏ। (17 ਫਰਵਰੀ 2017)



ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਵਿਖੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸਨਮਾਨਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ। (17 ਫਰਵਰੀ 2017)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ ਦੇ ਨਾਲ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾ. ਦਲਜੀਤ ਸਿੰਘ ਚੀਮਾ ਕੈਬਨਿਟ ਮੰਤਰੀ ਪੰਜਾਬ, ਸ. ਅਮਰਜੀਤ ਚਾਵਲਾ ਜਨਰਲ ਸਕੱਤਰ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਅਤੇ ਹੋਰ। (19 ਫਰਵਰੀ 2017)




ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸ੍ਰੀ ਨਿਤਿਸ਼ ਕੁਮਾਰ ਮੁੱਖ ਮੰਤਰੀ ਬਿਹਾਰ ਦਾ ਸਨਮਾਨ ਕਰਦੇ ਹੋਏ ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਡਾ. ਦਲਜੀਤ ਸਿੰਘ ਚੀਮਾ ਕੈਬਨਿਟ ਮੰਤਰੀ, ਸ. ਅਮਰਜੀਤ ਚਾਵਲਾ ਜਨਰਲ ਸਕੱਤਰ, ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਸ. ਹਰਚਰਨ ਸਿੰਘ ਮੁੱਖ ਸਕੱਤਰ ਅਤੇ ਹੋਰ। (19 ਫਰਵਰੀ 2017)



ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਅਤੇ ਉਨ੍ਹਾਂ ਨਾਲ ਆਏ ਮੈਂਬਰਾਨ ਦਾ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਤੇ ਅਹੁਦੇਦਾਰ। (6 ਮਾਰਚ 2017)




ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਅਤੇ ਉਨ੍ਹਾਂ ਨਾਲ ਆਏ ਮੈਂਬਰਾਨ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਨਮਾਨਤ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਬਾਬਾ ਹਰਨਾਮ ਸਿੰਘ ਖਾਲਸਾ ਤੇ ਹੋਰ। (6 ਮਾਰਚ 2017)



ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਅਤੇ ਮੀਟਿੰਗ ਵਿਚ ਹਾਜ਼ਰ ਅਹੁਦੇਦਾਰ, ਅੰਤ੍ਰਿੰਗ ਮੈਂਬਰਾਨ ਅਤੇ ਅਧਿਕਾਰੀ।

(17 ਫਰਵਰੀ 2017)



ਡੇਰਾ ਸਿਰਸਾ ਜਾਂਚ ਕਮੇਟੀ ਦੇ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਤੇ ਭਾਈ ਗੁਰਚਰਨ ਸਿੰਘ ਗਰੇਵਾਲ ਅੰਤ੍ਰਿੰਗ ਕਮੇਟੀ ਮੈਂਬਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੂੰ ਆਪਣੀ ਜਾਂਚ ਰਿਪੋਰਟ ਸੌਂਪਦੇ ਹੋਏ।

(6 ਮਾਰਚ 2017)




ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ ਛੇਵੀਂ ਪਟਿਆਲਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਫ੍ਰੀ ਡਿਸਪੈਂਸਰੀ ਦਾ ਨੀਂਹ ਪੱਥਰ ਰੱਖਦੇ ਹੋਏ।

(25 ਫਰਵਰੀ 2017)



ਗੁਰਦੁਆਰਾ ਦੇਗਸਰ ਸਾਹਿਬ ਪਾ: ਛੇਵੀਂ ਤੇ ਦਸਵੀਂ ਕਟਾਣਾ ਸਾਹਿਬ (ਲੁਧਿਆਣਾ) ਵਿਖੇ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਮੀਟਿੰਗ 'ਚ ਹਾਜ਼ਰ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀ।

(27 ਫਰਵਰੀ 2017)

(ਪੰਨਾ ੧੮ ਦਾ ਬਾਕੀ)

ਅਤੇ ਮੁਸਲਮਾਨਾਂ ਲਈ ਸੂਰ ਦਾ ਮਾਸ ਖਾਣਾ ਧਰਮ ਅਨੁਸਾਰ ਵਿਵਰਜਤ ਹੈ, ਉਸੇ ਤਰ੍ਹਾਂ ਗੁਰਬਾਣੀ ਅਨੁਸਾਰ ਦੂਸਰਿਆਂ ਦੇ ਹੱਕਾਂ ਨੂੰ ਖੋਹਣਾ ਵੀ ਪਾਪ ਹੈ:

**-ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ॥** *(ਪੰਨਾ ੧੪੧)*

**-ਜੇ ਰਤੁ ਲਗੈ ਕਪੜੈ ਜਾਮਾ ਹੋਇ ਪਲੀਤੁ॥**
**ਜੋ ਰਤੁ ਪੀਵਹਿ ਮਾਣਸਾ ਤਿਨ ਕਿਉ ਨਿਰਮਲੁ ਚੀਤੁ॥** *(ਪੰਨਾ ੧੪੦)*

ਗੁਰਬਾਣੀ ਵਿਚ ਹਰ ਪ੍ਰਕਾਰ ਦੇ ਰੰਗ, ਨਸਲ, ਧਰਮ, ਫ਼ਿਰਕੇ ਅਤੇ ਜਾਤ ਆਧਾਰਿਤ ਭੇਦ-ਭਾਵ ਤੇ ਈਰਖਾ ਨੂੰ ਨਕਾਰਿਆ ਗਿਆ ਹੈ ਅਤੇ ਸਰਬ-ਸਾਂਝੀਵਾਲਤਾ ਨੂੰ ਸਵੀਕਾਰਿਆ ਤੇ ਉਭਾਰਿਆ ਗਿਆ ਹੈ:

**-ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ॥**
**ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ॥** *(ਪੰਨਾ ੧੩੪੯)*

**-ਨਾ ਕੋ ਬੈਰੀ ਨਹੀ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ॥** *(ਪੰਨਾ ੧੨੯੯)*

ਸਦੀਆਂ ਤੋਂ ਭਾਰਤੀ ਸਮਾਜ ਵਿਚ ਇਸਤਰੀ ਦੀ ਸਮਾਜਿਕ ਹਾਲਤ ਬਹੁਤ ਹੀ ਤਰਸਯੋਗ ਤੇ ਅਪਮਾਨਜਨਕ ਰਹੀ ਹੈ। ਉਸ ਨੂੰ ਸਮਾਜਿਕ, ਆਰਥਿਕ, ਰਾਜਨੀਤਿਕ, ਧਾਰਮਿਕ ਹੱਕਾਂ ਤੋਂ ਵਾਂਝਿਆ ਰੱਖਿਆ ਗਿਆ ਹੈ। ਇਥੋਂ ਤਕ ਕਿ ਉਸ ਨੂੰ ਆਦਮੀ ਦੇ ਪੈਰ ਦੀ ਜੁੱਤੀ ਤਕ ਕਿਹਾ ਜਾਂਦਾ ਸੀ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਇਸ ਜਬਰ, ਜ਼ੁਲਮ ਤੇ ਅੱਤਿਆਚਾਰ ਦੇ ਖ਼ਿਲਾਫ਼ ਆਵਾਜ਼ ਉਠਾਉਂਦੇ ਹੋਏ ਸਮਾਜ ਵਿਚ ਉਸ ਨੂੰ ਬਰਾਬਰੀ ਦਾ ਦਰਜਾ ਦਿੱਤਾ:

**ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥** *(ਪੰਨਾ ੪੭੩)*

ਮੱਧਕਾਲੀਨ ਸਮਾਜ ਵਿਚ ਬਹੁਤ ਸਾਰੀਆਂ ਸਮਾਜਿਕ ਕੁਰੀਤੀਆਂ ਪ੍ਰਚੱਲਿਤ ਸਨ ਜਿਵੇਂ ਸਤੀ ਪ੍ਰਥਾ, ਕੁੜੀ ਮਾਰਨਾ ਤੇ ਪਰਦਾ ਆਦਿ। ਗੁਰਬਾਣੀ ਵਿਚ ਇਨ੍ਹਾਂ ਸਮਾਜਿਕ ਕੁਰੀਤੀਆਂ ਦਾ ਖੰਡਨ ਕੀਤਾ ਗਿਆ ਹੈ। ਸ੍ਰੀ ਗੁਰੂ ਅਮਰਦਾਸ ਜੀ ਅਨੁਸਾਰ ਅਸਲ ਸਤੀ ਇਸਤਰੀਆਂ ਤਾਂ ਉਹ ਹਨ ਜਿਨ੍ਹਾਂ ਸਾਊਪੁਣਾ ਤੇ ਸੰਤੋਖ ਜਿਹੇ ਗੁਣਾਂ ਨੂੰ ਧਾਰਨ ਕੀਤਾ ਹੁੰਦਾ ਹੈ, ਜੋ ਆਪਣੇ ਪਤੀ ਦੀ ਸੇਵਾ ਕਰਦੀਆਂ ਤੇ ਉਸ ਦੀ ਯਾਦ ਨੂੰ ਮਨ ਵਿਚ ਵਸਾ ਕੇ ਰੱਖਦੀਆਂ ਹਨ:

**ਸਤੀਆ ਏਹਿ ਨ ਆਖੀਅਨਿ ਜੋ ਮੜਿਆ ਲਗਿ ਜਲੰਨ੍ਹਿ॥**
**ਨਾਨਕ ਸਤੀਆ ਜਾਣੀਅਨ੍ਹਿ ਜਿ ਬਿਰਹੇ ਚੋਟ ਮਰੰਨ੍ਹਿ॥**
**ਭੀ ਸੋ ਸਤੀਆ ਜਾਣੀਅਨਿ ਸੀਲ ਸੰਤੋਖਿ ਰਹੰਨ੍ਹਿ॥**
**ਸੇਵਨਿ ਸਾਈ ਆਪਣਾ ਨਿਤ ਉਠਿ ਸੰਮ੍ਾਲੰਨ੍ਹਿ॥** *(ਪੰਨਾ ੭੮੭)*

ਗੁਰਬਾਣੀ ਵਿਚ ਨਿੰਦਿਆ ਤੋਂ ਬਚਣ ਲਈ ਆਦਰਸ਼ ਸੇਧ ਬਖਸ਼ੀ ਗਈ ਹੈ:

**ਜਿਸੁ ਅੰਦਰਿ ਚੁਗਲੀ ਚੁਗਲੋ ਵਜੈ ਕੀਤਾ ਕਰਤਿਆ ਓਸ ਦਾ ਸਭੁ ਗਇਆ॥**
**ਨਿਤ ਚੁਗਲੀ ਕਰੇ ਅਣਹੋਦੀ ਪਰਾਈ ਮੁਹੁ ਕਢਿ ਨ ਸਕੈ ਓਸ ਦਾ ਕਾਲਾ ਭਇਆ॥**

*(ਪੰਨਾ ੩੦੮)*

ਇਸ ਤੋਂ ਇਲਾਵਾ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸੇਵਾ, ਦਾਨ, ਸੁਕਰਮ ਤੇ ਪਰਉਪਕਾਰ ਆਦਿ ਨੈਤਿਕ ਗੁਣਾਂ ਦੀ ਵੀ ਚਰਚਾ ਕੀਤੀ ਗਈ ਹੈ। ਉਪਰੋਕਤ ਸਮੁੱਚੀ ਚਰਚਾ ਤੋਂ ਬਾਅਦ ਅਸੀਂ ਕਹਿ ਸਕਦੇ ਹਾਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ "ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ॥" (ਪੰਨਾ ੬੨) ਕਹਿ ਕੇ ਜੀਵ ਦੇ ਜੀਵਨ ਵਿਚ ਨੈਤਿਕ ਮੁੱਲਾਂ ਦੇ ਮਹੱਤਵ ਨੂੰ ਪ੍ਰਗਟਾਇਆ ਗਿਆ ਹੈ। ਇਨ੍ਹਾਂ ਨੈਤਿਕ ਗੁਣਾਂ 'ਤੇ ਚੱਲਦਿਆਂ ਹੀ ਜੀਵ ਆਪਣੇ ਮੂਲ ਸ੍ਰੋਤ ਪਰਮਾਤਮਾ ਨਾਲ ਮਿਲਾਪ ਕਰ ਸਕਦਾ ਹੈ।

## ਹਵਾਲੇ ਅਤੇ ਟਿੱਪਣੀਆਂ:

੧. ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨੈਤਿਕ ਸਿਧਾਂਤ- ਇਕ ਦਾਰਸ਼ਨਿਕ ਸਰਵੇਖਣ, ਨਾਨਕ ਪ੍ਰਕਾਸ਼ ਪੱਤ੍ਰਿਕਾ, ਦਸੰਬਰ ੧੯੭੬, ਸੰਪਾਦਕ ਡਾ. ਤਾਰਨ ਸਿੰਘ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਭਾਗ, ਪੰ. ਯੂ. ਪਟਿਆਲਾ, ਪੰਨਾ ੧੬੩.

ਗੁਰਮਤਿ ਪ੍ਰਕਾਸ਼, ਸਤੰਬਰ ੨੦੦੭

# ਭਾਈ ਗੁਰਦਾਸ ਜੀ ਦੀ ਰਚਨਾ ਵਿਚ ਇਕ ਆਦਰਸ਼ਕ ਸਿੱਖ ਦਾ ਚਿੱਤਰ

*-ਡਾ. ਅਵਤਾਰ ਸਿੰਘ**

ਭਾਈ ਸਾਹਿਬ ਭਾਈ ਗੁਰਦਾਸ ਜੀ ਇਕ ਮਹਾਨ ਆਦਰਸ਼ਕ ਸਿੱਖ ਸਨ। ਆਪ ਕੇਵਲ ਗੁਰੂ-ਘਰ ਦੇ ਅਨਿੰਨ ਸ਼ਰਧਾਲੂ ਗੁਰਸਿੱਖ ਤੇ ਨਿਕਟਵਰਤੀ ਹੀ ਨਹੀਂ ਸਨ ਸਗੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਥਮ ਲਿਖਾਰੀ ਅਤੇ ਗੁਰਬਾਣੀ ਦੇ ਮਹਾਨ ਵਿਆਖਿਆਕਾਰ ਵੀ ਸਨ। ਉਨ੍ਹਾਂ ਨੇ ਆਪਣੀ ਰਚਨਾ ਵਿਚ ਇਕ ਆਦਰਸ਼ਕ ਸਿੱਖ ਦਾ ਚਿੱਤਰ ਏਨੀ ਸ਼ਿੱਦਤ ਨਾਲ ਰੇਖਾਂਕਿਤ ਕੀਤਾ ਹੈ ਕਿ ਉਹ ਮਨੁੱਖ-ਮਾਤਰ ਲਈ ਪਰਮ-ਉਦੇਸ਼ ਤੇ ਪਰਮਾਰਥੀ ਜੀਵਾਂ ਲਈ ਪੱਥ-ਪ੍ਰਦਰਸ਼ਕ ਹੋ ਨਿੱਬੜਦਾ ਹੈ। ਸਾਡੇ ਹੱਥਲੇ ਲੇਖ ਦਾ ਪ੍ਰਯੋਜਨ ਭਾਈ ਸਾਹਿਬ ਜੀ ਦੀ ਰਚਨਾ ਵਿੱਚੋਂ ਆਦਰਸ਼ਕ ਸਿੱਖ ਦਾ ਦਰਸ਼ਨ ਕਰਨਾ ਹੈ। ਭਾਈ ਸਾਹਿਬ ਦੀ ਜੀਵਨ-ਸ਼ੈਲੀ 'ਤੇ ਗੁਰੂ ਸਾਹਿਬ ਦਾ ਰੰਗ ਅਤਿ ਗੂੜ੍ਹਾ ਤੇ ਮਜੀਠੜਾ ਹੈ। ਉਨ੍ਹਾਂ ਦੀ ਅਭਿਵਿਅਕਤੀ ਵਿੱਚੋਂ ਗੁਰੂ ਦਾ ਉਪਦੇਸ਼ ਸਾਖਸ਼ਾਤ ਹੋ ਨਿੱਬੜਦਾ ਹੈ। ਉਨ੍ਹਾਂ ਅਨੁਸਾਰ ਅੰਮ੍ਰਿਤ ਵੇਲੇ ਦੀ ਸੰਭਾਲ ਕਰਨਾ, ਨਾਮ-ਸਿਮਰਨ ਅਤੇ ਨਾਮ-ਅਭਿਆਸ ਵਿਚ ਜੁਟੇ ਰਹਿਣਾ, ਅਲਪ-ਅਹਾਰੀ ਤੇ ਥੋੜ੍ਹਾ ਬੋਲਣ ਵਾਲਾ ਹੋਣਾ ਇਕ ਸਿੱਖ ਦੇ ਆਮ ਲੱਛਣ ਹਨ। ਐਸਾ ਵਿਅਕਤੀ ਮਿੱਠ-ਬੋਲੜਾ, ਸਭ ਦਾ ਭਲਾ ਚਾਹੁਣ ਵਾਲਾ, ਨਿਰਹੰਕਾਰੀ ਤੇ ਨਿਮਰਤਾ ਪੂਰਵਕ ਜੀਵਨ ਬਸਰ ਕਰਨ ਵਾਲਾ, ਦੂਸਰਿਆਂ ਦੀ ਸਹਾਇਤਾ ਲਈ ਤਤਪਰ ਰਹਿਣ ਵਾਲਾ ਅਤੇ ਉੱਚੇ ਮਰਤਬੇ 'ਤੇ ਬੈਠ ਕੇ ਵੀ ਆਪਣੀ ਪ੍ਰਾਪਤੀ ਨੂੰ ਕੇਵਲ 'ਗੁਰ ਪ੍ਰਸਾਦਿ' ਸਮਝਣ ਵਾਲਾ ਹੁੰਦਾ ਹੈ। ਉਹ ਸਾਧ ਸੰਗਤ ਦਾ ਧਾਰਨੀ ਤੇ ਗੁਰੂ ਦੀ ਸਿੱਖਿਆ ਨੂੰ ਅਪਣਾਉਂਦਾ ਤੇ ਦ੍ਰਿੜ੍ਹ ਕਰਦਾ/ ਕਰਵਾਉਂਦਾ ਹੈ। ਉਹ ਦੁਨਿਆਵੀ ਫਲਾਂ ਦੀ ਤਮੰਨਾ ਨਹੀਂ ਰੱਖਦਾ ਸਗੋਂ ਸਭ ਕੁਝ ਗੁਰੂ ਦੀ ਦਇਆ-ਮਿਹਰ 'ਤੇ ਛੱਡ ਦਿੰਦਾ ਹੈ:

**ਪਿਛਲ ਰਾਤੀ ਜਾਗਣਾ ਨਾਮੁ ਦਾਨੁ ਇਸਨਾਨੁ ਦਿੜਾਏ।**
**ਮਿਠਾ ਬੋਲਣੁ ਨਿਵ ਚਲਣੁ ਹਥਹੁ ਦੇ ਕੈ ਭਲਾ ਮਨਾਏ।**
**ਥੋੜਾ ਸਵਣਾ ਖਾਵਣਾ ਥੋੜਾ ਬੋਲਨੁ ਗੁਰਮਤਿ ਪਾਏ।**
**ਘਾਲਿ ਖਾਇ ਸੁਕ੍ਰਿਤੁ ਕਰੈ ਵਡਾ ਹੋਇ ਨ ਆਪੁ ਗਣਾਏ।**
**ਸਾਧਸੰਗਤਿ ਮਿਲਿ ਗਾਂਵਦੇ ਰਾਤਿ ਦਿਹੈਂ ਨਿਤ ਚਲਿ ਚਲਿ ਜਾਏ।**
**ਸਬਦ ਸੁਰਤਿ ਪਰਚਾ ਕਰੈ ਸਤਿਗੁਰੁ ਪਰਚੈ ਮਨੁ ਪਰਚਾਏ।**
**ਆਸਾ ਵਿਚਿ ਨਿਰਾਸੁ ਵਲਾਏ॥**

***(ਵਾਰ ੨੮, ਪਉੜੀ ੧੫)***

ਆਪ ਅਜਿਹੇ ਵਿਅਕਤੀ ਨੂੰ ਗੁਰੂ ਦਾ ਸਿੱਖ ਹੋਣ ਦਾ ਮਰਤਬਾ ਦਿੰਦੇ ਹਨ। ਗੁਰਸਿੱਖ ਬਣਨ ਲਈ ਸਤਿਗੁਰੂ ਦੀ ਸ਼ਰਨ ਵਿਚ ਜਾਣਾ ਜ਼ਰੂਰੀ ਹੈ। ਗੁਰੂ ਪ੍ਰਤੀ ਹਿਰਦੇ ਵਿਚ ਏਨਾ ਪਿਆਰ ਭਰ ਜਾਵੇ ਕਿ 'ਗੁਰੂ ਗੁਰੂ ਗੁਰੂ ਕਰਿ ਮਨ ਮੋਰ' ਵਾਲੀ ਅਵਸਥਾ ਬਣ ਜਾਵੇ! ਜਦ ਜੀਵ ਲਗਾਤਾਰ ਗੁਰੂ ਦੀ ਸੰਗਤ ਕਰਦਾ ਹੈ ਤਾਂ ਗੁਰੂ ਵਾਲੇ ਗੁਣ ਪ੍ਰਗਟ ਹੋਣੇ ਸੁਭਾਵਿਕ ਹਨ: ਗੁਰ ਚੇਲਾ ਚੇਲਾ ਗੁਰੂ ਗੁਰੁ ਸਿਖ ਸੁਣਿ ਗੁਰਸਿਖੁ ਸਦਾਵੈ। (ਵਾਰ ੨੮, ਪਉੜੀ ੧੬) ਗੁਰੂ ਦੀ ਸੰਗਤ ਦੀ ਸੇਵਾ ਗੁਰੂ ਦੀ ਸੇਵਾ ਕਰਨਾ ਹੈ:

**ਗੁਰਸਿਖੀ ਦਾ ਸਿਖਣਾ ਗੁਰਮੁਖਿ ਸਾਧਸੰਗਤਿ ਦੀ ਸੇਵਾ॥**

***(ਵਾਰ ੨੮, ਪਉੜੀ ੪)***

**#-੨੧੫, ਅੰਤਰਜਾਮੀ ਕਲੋਨੀ, ਬਾਹਰਵਾਰ ਚਾਟੀਵਿੰਡ ਗੇਟ, ਅੰਮ੍ਰਿਤਸਰ।*

ਗੁਰਸਿੱਖ ਆਪ ਔਖਿਆਈਆਂ ਝੱਲ ਕੇ ਵੀ ਦੂਸਰਿਆਂ ਨੂੰ ਸੌਖਾ ਰੱਖਣ ਲਈ ਤਤਪਰ ਰਹਿੰਦਾ ਹੈ। ਭਾਈ ਸਾਹਿਬ ਗਰਮ ਪਾਣੀ ਦੀ ਉਦਾਹਰਣ ਦੇ ਕੇ ਸਮਝਾਉਂਦੇ ਹਨ ਕਿ ਅੱਗ ਨੂੰ ਠੰਡਾ ਕਰਨ ਦੀ ਸਮਰੱਥਾ ਗਰਮ ਪਾਣੀ ਵਿਚ ਵੀ ਹੁੰਦੀ ਹੈ:

**ਅਗਨਿ ਬੁਝਾਏ ਤਪਤਿ ਵਿਚਿ ਠੰਢਾ ਹੋਵੈ ਬਿਲਮੁ ਨ ਆਣੀ।**
**ਗੁਰੁਸਿਖੀ ਦੀ ਏਹ ਨੀਸਾਣੀ॥** *(ਵਾਰ ੨੮, ਪਉੜੀ ੧੩)*

ਉਸ ਦਾ ਸਭ ਸੰਜਮ, ਜਪ-ਤਪ ਪਰਮਾਤਮਾ ਦੇ ਭੈ ਵਿਚ ਰਹਿ ਕੇ ਜੀਵਨ ਬਸਰ ਕਰਨਾ ਤੇ ਹੋਰ ਵਿਭਿੰਨ ਡਰਾਂ ਤੋਂ ਦੂਰ ਰਹਿਣਾ ਹੈ:

**ਗੁਰਸਿਖੀ ਦਾ ਸੰਜਮੋ ਡਰਿ ਨਿਡਰੁ ਨਿਡਰਿ ਮੁਚ ਡਰਣਾ।**

*(ਵਾਰ ੨੮, ਪਉੜੀ ੧੦)*

ਇਵੇਂ ਗੁਰੂ ਦੇ ਮਾਰਗ 'ਤੇ ਚੱਲਦਿਆਂ ਹੋਇਆਂ ਆਪਣੇ ਹੀ ਅੰਦਰੋਂ ਜੋਤਿ ਜਾਂ ਸ਼ਬਦ ਦੇ ਦਰਸ਼ਨ ਕਰਦਾ ਹੈ, ਜਿਵੇਂ ਦਸਮ ਪਿਤਾ ਨੇ ਕਿਹਾ ਸੀ:

**ਪੂਰਨ ਜੋਤਿ ਜਗੈ ਘਟ ਮੈਂ ਤਬ ਖਾਲਿਸ ਤਾਹਿੰ ਨ ਖਾਲਿਸ ਜਾਨੈ।**

ਇਸ ਸਭ ਕੁਝ ਤੋਂ ਇਹ ਨਾ ਸਮਝ ਬੈਠੀਏ ਕਿ ਸਿੱਖ ਦਾ ਜੀਵਨ ਪਾਬੰਦੀਆਂ ਨਾਲ ਜਕੜਿਆ ਜਿਹਲਵਾਸ ਵਰਗਾ ਹੈ। ਨਹੀਂ! ਭਾਈ ਸਾਹਿਬ ਇਕ ਵਿਆਹੁਤਾ ਇਸਤਰੀ ਦੀ ਉਦਾਹਰਣ ਦੇ ਕੇ ਸਪਸ਼ਟ ਕਰਦੇ ਹਨ ਕਿ ਜਿਵੇਂ ਉਹ ਆਪਣੇ ਪਤੀ, ਬਾਲ-ਬੱਚੇ, ਮਾਤਾ-ਪਿਤਾ ਤੇ ਬਾਕੀ ਪਰਵਾਰ ਦੀ ਸੇਵਾ ਕਰਦੀ ਹੋਈ ਸੁਖ-ਸੁਆਦ ਲਈ ਬਣਦਾ-ਫੱਬਦਾ ਪਹਿਨਦੀ, ਸ਼ਿੰਗਾਰ ਵੀ ਕਰਦੀ ਹੈ ਐਪਰ ਪਤੀ ਦੀ ਹੋ ਕੇ ਇਵੇਂ ਹੀ ਗੁਰਸਿੱਖ ਆਪਣੇ ਹੀ ਗੁਰੂ ਦਾ ਹੋ ਕੇ ਜੀਵਨ ਬਤੀਤ ਕਰਦਾ ਹੈ ਨਾ ਕਿ ਹਰੇਕ ਵਿਅਕਤੀ ਵਿਸ਼ੇਸ਼ ਦੇ ਚਰਨੀਂ ਡਿੱਗਦਾ ਫਿਰਦਾ ਹੈ:

**ਜੈਸੇ ਪਤਿਬ੍ਰਤਾ ਕਉ ਪਵਿਤ੍ਰ ਘਰਿ ਵਾਤ ਨਾਤ,**
**ਅਸਨ ਬਸਨ ਧਨ ਧਾਮ ਲੋਗਚਾਰ ਹੈ॥**
**ਤਾਤ ਮਾਤ ਭ੍ਰਾਤ ਸੁਤ ਸੁਜਨ ਕੁਟੰਬ ਸਖਾ,**
**ਸੇਵਾ ਗੁਰਜਨ ਸੁਖ ਅਭਰਨ ਸਿੰਗਾਰ ਹੈ॥**
**ਕਿਰਤ ਬਿਰਤ ਪਰਸੂਤ ਮਲ ਮੂਤ੍ਰਧਾਰੀ,**
**ਸਕਲ ਪਵਿਤ੍ਰ ਜੋਈ ਬਿਬਿਧਿ ਅਚਾਰ ਹੈ॥**
**ਤੈਸੇ ਗੁਰਸਿਖਨ ਕਉ ਲੇਪੁ ਨ ਗ੍ਰਿਹਸਤ ਮੈ,**
**ਆਨ ਦੇਵ ਸੇਵ ਧ੍ਰਿਗ ਜਨਮੁ ਸੰਸਾਰ ਹੈ॥੪੯੩॥**

*(ਕਬਿੱਤ ਸੱਵਯੇ)*

ਗੁਰਸਿੱਖ ਦੀ ਕਰਣੀ ਗੁਰਸਿੱਖ ਦੀ ਕਰਣੀ-ਕਮਾਈ ਦਾ ਕੇਂਦਰੀ ਧੁਰਾ ਸਤਿਗੁਰ ਹੁੰਦੇ ਹਨ। ਜਦ ਵੀ ਗੁਰੂ ਦੇ ਪ੍ਰੇਮ ਦਾ ਮਜੀਠੀ ਰੰਗ ਚੜ੍ਹਦਾ ਹੈ ਤਾਂ ਜੀਵ ਮੋਹ-ਮਾਇਆ ਦੇ ਬੰਧਨਾਂ ਤੋਂ ਉੱਪਰ ਉੱਠ ਜਾਂਦਾ ਹੈ। ਉਹ ਗਰੀਬੀ ਜਾਂ ਨਿਮਰਤਾ ਦੀ ਸੰਜੋਅ ਪਹਿਨ ਲੈਂਦਾ ਹੈ ਤੇ ਇਹ ਸੰਜੋਅ ਹਰ ਮੁਸੀਬਤ ਤੋਂ ਉਸ ਦੀ ਰੱਖਿਆ ਕਰਦੀ ਹੈ। ਕਿਸੇ ਵੀ ਤਰ੍ਹਾਂ ਦੀ ਵਾਸਨਾ, ਕੋਈ ਵਿਸ਼ੇ-ਵਿਕਾਰ ਉਸ ਨੂੰ ਮੋਹਿਤ ਨਹੀਂ ਕਰ ਸਕਦਾ ਤੇ ਉਹ ਅਡੋਲ ਸਹਿਜ ਅਵਸਥਾ ਨੂੰ ਪ੍ਰਾਪਤ ਹੋ ਜਾਂਦਾ ਹੈ। ਗੁਰੂ ਦੇ ਹੁਕਮ ਵਿਚ ਮਨ ਦੀ ਚੰਚਲਤਾ ਖਤਮ ਹੋ ਜਾਂਦੀ ਹੈ ਤੇ ਜੀਵ ਟਿਕ ਕੇ ਬਹਿ ਜਾਂਦਾ ਹੈ। ਅਜਿਹੀ ਮਰਯਾਦਾ ਦਾ ਪਾਲਣ ਕਰਦਿਆਂ ਉਹ ਸਿਮਰਨ ਦਾ ਅਭਿਆਸ ਕਰਦਾ ਹੋਇਆ ਭਵ-ਸਾਗਰ ਤੋਂ ਪਾਰ ਜਾ ਉਤਰਦਾ ਹੈ:

**ਪੈਰੀ ਪੈ ਪਾਖਾਕੁ ਮੁਰੀਦੈ ਥੀਵਣਾ।**
**ਗੁਰ ਮੂਰਤਿ ਮੁਸਤਾਕੁ ਮਰਿ ਮਰਿ ਜੀਵਣਾ।**
**ਪਰਹਰਿ ਸਭੇ ਸਾਕ ਸੁਰੰਗ ਰੰਗੀਵਣਾ।**
**ਹੋਰ ਨ ਝਖਣੁ ਝਾਕ ਸਰਣਿ ਮਨੁ ਸੀਵਣਾ।**
**ਪਿਰਮ ਪਿਆਲਾ, ਪਾਕ ਅਮਿਅ ਰਸੁ ਪੀਵਣਾ।**
**ਮਸਕੀਨੀ ਅਉਤਾਕ ਅਸਥਿਰੁ ਥੀਵਣਾ।**
**ਦਸ ਅਉਰਾਤਿ ਤਲਾਕ ਸਹਜਿ ਅਲੀਵਣਾ।**
**ਸਾਵਧਾਨ ਗੁਰ ਵਾਕ ਨ ਮਨ ਭਰਮੀਵਣਾ।**
**ਸਬਦ ਸੁਰਤਿ ਹੁਸਨਾਕ ਪਾਰਿ ਪਰੀਵਣਾ॥**

***(ਵਾਰ ੩, ਪਉੜੀ ੧੯)***

ਹਲੀਮੀ ਦੀ ਆਦਰਸ਼ਕ ਉਦਾਹਰਣ ਭਾਈ ਸਾਹਿਬ ਦੀ ਵਾਰ ਵਿੱਚੋਂ ਪੇਸ਼ ਹੈ:

**ਹਉ ਅਪਰਾਧੀ ਗੁਨਹਗਾਰੁ ਹਉ ਬੇਮੁਖ ਮੰਦਾ।**
**ਚੋਰੁ ਯਾਰੁ ਜੂਆਰਿ ਹਉ ਪਰ ਘਰਿ ਜੋਹੰਦਾ।**
**ਨਿੰਦਕੁ ਦੁਸਟੁ ਹਰਾਮਖੋਰੁ ਠਗੁ ਦੇਸ ਠਗੰਦਾ।**
**ਕਾਮ ਕ੍ਰੋਧੁ ਮਦੁ ਲੋਭੁ ਮੋਹੁ ਅਹੰਕਾਰ ਕਰੰਦਾ।**
**ਬਿਸਾਸਘਾਤੀ ਅਕਿਰਤਘਣ ਮੈ ਕੋ ਨ ਰਖੰਦਾ।**
**ਸਿਮਰਿ ਮੁਰੀਦਾ ਢਾਢੀਆ ਸਤਿਗੁਰੁ ਬਖਸੰਦਾ।**

***(ਵਾਰ ੩੬, ਪਉੜੀ ੨੧)***

ਗੁਰਸਿੱਖ ਵਿਕਾਰਾਂ ਜਾਂ ਕਾਮਨਾਵਾਂ ਤੋਂ ਮੁਕਤ ਹੁੰਦਾ ਹੈ। ਉਹ ਇਸ ਗੰਦਗੀ ਵਿਚ ਲਿਪਟਦਾ ਨਹੀਂ ਸਗੋਂ ਅਧਿਆਤਮਿਕ ਖੇਤਰ ਵਿਚ ਅੱਗੇ ਵਧਣ ਲਈ ਜਿਵੇਂ ਕਿ ਭਾਈ ਸਾਹਿਬ ਇਸ਼ਾਰਾ ਕਰਦੇ ਹਨ:

**ਕਾਮ ਕ੍ਰੋਧੁ ਅਹੰਕਾਰੁ ਸਾਧਿ ਲੋਭ ਮੋਹ ਦੀ ਜੋਹ ਮਿਟਾਈ।**

***(ਵਾਰ ੨੯, ਪਉੜੀ ੬)***

ਉਹ ਤਾਂ ਪਰਾਈ ਇਸਤਰੀ ਜੇ ਆਪਣੀ ਉਮਰ ਤੋਂ ਵਡੇਰੀ ਹੈ, ਨੂੰ ਮਾਂ ਦਾ ਆਦਰ ਦਿੰਦਾ ਹੈ, ਹਾਣ ਦੀ ਨੂੰ ਭੈਣ ਦਾ ਪਿਆਰ ਤੇ ਛੋਟੀ ਨੂੰ ਪੁੱਤਰੀ ਦਾ ਲਾਡ। ਉਹਦੀ ਦ੍ਰਿਸ਼ਟੀ ਹਰ ਹਾਲ ਵਾਸਨਾ ਦੀ ਮੈਲ ਤੋਂ ਮੁਕਤ ਰਹਿੰਦੀ ਹੈ। ਉਹ ਹੱਕ ਹਲਾਲ ਦੀ ਕਮਾਈ ਨਾਲ ਘਰ ਦਾ ਗੁਜ਼ਾਰਾ ਕਰਦਾ ਹੈ ਅਤੇ ਭਾਵੇਂ ਉਹ ਕਿੰਨਾ ਵੀ ਪਰਤਾਪੀ ਹੋ ਜਾਏ, ਅਹੰ-ਭਾਵ ਤੋਂ ਸੁਤੰਤਰ ਰਹਿੰਦਾ ਹੈ ਤੇ ਕਿਸੇ ਦਾ ਜੀਅ ਦੁਖਾਉਣ ਦਾ ਅਪਰਾਧੀ ਨਹੀਂ ਹੁੰਦਾ:

**ਦੇਖਿ ਪਰਾਈਆਂ ਚੰਗੀਆਂ ਮਾਵਾਂ ਭੈਣਾਂ ਧੀਆਂ ਜਾਣੈ।**
**ਉਸੁ ਸੂਅਰੁ ਉਸੁ ਗਾਇ ਹੈ ਪਰ ਧਨ ਹਿੰਦੂ ਮੁਸਲਮਾਣੈ।**
**ਪੁਤ੍ਰ ਕਲਤ੍ਰ ਕੁਟੰਬੁ ਦੇਖਿ ਮੋਹੇ ਮੋਹਿ ਨ ਧੋਹਿ ਧਿਙਾਣੈ।**
**ਉਸਤਤਿ ਨਿੰਦਾ ਕੰਨਿ ਸੁਣਿ ਆਪਹੁ ਬੁਰਾ ਨ ਆਖਿ ਵਖਾਣੈ।**
**ਵਡ ਪਰਤਾਪੁ ਨ ਆਪੁ ਗਣਿ ਕਰਿ ਅਹੰਮੇਉ ਨ ਕਿਸੈ ਰਵਾਣੈ।**

***(ਵਾਰ ੨੯, ਪਉੜੀ ੧੧)***

ਗੁਰਮਤਿ ਆਪਣਾ ਘਰ-ਬਾਰ ਤਿਆਗਣ ਦੀ ਥਾਂ, ਮਾਤਾ-ਪਿਤਾ ਜਾਂ ਘਰ ਗ੍ਰਿਹਸਤੀ ਤਿਆਗਣ ਦੀ ਥਾਂ, ਆਪਣੇ ਹੀ ਘਰ ਪਰਵਾਰ ਪ੍ਰਤੀ ਜ਼ਿੰਮੇਵਾਰੀਆਂ ਨੂੰ ਨਿਭਾਉਂਦਿਆਂ ਹੋਇਆਂ ਸਤਿਨਾਮ ਦੇ ਸਿਮਰਨ, ਸੇਵਾ-ਭਗਤੀ, ਸਤਿ-ਸੰਗਤ ਆਦਿ ਕਰਨ ਦਾ ਉਪਦੇਸ਼ ਦ੍ਰਿੜ੍ਹਾਉਂਦੀ ਹੈ:

*(ਬਾਕੀ ਪੰਨਾ ੩੫ 'ਤੇ)*

# ਇਕ ਅਦੁੱਤੀ ਸਿੱਖ ਜਰਨੈਲ ਸਰਦਾਰ ਬਘੇਲ ਸਿੰਘ

*-ਡਾ. (ਕਰਨਲ) ਦਲਵਿੰਦਰ ਸਿੰਘ**

ਸਰਦਾਰ ਬਘੇਲ ਸਿੰਘ ਸਿੱਖ ਇਤਿਹਾਸ ਦਾ ਉਹ ਪੰਨਾ ਹੈ ਜਿਸ ਨੇ ਬਾਬਾ ਬੰਦਾ ਸਿੰਘ ਬਹਾਦਰ ਪਿੱਛੋਂ ਮਿਸਲ ਕਾਲ ਦੇ ਸੰਘਰਸ਼ 'ਚ ਭਰਪੂਰ ਹਿੱਸਾ ਪਾਇਆ। ਉਨ੍ਹਾਂ ਨੇ ਸਿੱਖਾਂ ਦਾ ਪ੍ਰਭਾਵ-ਅਵਧ, ਉਤਰਾਖੰਡ ਤੇ ਦਿੱਲੀ ਤਕ ਫੈਲਾਇਆ। ਜੇ ਦੁਆਬਾ, ਮਾਝਾ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਫੈਲਾਉਣ ਦੀ ਪਿੱਠ-ਭੂਮੀ ਬਣੇ, ਮਾਲਵਾ ਫੂਲਕੀਆਂ ਰਿਆਸਤਾਂ ਦੇ ਵਧਣ-ਫੁਲਣ ਦਾ ਮੈਦਾਨ ਬਣਿਆ ਤਾਂ ਹਰਿਆਣਾ ਸਰਦਾਰ ਬਘੇਲ ਸਿੰਘ ਦੇ ਪ੍ਰਭਾਵ ਵਧਾਉਣ ਦਾ ਧੁਰਾ ਰਿਹਾ। ਸਰਦਾਰ ਬਘੇਲ ਸਿੰਘ ਸਦਕਾ ਸਿੱਖਾਂ ਨੇ ੧੨ ਮਾਰਚ, ੧੭੮੩ ਨੂੰ ਲਾਲ ਕਿਲ੍ਹੇ 'ਤੇ ਖਾਲਸਈ ਨਿਸ਼ਾਨ ਸਾਹਿਬ ਜਾ ਫਹਿਰਾਇਆ। ਸਰਦਾਰ ਬਘੇਲ ਸਿੰਘ ਹੀ ਸੀ ਜਿਸ ਨੇ ਸਿੱਖਾਂ ਦਾ ਪ੍ਰਭਾਵ ਦਿੱਲੀ ਉੱਤੇ ਰਾਖਵਾਂ ਰੱਖਿਆ। ਦਿੱਲੀ ਦੀ ਚੁੰਗੀ ਉਗਰਾਹੁਣ ਦਾ ਹੱਕ ਉਸ ਨੂੰ ਸਾਰੀ ਉਮਰ ਮਿਲਿਆ ਰਿਹਾ। ਅਵਧ ਤੇ ਉਤਰਾਂਚਲ ਦੇ ਇਲਾਕਿਆਂ ਉੱਤੇ ਹਮਲੇ ਕਰ ਕੇ ਰਾਖੀ ਪ੍ਰਬੰਧ ਸਥਾਪਿਤ ਕਰਨ ਵਿਚ ਉਹੋ ਹੀ ਮੋਹਰੀ ਸੀ। ਮਰਾਠਿਆਂ ਨਾਲ ਦਿੱਲੀ ਦੇ ਰਾਜ ਪ੍ਰਬੰਧ ਬਾਰੇ ਸਿੱਖਾਂ ਨਾਲ ਸਮਝੌਤਾ ਹੋਇਆ ਤਾਂ ਇਹ ਸਰਦਾਰ ਬਘੇਲ ਸਿੰਘ ਹੀ ਸੀ ਜਿਸ ਨੇ ਸਿੱਖਾਂ ਵੱਲੋਂ ਰਾਜ ਦਰਬਾਰ 'ਤੇ ਮਰਾਠਿਆਂ ਨਾਲ ਤਿੰਨ ਧਿਰੀ ਸਮਝੌਤਾ ਕੀਤਾ। ਪਿੱਛੋਂ ਦਿੱਲੀ ਤੋਂ ਉੱਤਰ ਵੱਲ ਦਾ ਇਲਾਕਾ ਸਿੱਖਾਂ ਦੇ ਅਧੀਨ ਆ ਗਿਆ ਜਿਸ ਵਿਚ ਸਾਰਾ ਹਰਿਆਣਾ ਸ਼ਾਮਲ ਸੀ। ਇਸ ਇਲਾਕੇ ਦਾ ਪ੍ਰਬੰਧ ਉਦੋਂ ਤੋਂ ਲੈ ਕੇ ਅੰਗਰੇਜ਼ੀ ਰਾਜ ਹੋਣ ਤਕ ਸਰਦਾਰ ਬਘੇਲ ਸਿੰਘ ਤੇ ਉਸ ਦੇ ਪਰਿਵਾਰ ਕੋਲ ਰਿਹਾ।

ਦਿੱਲੀ ਰਾਜ ਵਿਚ ਉਸ ਦਾ ਸਦਾ ਪ੍ਰਭਾਵ ਰਿਹਾ। ਦਿੱਲੀ ਰਾਜ ਦੇ ਪ੍ਰਭਾਵ ਵੇਲੇ ਉਸ ਨੇ ਗੁਰਦੁਆਰਾ ਸੀਸ ਗੰਜ ਤੇ ਹੋਰ ਗੁਰਦੁਆਰਿਆਂ ਦੀ ਖੋਜ ਕੀਤੀ ਤੇ ਅਸਥਾਨ ਬਣਵਾਏ। ਸਿੱਖੀ ਖ਼ਾਤਰ ਸਰਦਾਰ ਬਘੇਲ ਸਿੰਘ ਦਾ ਇਹ ਇਕ ਸਦਾ ਯਾਦ ਰਹਿਣ ਵਾਲਾ ਯੋਗਦਾਨ ਹੈ। ਸਰਦਾਰ ਬਘੇਲ ਸਿੰਘ ਦਾ ਜਨਮ ਜ਼ਿਲ੍ਹਾ ਤਰਨਤਾਰਨ ਦੇ ਪਿੰਡ ਝਬਾਲ ਵਿਖੇ ਹੋਇਆ। ਹੋਸ਼ ਸੰਭਾਲੀ ਤੇ ਮੁੱਛ ਫੁੱਟ ਹੁੰਦਿਆਂ ਹੀ ਅੰਮ੍ਰਿਤ ਛਕਿਆ ਤੇ ਦਲ ਖਾਲਸਾ ਦਾ ਮੈਂਬਰ ਬਣ ਗਿਆ ਜੋ ਉਸ ਵੇਲੇ ਸਿੱਖ ਯੋਧਿਆਂ ਦੀ ਨੁਮਾਇੰਦਾ ਜਮਾਤ ਸੀ। ਜਦ ਮਿਸਲਾਂ ਬਣੀਆਂ ਤਾਂ ਉਹ ਕਰੋੜਸਿੰਘੀਆ ਮਿਸਲ ਵਿਚ ਸ਼ਾਮਲ ਹੋ ਗਿਆ ਜਿਸ ਦਾ ਸਿਰਕੱਢ ਜਥੇਦਾਰ ਕਰੋੜਾ ਸਿੰਘ ਸੀ।

ਉੱਚਾ ਲੰਮਾ ਸੁਡੌਲ, ਸੁੰਦਰ ਕੱਦ-ਕਾਠ, ਪੱਕਾ ਰੰਗ ਤੇ ਭੂਰੀਆਂ ਅੱਖਾਂ ਵਾਲਾ ਬਹਾਦਰ, ਹੌਂਸਲੇ ਵਾਲਾ, ਖੁੱਲ੍ਹੇ ਦਿਲ ਵਾਲਾ ਇਹ ਯੋਧਾ ਸਾਰੀ ਮਿਸਲ ਦੀ ਖਿੱਚ ਦਾ ਕੇਂਦਰ ਹੁੰਦਾ ਸੀ। ਘੋੜਸਵਾਰੀ ਕਰਦਾ, ਨਿਸ਼ਾਨੇ ਲਾਉਂਦਾ, ਤੇਗ ਚਲਾਉਂਦਾ, ਸਭ ਨੂੰ ਮਾਤ ਪਾ ਦਿੰਦਾ ਤੇ ਜਥੇਦਾਰ ਦੀ ਵਾਹ-ਵਾਹ ਖੱਟਦਾ। ਬਾਹਰੋਂ ਸਖ਼ਤ, ਅੰਦਰੋਂ ਨਰਮ, ਤੇਜ਼-ਤਰਾਰ ਦੂਰ ਦੀ ਸੂਝ ਵਾਲਾ ਦਿਮਾਗ, ਹਰ ਲੋੜਵੰਦ ਦੀ ਮਦਦ ਕਰਨ ਲਈ ਤਤਪਰ, ਮਿੱਠ ਬੋਲੜਾ ਤੇ ਆਦਰ ਦੇਣ ਵਾਲਾ ਇਹ ਯੋਧਾ ਸਭ ਤੋਂ ਇੱਜ਼ਤ ਖੱਟਦਾ। ਉਹ ਅਜਿਹਾ ਸਿੱਖ ਸੀ ਜੋ ਸਿੱਖੀ ਕਦਰਾਂ-ਕੀਮਤਾਂ ਦਾ ਪੱਕਾ ਧਾਰਨੀ ਸੀ। ਉਸ ਉੱਤੇ ਹਰ ਕੋਈ ਭਰੋਸਾ ਕਰਦਾ ਕਿਉਂਕਿ ਅਗਲੇ ਦੇ ਭਰੋਸੇ ਨੂੰ ਕਾਇਮ ਰੱਖਣ ਲਈ ਉਹ ਆਪਣੀ ਜਾਨ ਤਕ ਲਾਉਣ ਲਈ ਤਿਆਰ ਹੁੰਦਾ।

ਸਾਰੇ ਧਰਮਾਂ ਦੇ ਲੋਕ ਉਸ ਕੋਲ ਮਦਦ ਲਈ ਪਹੁੰਚਦੇ। ਜਦ ਬੇਗ਼ਮ ਸਮਰੋ ਉੱਪਰ ਅਵਧ ਦੇ ਨਵਾਬ ਨੇ ਹਮਲਾ ਕੀਤਾ ਤਾਂ ਇਸ ਨੂੰ ਸਰਦਾਰ ਬਘੇਲ ਸਿੰਘ ਨੇ ਹੀ ਬਚਾਇਆ। ਇਸ ਦਾ ਸਿੱਕਾ ਮੰਨ ਕੇ ਬੇਗ਼ਮ ਸਮਰੋ ਨੇ ਇਸ ਨੂੰ ਧਰਮ ਭਰਾ ਬਣਾ ਲਿਆ ਤੇ ਨਵਾਬ ਅਵਧ ਨੇ ਸਿੱਖੀ ਧਾਰਨ ਕਰ ਲਈ। ਜਦ ਅੰਗਰੇਜ਼ ਥਾਮਸ ਨੇ ਜੀਂਦ ਉਪਰ ਹਮਲਾ ਕਰ ਕੇ ਆਪਣੇ ਆਪ ਨੂੰ ਮੁਸੀਬਤ ਵਿਚ ਫਸਿਆ ਸਮਝਿਆ ਤਾਂ ਉਸ ਨੇ ਵੀ ਬੁੱਢੇ ਜਰਨੈਲ ਸਰਦਾਰ ਬਘੇਲ ਸਿੰਘ ਅੱਗੇ ਮਦਦ ਲਈ ਵਾਸਤੇ ਪਾਏ ਜਿਸ ਦੀ ਸਰਦਾਰ ਬਘੇਲ ਸਿੰਘ ਨੇ ਮਦਦ ਕਰ ਕੇ ਜਿੱਤ ਦਿਵਾਈ।

---

**#-੧੯੨੫ ਬਸੰਤ ਐਵੇਨਿਊ, ਲੁਧਿਆਣਾ।*

ਜਦ ਭਰਤਪੁਰ ਦੇ ਰਾਜੇ ਨੇ ਸਰਦਾਰ ਕਰੋੜਾ ਸਿੰਘ ਅੱਗੇ ਗੁਜ਼ਾਰਿਸ਼ ਕੀਤੀ ਕਿ ਉਸ ਦੀ ਮਦਦ ਕੀਤੀ ਜਾਵੇ ਤਾਂ ਉਹ ਪੰਜ ਸੌ ਸਵਾਰ ਲੈ ਕੇ ਪਹੁੰਚਿਆ। ਰਾਹ ਵਿਚ ਇਕ ਛੋਟੇ ਯੁੱਧ ਵਿਚ ਜਥੇਦਾਰ ਕਰੋੜਾ ਸਿੰਘ ਦੇ ਗੋਲੀ ਲੱਗੀ। ਉਸ ਦੇ ਸ਼ਹੀਦ ਹੋਣ ਪਿੱਛੋਂ ਸਰਦਾਰ ਬਘੇਲ ਸਿੰਘ ਨੇ ਜੱਥੇ ਦੀ ਕਮਾਨ ਸੰਭਾਲ ਲਈ। ਸਰਦਾਰ ਬਘੇਲ ਸਿੰਘ ਦਾ ਭਰਵਾਂ ਜੁੱਸਾ, ਉੱਚਾ ਕੱਦ-ਕਾਠ, ਡੀਲ-ਡੌਲ ਵੇਖ ਘੁਮੇਰ ਦਾ ਰਾਜਾ ਡਰ ਗਿਆ ਤੇ ਸਰਦਾਰ ਬਘੇਲ ਸਿੰਘ ਨੂੰ ਸੈਨਾ ਵਾਪਿਸ ਲੈ ਜਾਣ ਲਈ ਬਿਨੈ ਕਰਨ ਲੱਗਾ। ਸਰਦਾਰ ਬਘੇਲ ਸਿੰਘ ਨੇ ਮੁਆਵਜ਼ਾ ਮੰਗਿਆ ਤਾਂ ਮਿੰਨਤਾਂ ਕਰਨ ਲੱਗਾ। ਸਰਦਾਰ ਬਘੇਲ ਸਿੰਘ ਪਿਘਲ ਗਿਆ ਤੇ ਮੁਆਵਜ਼ੇ ਦਾ ਕੁਝ ਕੁ ਹੀ ਹਿੱਸਾ ਵਸੂਲ ਕਰ ਉਸ ਦੀ ਆਉ-ਭਗਤ ਮਾਣ ਕੇ ਵਾਪਸ ਪਰਤਿਆ।

ਮੁੜਦੇ ਵਕਤ ਉਸ ਨੇ ਜਲੰਧਰ ਵਿਚਲੇ ਇਲਾਕੇ ਤੋਂ ਤੈਵਾਨ ਵਸੂਲਣਾ ਸ਼ੁਰੂ ਕੀਤਾ ਤਾਂ ਤਲਵਾਨ ਦੇ ਸਰਦਾਰ ਮੀਆਂ ਮਹਿਮੂਦ ਖਾਨ ਰਾਜਪੁਰ ਨੇ ਉਸ ਨੂੰ ਵਧੀਆ ਘੋੜਾ ਪੇਸ਼ ਕੀਤਾ ਜਿਸ ਦੀ ਸਵਾਰੀ ਸਰਦਾਰ ਬਘੇਲ ਸਿੰਘ ਲਈ ਮਨ ਭਾਉਂਦੀ ਹੋ ਗਈ। ਉਧਰੋਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਵੱਲੋਂ ਜਦ ਮੀਆਂ ਮਹਿਮੂਦ ਖਾਨ ਨੂੰ ਧਮਕੀ ਮਿਲੀ ਤਾਂ ਸਰਦਾਰ ਬਘੇਲ ਸਿੰਘ ਦੀ ਸਲਾਹ 'ਤੇ ਇੱਥੇ ਸਿੱਖਾਂ ਦਾ ਇਕ ਮਜ਼ਬੂਤ ਕਿਲ੍ਹਾ ਤੇ ਚੌਕੀ ਸਥਾਪਿਤ ਕਰ ਦਿੱਤੀ ਗਈ ਜਿਸ ਨਾਲ ਇਸ ਇਲਾਕੇ ਉੱਪਰ ਸਰਦਾਰ ਬਘੇਲ ਸਿੰਘ ਦਾ ਪੱਕਾ ਪ੍ਰਭਾਵ ਕਾਇਮ ਹੋ ਗਿਆ। ਸਰਦਾਰ ਬਘੇਲ ਸਿੰਘ ਨੂੰ ਇਸ ਦੇ ਇਲਾਕੇ ਤੋਂ ਮਾਮਲਾ ਵੀ ਮਿਲਣ ਲੱਗ ਪਿਆ।

ਜਲੰਧਰ ਦੁਆਬ ਤਾਂ ਕਰੋੜਸਿੰਘੀਆ ਮਿਸਲ ਥੱਲੇ ਪਹਿਲਾਂ ਹੀ ਸੀ, ਜਿੱਥੋਂ ਇਕ ਲੱਖ ਸਾਲਾਨਾ ਤੈਵਾਨ ਮਿਲਦਾ ਸੀ। ਸਰਦਾਰ ਬਘੇਲ ਸਿੰਘ ਨੇ ਹੁਸ਼ਿਆਰਪੁਰ ਦੇ ਨੇੜੇ ਹਰਿਆਣਾ ਨੂੰ ਆਪਣਾ ਮੁੱਖ ਟਿਕਾਣਾ ਬਣਾ ਕੇ ਆਪਣੀ ਪਤਨੀ ਰੂਪ ਕੌਰ ਨੂੰ ਮੁੱਖ ਪ੍ਰਬੰਧਕ ਥਾਪ ਦਿੱਤਾ।

ਸੰਨ ੧੭੬੧ ਵਿਚ ਹੀ ਉਹ ਕਰਨਾਲ ਵੱਲ ਪਰਤਿਆ ਤੇ ਖੁਰਦੀਨ, ਖਨੌਰੀ, ਛਲੌਂਦੀ, ਜਮੈਤਗੜ੍ਹ ਆਦਿ ਦੇ ਇਲਾਕੇ ਜਿਨ੍ਹਾਂ ਦੀ ਸਾਲਾਨਾ ਆਮਦਨ ਤਿੰਨ ਲੱਖ ਸੀ, ਜਿੱਤ ਕੇ ਆਪਣੇ ਕਬਜ਼ੇ ਵਿਚ ਕਰ ਲਏ ਤੇ ਛਲੌਦੀ ਆਪਣੀ ਰਿਹਾਇਸ਼ ਰੱਖ ਲਈ। ਇਸ ਵੇਲੇ ਤਕ ਉਸ ਕੋਲ ੧੨,੦੦੦ ਘੋੜ ਸਵਾਰਾਂ ਤੋਂ ਇਲਾਵਾ ਬਹੁਤ ਵੱਡੀ ਪੈਦਲ ਫੌਜ ਸੀ। ਇਹ ਸਾਰਾ ਇਲਾਕਾ ਉਸ ਨੇ ਆਪਣੀ ਦੂਸਰੀ ਪਤਨੀ ਰਾਮ ਕੌਰ ਦੀ ਜ਼ਿੰਮੇਵਾਰੀ ਵਿਚ ਦੇ ਦਿੱਤਾ। ਤੀਸਰੀ ਪਤਨੀ ਰਤਨ ਕੌਰ ਨੂੰ ਕਲਾਨੌਰ ਦਾ ਇਲਾਕਾ ਦੇ ਦਿੱਤਾ ਤੇ ਆਪਣੇ ਆਪ ਨੂੰ ਸਾਰੇ ਇਲਾਕਿਆਂ ਨੂੰ ਬਾਹਰੀ ਹਮਲਿਆਂ ਤੋਂ ਰੋਕਣ ਤੇ ਇਲਾਕੇ ਨੂੰ ਹੋਰ ਵਧਾਉਣ ਲਈ ਵਿਹਲਾ ਰੱਖਿਆ।

ਮਹਾਰਾਜਾ ਅਮਰ ਸਿੰਘ ਪਟਿਆਲਾ ਨੇ ਜਦ ਉਸ ਦੇ ਇਲਾਕੇ ਨੂੰ ਹਥਿਆਇਆ ਤਾਂ ਸਰਦਾਰ ਬਘੇਲ ਸਿੰਘ ਭਾਰੀ ਫੌਜ ਲੈ ਕੇ ਉਸ ਉੱਪਰ ਚੜ੍ਹ ਪਿਆ। ਸਰਦਾਰ ਜੱਸਾ ਸਿੰਘ ਆਹਲੂਵਾਲੀਆ ਤੇ ਸਰਦਾਰ ਚੈਨ ਸਿੰਘ ਵਕੀਲ ਦੀ ਵਿਚੋਲਗੀ ਸਦਕਾ ਮਹਾਰਾਜਾ ਅਮਰ ਸਿੰਘ ਨੇ ਇਲਾਕੇ ਵੀ ਮੋੜ ਦਿੱਤੇ ਤੇ ਆਪਣੇ ਵਕੀਲ ਨੂੰ ਭੇਜਿਆ ਜਿਸ ਨੇ ਕਿਹਾ "ਸਿੰਘ ਜੀ, ਰੁਕੋ, ਅੱਗਿਉਂ ਵੀ ਪੰਥ ਦੇ ਸੇਵਕ ਹਨ। ਜੋ ਹੁਕਮ ਹੋਵੇ। ਇਸ ਪਿੱਛੋਂ ਮਹਾਰਾਜਾ ਅਮਰ ਸਿੰਘ ਨੇ ਆਪਣੇ ਸਪੁੱਤਰ ਸਾਹਿਬ ਸਿੰਘ ਨੂੰ ਸਰਦਾਰ ਬਘੇਲ ਸਿੰਘ ਦੇ ਜੱਥੇ ਪਾਸੋਂ ਅੰਮ੍ਰਿਤ ਛਕਾ ਕੇ ਅੰਮ੍ਰਿਤਧਾਰੀ ਬਣਵਾ ਦਿੱਤਾ। ਦੋਵਾਂ ਵਿਚ ਸਦੀਵੀ ਸਾਂਝ ਹੋ ਗਈ।

ਸਰਹਿੰਦ ਉੱਤੇ ਹਮਲੇ ਕਰ ਕੇ ਸਰਹਿੰਦ ਦਾ ਸਾਰਾ ਹਿੱਸਾ ਸਿੱਖ ਮਿਸਲਾਂ ਨੇ ਵੰਡ ਲਿਆ ਤੇ ਸਾਰਾ ਪੰਜਾਬ ਮਿਸਲਾਂ ਅਧੀਨ ਹੋ ਗਿਆ ਤਾਂ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਨਾਲ ਮਿਲ ਕੇ ੪੦,੦੦੦ ਦੀ ਫ਼ੌਜ ਲੈ ਸਹਾਰਨਪੁਰ, ਮੁਜ਼ੱਫਰਪੁਰ ਤੇ ਮੇਰਠ ਦੇ ਇਲਾਕੇ ਵਿਚ ੨੦ ਫਰਵਰੀ ੧੭੬੪ ਤੋਂ ਹੱਲਾ ਸ਼ੁਰੂ ਕਰ ਦਿੱਤਾ। ਫਿਰ ਗੰਗਾ ਪਾਰ ਕਰ ਕੇ ਨਜੀਬਾਬਾਦ, ਮੁਰਾਦਾਬਾਦ ਤੇ ਅਨੂਪ ਸ਼ਹਿਰ ਦੇ ਇਲਾਕਿਆਂ ਉੱਪਰ ਆਪਣਾ ਰਾਖੀ ਪ੍ਰਬੰਧ ਜਮਾ ਕੇ ਦੋ ਮਹੀਨਿਆਂ ਪਿੱਛੋਂ ਪਰਤੇ। ਸੰਨ ੧੭੭੫ ਵਿਚ ਬਿਆਸ ਦੇ ਆਸਪਾਸ ਦਾ ਇਲਾਕਾ ਤੇ ਸੰਨ ੧੭੯੨ ਵਿਚ ਉਸ ਨੇ ਤਰਨਤਾਰਨ, ਸਭਰਾਉਂ ਤੇ ਸਰਹਾਲੀ ਆਪਣੇ ਕਬਜ਼ੇ ਵਿਚ ਕੀਤੇ।

ਸੰਨ ੧੭੬੧ ਤੋਂ ੧੭੭੦ ਤਕ ਅਵਧ ਦਾ ਨਵਾਬ ਨਜੀਬ-ਉ-ਦੌਲਾ, ਦਿੱਲੀ ਦਾ ਪ੍ਰਬੰਧ ਦੇਖ ਰਿਹਾ ਸੀ। ਜਦ ਸਿੱਖਾਂ ਨੇ ਇਸ ਦੇ ਇਲਾਕੇ ਨੂੰ ਕਬਜ਼ੇ ਵਿਚ ਲਿਆ ਤਾਂ ਡਰਦੇ ਨੇ ਗਿਆਰਾਂ ਲੱਖ ਸਾਲਾਨਾ ਤੈਵਾਨ ਦੇਣਾ ਮੰਨ ਕੇ

ਸਿੱਖਾਂ ਤੋਂ ਆਪਣੀ ਜਾਨ ਬਖਸ਼ੀ ਕਰਵਾਈ। ਸੰਨ ੧੭੭੩ ਵਿਚ ਜ਼ਾਬਿਤਾ ਖਾਨ ਰੋਹਿਲਾ ਤੋਂ ਨਨੌਤਾ ਤੇ ਜਲਾਲਾਬਾਦ ਜਿੱਤੇ।

ਇਕ ਬ੍ਰਾਹਮਣ ਸੰਨ ੧੭੬੬ ਵਿਚ ਸ੍ਰੀ ਅੰਮ੍ਰਿਤਸਰ ਸ੍ਰੀ ਅਕਾਲ ਤਖਤ ਸਾਹਿਬ 'ਤੇ ਫਰਿਆਦ ਲੈ ਕੇ ਆਇਆ ਕਿ ਸੱਯਦ ਮੁਹੰਮਦ ਹਸਨ ਖਾਨ, ਉਸ ਦੀ ਲੜਕੀ ਨੂੰ ਡੋਲੇ ਵਿੱਚ ਪਾ ਕੇ ਲੈ ਗਿਆ ਹੈ ਤੇ ਮੁਸਲਮਾਨ ਬਣਨ ਲਈ ਦੁਖੀ ਕਰ ਰਿਹਾ ਹੈ। ਸਰਦਾਰ ਬਘੇਲ ਸਿੰਘ ਦਲ ਖਾਲਸਾ ਦੇ ਹੋਰ ਜਥੇਦਾਰਾਂ ਨਾਲ ਹਸਨ ਖਾਨ 'ਤੇ ਚੜ੍ਹ ਪਿਆ ਤੇ ਲੜਕੀ ਨੂੰ ਛੁਡਵਾਇਆ। ਇਸ ਪਿੱਛੋਂ ਜਦ ਵੀ ਕੋਈ ਕਿਸੇ ਦੀ ਧੀ ਭੈਣ ਦੀ ਇੱਜ਼ਤ ਨਾਲ ਖੇਡਣ ਦੀ ਕੋਸ਼ਿਸ਼ ਕਰਦਾ, ਉਹ ਬਿਨੈ ਲੈ ਕੇ ਸਰਦਾਰ ਬਘੇਲ ਸਿੰਘ ਕੋਲ ਪਹੁੰਚ ਜਾਂਦੇ। ਸਰਦਾਰ ਬਘੇਲ ਸਿੰਘ ਧੀਆਂ ਭੈਣਾਂ ਦੀ ਆਬਰੂ ਦਾ ਮੁਜੱਸਮਾ ਬਣ ਗਿਆ। ਸਤਲੁਜ ਤੇ ਗੰਗਾ ਦੁਆਬ ਦੇ ਇਲਾਕੇ ਦਾ ਸਮੁੱਚਾ ਪ੍ਰਬੰਧ ਸਰਦਾਰ ਬਘੇਲ ਸਿੰਘ ਹੱਥ ਸੌਂਪ ਦਿੱਤਾ ਗਿਆ। ਪੰਥ ਪ੍ਰਕਾਸ਼ ਅਨੁਸਾਰ ਹਸਨ ਖਾਨ ਭੱਜ ਕੇ ਛੁਪ ਗਿਆ ਤੇ ਉਸ ਦੀ ਛਿਪਣ ਵਾਲੀ ਥਾਂ ਨੂੰ ਅੱਗ ਲਾ ਦਿੱਤੀ ਗਈ ਤਾਂ ਉਹ ਵਿੱਚੇ ਹੀ ਸੜ ਗਿਆ। ਇਸ ਇਲਾਕੇ ਦੇ ਪ੍ਰਭਾਵੀ ਵਿਅਕਤੀ ਦਾ ਸਮੁੱਚਾ ਪ੍ਰਭਾਵ ਉਦੋਂ ਤੋਂ ਸਿੱਖਾਂ ਹੱਥ ਆ ਗਿਆ।

ਸਿੱਖਾਂ ਦਾ ਦਿੱਲੀ ਉੱਪਰ ਹਮਲਾ ੧੮ ਜਨਵਰੀ, ੧੭੭੪ ਨੂੰ ਸੀ ਜੋ ਸਰਦਾਰ ਬਘੇਲ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ। ਬਾਦਸ਼ਾਹ ਨੇ ਸਰਦਾਰ ਬਘੇਲ ਸਿੰਘ ਨੂੰ ਸਨਮਾਨ ਸਹਿਤ ਬੁਲਾਇਆ ਤੇ ਦਸ ਹਜ਼ਾਰ ਘੋੜ ਸਵਾਰਾਂ ਨਾਲ ਉਨ੍ਹਾਂ ਦੀ ਰਖਵਾਲੀ ਕਰਨ ਲਈ ਕਿਹਾ ਜਿਸ ਲਈ ਸ਼ਾਹਬਾਜ਼ਪੁਰ ਦਾ ਇਲਾਕਾ ਸਰਦਾਰ ਬਘੇਲ ਸਿੰਘ ਨੂੰ ਸੌਂਪਿਆ ਜਾਣਾ ਸੀ ਪਰ ਸਰਦਾਰ ਬਘੇਲ ਸਿੰਘ ਨੇ ਇਹ ਨਾਮੰਨਜ਼ੂਰ ਕਰ ਦਿੱਤਾ ਤੇ ਖ਼ਿਲਤ ਤੇ ਹੋਰ ਤੋਹਫੇ ਲੈ ਕੇ ਵਾਪਸ ਆ ਗਿਆ। ਬਾਦਸ਼ਾਹ ਨੇ ਬੇਗ਼ਮ ਸਮਰੋ (ਸਰਧਾਨਾ ਦੀ ਬੇਗ਼ਮ) ਜੋ ਸਰਦਾਰ ਬਘੇਲ ਸਿੰਘ ਦੀ ਧਰਮ ਭੈਣ ਬਣੀ ਹੋਈ ਸੀ, ਨੂੰ ਬਿਨੈ ਕੀਤੀ ਕਿ ਉਹ ਸਰਦਾਰ ਬਘੇਲ ਸਿੰਘ ਨਾਲ ਸਮਝੌਤਾ ਕਰਵਾਏ। ਦਿੱਲੀ ਤੋਂ ਮੁੜਦੇ ਵੇਲੇ ਸਰਦਾਰ ਬਘੇਲ ਸਿੰਘ ਨੇ ਦਿਉਬੰਦ ਤੇ ਸਹਾਰਨਪੁਰ ਨੂੰ ਜਿੱਤ ਕੇ ਗੌਂਸਗੜ੍ਹ ਦੇ ਨਵਾਬ ਤੋਂ ੫੦ ਹਜ਼ਾਰ ਉਗਰਾਹੇ।

ਸੰਨ ੧੭੭੫ ਵਿਚ ਜਮਨਾ ਪਾਰ ਵੱਲ ਸਿੱਖ ਵਧੇ। ੨੨ ਅਪ੍ਰੈਲ, ੧੭੭੫ ਨੂੰ ਕੁੰਜਪੁਰਾ ਤੋਂ ਜਮੁਨਾ ਲੰਘ, ਲਖਨੌਤੀ, ਗੌਂਸਗੜ੍ਹ, ਦਿਉਬੰਦ ਤੇ ਹੋਰ ਇਲਾਕੇ ਕਬਜ਼ੇ ਵਿਚ ਕੀਤੇ। ਜ਼ਾਬਿਤਾ ਖਾਨ ਰੋਹਿਲੇ ਨੇ ਗੋਰਗੜ੍ਹ ਬਚਾਉਣ ਲਈ ੫੦ ਹਜ਼ਾਰ ਰੁਪਏ ਸਿੱਖਾਂ ਨੂੰ ਸਾਲਾਨਾ ਤੈਵਾਨ ਦੇਣਾ ਮੰਨਿਆ, ਫਿਰ ਸ਼ਾਮਲੀ, ਕਾਂਧਲਾ ਤੇ ਮੇਰਠ ਹੁੰਦੇ ਹੋਏ ਅਲੀਗੜ੍ਹ ਕੋਲ ਖੁਰਜਾ ਤਕ ਆਪਣਾ ਪ੍ਰਭਾਵ ਜਮਾਇਆ ਤੇ ਆਉਂਦਿਆਂ ਹੋਇਆਂ ਦਿੱਲੀ ਦੇ ਪਹਾੜ ਗੰਜ ਤੇ ਜੈ ਸਿੰਘਪੁਰ ਨੂੰ ਲਤਾੜਿਆ। ੨੪ ਜੁਲਾਈ, ੧੭੭੫ ਨੂੰ ਜਮਨਾ ਪਾਰ ਕਰ ਕੇ ਵਾਪਸ ਮੁੜੇ। ਅਬਦੁਲ ਕਾਸਿਮ ਨੇ ਜਦ ਜ਼ਾਬਿਤਾ ਖਾਨ 'ਤੇ ਹਮਲਾ ਕਰ ਕੇ ਉਸ ਤੋਂ ਮੇਰਠ ਖੋਹ ਲਿਆ ਤੇ ਉਸ ਨੇ ਸਰਦਾਰ ਬਘੇਲ ਸਿੰਘ ਕੋਲ ਮਦਦ ਲਈ ਬੇਨਤੀ ਕੀਤੀ। ਅਬਦੁਲ ਕਾਸਿਮ 'ਤੇ ਹਮਲਾ ੧੧ ਮਾਰਚ ੧੭੭੬ ਨੂੰ ਕੀਤਾ। ਮੇਰਠ ਛੁਡਵਾਇਆ ਤੇ ਅਬਦੁਲ ਕਾਸਿਮ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਜ਼ਾਬਿਤਾ ਖਾਨ ਨਾਲ ਦੋਸਤੀ ਕਰਨ 'ਤੇ ਸਿੱਖਾਂ ਦਾ ਪ੍ਰਭਾਵ ਅਵਧ ਤਕ ਵੱਧ ਗਿਆ, ਮਰਾਠਿਆਂ ਨੂੰ ਇਹ ਰਾਸ ਨਹੀਂ ਸੀ। ਸਿੱਖ ਵੱਸ ਨਾ ਆਉਂਦੇ ਵੇਖ ਸ਼ਾਹ ਆਲਮ ਨੇ ਆਪਣੇ ਸਾਹਿਬਜ਼ਾਦੇ ਸ਼ਾਹ ਬਖ਼ਤ ਨੂੰ ਸਿੱਖਾਂ ਉੱਪਰ ਹਮਲੇ ਲਈ ਪਟਿਆਲੇ ਵੱਲ ਭੇਜਿਆ। ਵੱਡੀ ਫੌਜ ਵਧਦੀ ਦੇਖ ਕੇ ਸਰਦਾਰ ਬਘੇਲ ਸਿੰਘ ਨੇ ਅਕਲਮੰਦੀ ਵਰਤੀ। ਉਸ ਨੇ ਅੱਗੇ ਹੋ ਕੇ ਸ਼ਾਹ ਬਖ਼ਤ ਨੂੰ ਨਜ਼ਰਾਨਾ ਭੇਟ ਕੀਤਾ ਤੇ ਸ਼ਾਹ ਨੂੰ ਅੱਗੇ ਵੱਧਣ ਲਈ ਪ੍ਰੇਰਿਆ। ਜਦ ਸ਼ਾਹ ਪਟਿਆਲੇ ਵੱਲ ਵਧਿਆ ਤਾਂ ਸਾਰੇ ਸਿੱਖਾਂ ਨੇ ਸਲਾਹ ਕਰ ਕੇ ਸ਼ਾਹ ਬਖ਼ਤ 'ਤੇ ਹੱਲਾ ਬੋਲ ਦਿੱਤਾ। ਪਿੱਛੋਂ ਸਰਦਾਰ ਬਘੇਲ ਸਿੰਘ ਨੇ ਸ਼ਾਹੀ ਫੌਜਾਂ ਦਾ ਰਾਹ ਰੋਕ ਲਿਆ। ਸ਼ਾਹੀ ਸੈਨਾ ਦਾ ਬੁਰਾ ਹਾਲ ਹੋਇਆ ਤਾਂ ਅਬਦੁਲ ਅਹਿਦ, ਨਜ਼ਫ ਖਾਨ ਆਦਿ ਨੂੰ ਦਿੱਲੀ ਬੁਲਾ ਲਿਆ ਗਿਆ।

ਨਵੰਬਰ ੧੭੭੯ ਨੂੰ ਨਜ਼ਫ ਖਾਨ ਨੇ ਆਪਣੇ ਪੋਤਰੇ ਮਿਰਜ਼ਾ ਸ਼ਫੀ ਨੂੰ ਦਸ ਹਜ਼ਾਰ ਸੈਨਾ ਤੇ ਸੈਂਕੜੇ ਤੋਪਾਂ ਨਾਲ ਸਿੱਖਾਂ ਨੂੰ ਕੁਚਲਣ ਲਈ ਭੇਜਿਆ। ਮਿਰਜ਼ਾ ਸ਼ਫੀ ਨੇ ਚਲਾਕੀ ਨਾਲ ਕਈ ਸਿੱਖ ਸਰਦਾਰ ਵੀ ਨਾਲ ਮਿਲਾ ਲਏ। ਇਸ ਹਾਲਤ ਵਿਚ ਸਰਦਾਰ ਬਘੇਲ ਸਿੰਘ ਨੇ ਸ਼ਾਹੀ ਸੈਨਾ 'ਤੇ ਸਿੱਧੇ ਹਮਲੇ ਦੀ ਥਾਂ ਗੁਰੀਲਾ ਹਮਲੇ ਕਰਨੇ ਸ਼ੁਰੂ ਕਰ ਦਿੱਤੇ। ਦਿੱਲੀ ਦੇ ਜਰਨੈਲ ਦੇ ਪੋਤਰੇ ਮਿਰਜ਼ਾ ਸ਼ਫੀ ਨੇ ਸਿੱਖਾਂ ਵਿਰੁੱਧ ਸਿੱਖਾਂ ਵਾਲਾ ਗੁਰੀਲਾ ਯੁੱਧ ਹੀ ਅਪਣਾਉਣਾ

ਠੀਕ ਸਮਝਿਆ। ਮਹਾਰਾਜਾ ਪਟਿਆਲਾ ਤੇ ਮਹਾਰਾਜਾ ਜੀਂਦ ਦੀ ਸਿੱਖਾਂ ਨਾਲ ਅਣਬਣ ਦਾ ਵੀ ਉਸ ਨੇ ਫਾਇਦਾ ਉਠਾਇਆ। ਜ਼ਾਬਿਤਾ ਖਾਨ ਨੇ ਦੀਵਾਨ ਸਿੰਘ ਨਾਲ ਮਿਲ ਕੇ ਸਰਦਾਰ ਬਘੇਲ ਸਿੰਘ ਵਿਰੁੱਧ ਯੁੱਧ ਛੇੜ ਦਿੱਤਾ। ਸਰਦਾਰ ਬਘੇਲ ਸਿੰਘ ਨਾਲ ਉਸ ਵੇਲੇ ਸਰਦਾਰ ਸਦਾ ਸਿੰਘ, ਸਰਦਾਰ ਦੂਲਾ ਸਿੰਘ, ਸਰਦਾਰ ਕਰਮ ਸਿੰਘ ਸ਼ਹੀਦ, ਸਰਦਾਰ ਗੁਰਬਖਸ਼ ਸਿੰਘ, ਸਰਦਾਰ ਲਾਲ ਸਿੰਘ ਤੇ ਸਰਦਾਰ ਕਰਨ ਸਿੰਘ ਆ ਜੁੜੇ। ੬੮੦੦ ਘੋੜ ਸਵਾਰਾਂ ਨਾਲ ਉਨ੍ਹਾਂ ਨੇ ਜਮਨਾ ਪਾਰ ਹਮਲੇ ਦੀ ਠਾਣੀ ਤਾਂ ਕਿ ਮਿਰਜ਼ਾ ਸ਼ਫੀ ਨੂੰ ਪਿੱਛੋਂ ਘੇਰਿਆ ਜਾ ਸਕੇ। ੨੫ ਫਰਵਰੀ, ੧੭੮੧ ਨੂੰ ਰੜੌਰ ਦੇ ਕੈਂਪ ਤੇ ਫਿਰ ੨੮ ਫਰਵਰੀ ਨੂੰ ਸਿਕੰਦਰਾ ਦੇ ਕੈਂਪ 'ਤੇ ਹਮਲਾ ਕੀਤਾ ਜਿਸ ਨਾਲ ਮਿਰਜ਼ਾ ਸ਼ਫੀ ਹਿਲ ਗਿਆ। ਸਿੱਖਾਂ ਨੇ ੧੧ ਮਾਰਚ ਨੂੰ ਹਮਲੇ ਵਿਚ ੩੦੦੦ ਘੋੜੇ ਹਥਿਆ ਲਏ। ਮਿਰਜ਼ਾ ਸ਼ਫੀ ਦੇ ਮਦਦਗਾਰਾਂ ਮਹਾਰਾਜਾ ਪਟਿਆਲਾ ਅਮਰ ਸਿੰਘ, ਸਪੁੱਤਰ ਸਾਹਿਬ ਸਿੰਘ, ਭਾਗ ਸਿੰਘ, ਭੰਗਾ ਸਿੰਘ ਨੂੰ ਵੱਖ ਕਰਨ ਲਈ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਨੇ ਉਨ੍ਹਾਂ ਉੱਪਰ ਹਮਲਾ ਕਰ ਦਿੱਤਾ ਤਾਂ ਉਹ ਪਿੱਛੇ ਹਟ ਗਏ। ਮੁਗ਼ਲ ਜਰਨੈਲ ਮਿਰਜ਼ਾ ਸ਼ਫੀ ਗੁਰੀਲਾ ਯੁੱਧ ਵਿਚ ਸਿੱਖਾਂ ਨੂੰ ਮਾਤ ਨਾ ਪਾ ਸਕਿਆ ਤੇ ੧੨ ਜੂਨ, ੧੭੮੧ ਨੂੰ ਸਰਦਾਰ ਬਘੇਲ ਸਿੰਘ ਤੇ ਸਰਦਾਰ ਗੁਰਦਿੱਤ ਸਿੰਘ ਨੂੰ ਦੋਸਤੀ ਦਾ ਹੱਥ ਵਧਾਉਣ ਲਈ ਖ਼ਤ ਲਿਖਿਆ। ਬਦਲੇ ਵਿਚ ਰੜੌਰ, ਬਬੀਨ ਤੇ ਸ਼ਾਮਗੜ੍ਹ ਦੇਣੇ ਮੰਨੇ ਪਰ ਸਰਦਾਰ ਬਘੇਲ ਸਿੰਘ ਨੇ ਆਪਣੀਆਂ ਸ਼ਰਤਾਂ ਰੱਖੀਆਂ।

੧੦ ਜੂਨ, ੧੭੮੧ ਦੇ ਖ਼ਤ ਅਨੁਸਾਰ 'ਨਜ਼ਫ ਖਾਨ ਨੇ ਅੰਬਰ ਸ਼ਾਹ ਨੂੰ ਦਿੱਲੀ ਤੋਂ ਮਿਰਜ਼ਾ ਸ਼ਫੀ ਕੋਲ ੪੦,੦੦੦ ਸਿਪਾਹੀ ਤੇ ਤੋਪਾਂ ਦੇ ਕੇ ਭੇਜਿਆ। ਸਿੱਖਾਂ ਨਾਲ ਭਰਵਾਂ ਯੁੱਧ ਹੋਇਆ ਜਿਸ ਵਿਚ ੧੦ ਤੋਂ ੧੫ ਹਜ਼ਾਰ ਸ਼ਾਹੀ ਫੌਜ ਮਾਰੀ ਗਈ ਤੇ ਤੋਪਾਂ ਵੀ ਹੱਥੋਂ ਗਈਆਂ। ਸਿੱਖਾਂ ਕੋਲੋਂ ਬੁਰੀ ਤਰ੍ਹਾਂ ਹਾਰ ਖਾਣ ਪਿੱਛੋਂ ਮੁਗ਼ਲ ਫੌਜਾਂ ਪਾਣੀਪਤ ਮੁੜ ਆਈਆਂ। ੬ ਅਪ੍ਰੈਲ ੧੭੮੨ ਨੂੰ ਨਜ਼ਫ ਖਾਨ ਦੀ ਮੌਤ ਹੋ ਗਈ। ਫਰਵਰੀ ੧੭੮੩ ਵਿਚ ਸਰਦਾਰ ਜੱਸਾ ਸਿੰਘ ਆਹਲੂਵਾਲੀਆ, ਸਰਦਾਰ ਬਘੇਲ ਸਿੰਘ ਤੇ ਹੋਰ ਜਰਨੈਲ ੭੦,੦੦੦ ਸਿਪਾਹੀ ਲੈ ਕੇ ਗਾਜ਼ੀਆਬਾਦ, ਬੁਲੰਦ ਸ਼ਹਿਰ ਤੇ ਖੁਰਜਾ 'ਤੇ ਜਾ ਚੜ੍ਹੇ। ਸਭ ਨੇ ਜੋ ਜਿੱਤਿਆ ਉਸ ਦਾ ਦਸਵੰਧ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਭੇਜਿਆ ਜੋ ਇਕ ਲੱਖ ਸੀ। ਫਿਰ ਇਨ੍ਹਾਂ ਨੇ ਅਲੀਗੜ੍ਹ, ਟੁੰਡਲਾ, ਸ਼ਿਕੋਹਾਬਾਦ ਤੇ ਫਰੁਖਾਬਾਦ ਜਾ ਜਿੱਤੇ। ਸਰਦਾਰ ਬਘੇਲ ਸਿੰਘ ਹੱਥ ਇਕ ਹੀਰਿਆਂ ਜੜ੍ਹੀ ਸੋਟੀ ਲੱਗੀ ਜੋ ਉਸ ਸਮੇਂ ੩੩,੦੦੦ ਰੁਪਏ ਦੀ ਸੀ। ਉਸ ਨੇ ਵਾਪਸ ਮੁੜਦਿਆਂ ਆਗਰਾ ਜਿੱਤਿਆ। ਸਿੱਖ ਹੁਣ ਦਿੱਲੀ ਉੱਤੇ ਭਾਰੂ ਹੋ ਗਏ ਸਨ।

੮ ਮਾਰਚ, ੧੭੮੩ ਸਰਦਾਰ ਬਘੇਲ ਸਿੰਘ ਨੇ ੪੦,੦੦੦ ਫੌਜ ਨਾਲ ਜਮਨਾ ਕੰਢੇ ਬਰਗਾੜੀ ਘਾਟ 'ਤੇ ਕਬਜ਼ਾ ਕਰ ਲਿਆ। ਫਿਰ ਮਲਕ ਗੰਜ ਤੇ ਸਬਜ਼ੀ ਮੰਡੀ ਜਾ ਜਿੱਤੇ ਤੇ ਮੁਗ਼ਲਪੁਰਾ ਤੇ ਮੈਹਤਾਬਪੁਰਾ ਜਾ ਘੇਰੇ। ਸਿੱਖ ਅਜਮੇਰੀ ਗੇਟ ਰਾਹੀਂ ਦਿੱਲੀ ਵਿਚ ਜਾ ਦਾਖ਼ਲ ਹੋਏ ਤੇ ਹੌਜ਼ ਕਾਜ਼ੀ ਜਾ ਜਿੱਤੇ। ਬਾਦਸ਼ਾਹ ਨੇ ਸਮਰੋ ਬੇਗ਼ਮ ਨੂੰ ਬੁਲਾ ਭੇਜਿਆ। ਏਨੇ ਨੂੰ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਤੇ ਸਰਦਾਰ ਜੱਸਾ ਸਿੰਘ ਆਹਲੂਵਾਲੀਆ ਹਿਸਾਰ ਵੱਲੋਂ ੧੦,੦੦੦ ਫੌਜ ਲੈ ਕੇ ਪਹੁੰਚ ਗਏ। ਸਰਦਾਰ ਬਘੇਲ ਸਿੰਘ ਨੇ ਜਿੱਥੇ ਆਪਣੇ ਤੀਹ ਹਜ਼ਾਰ ਸਿਪਾਹੀ ਰੱਖੇ ਸਨ, ਉਹ ਜਗ੍ਹਾ ਹੁਣ ਤੀਸ ਹਜ਼ਾਰੀ ਨਾਮ ਨਾਲ ਪ੍ਰਸਿੱਧ ਹੈ।

੧੭ ਮਾਰਚ, ੧੭੮੩ ਦਾ ਉਹ ਇਤਿਹਾਸਿਕ ਦਿਨ ਹੈ ਜਦ ਸਿੱਖਾਂ ਨੇ ਲਾਲ ਕਿਲ੍ਹੇ 'ਤੇ ਖਾਲਸਈ ਨਿਸ਼ਾਨ ਸਾਹਿਬ ਜਾ ਫਹਿਰਾਇਆ। ਸ਼ਾਹ ਆਲਮ ਜਾ ਛੁਪਿਆ। ਸਰਦਾਰ ਜੱਸਾ ਸਿੰਘ ਆਹਲੂਵਾਲੀਆ ਨੂੰ ਤਖਤ 'ਤੇ ਬਿਠਾਇਆ ਗਿਆ ਤੇ ਮੋਰ ਪੰਖ ਝੁਲਾਏ ਗਏ। ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਨੇ ਇਸ ਨੂੰ ਨਾਪਸੰਦ ਕੀਤਾ ਤਾਂ ਸਰਦਾਰ ਆਹਲੂਵਾਲੀਆ ਨੇ ਤਖਤ ਛੱਡ ਦਿੱਤਾ।

ਦੀਵਾਨ-ਏ-ਖਾਸ ਤੇ ਦੀਵਾਨ-ਏ-ਆਮ 'ਤੇ ਕਬਜ਼ਾ ਕਰ ਕੇ ਹਟੇ ਸਨ ਕਿ ੧੨ ਮਾਰਚ ਨੂੰ ਸਮਰੋ ਬੇਗ਼ਮ ਦਿੱਲੀ ਆ ਗਈ ਤੇ ਉਸ ਨੇ ਸ਼ਾਹ ਆਲਮ ਦੂਜੇ ਨੂੰ ਸਿੱਖਾਂ ਬਾਰੇ ਦੱਸਿਆ ਤੇ ਸਰਦਾਰ ਬਘੇਲ ਸਿੰਘ ਨਾਲ ਗੱਲ ਕਰਨ ਲਈ ਕਿਹਾ। ਸਰਦਾਰ ਬਘੇਲ ਸਿੰਘ ਨੂੰ ਮਿਲ ਕੇ ਬੇਗ਼ਮ ਸਮਰੋ ਨੇ ਬਾਦਸ਼ਾਹ ਤੋਂ ਇਹ ਸ਼ਰਤਾਂ ਮਨਵਾਈਆਂ:

(ੳ) ਖਾਲਸੇ ਨੂੰ ਤਿੰਨ ਲੱਖ ਇਵਜ਼ਾਨਾ ਦਿੱਤਾ ਜਾਵੇਗਾ।

(ਅ) ਸਰਦਾਰ ਬਘੇਲ ਸਿੰਘ ਦਿੱਲੀ ਵਿਚ ਚਾਰ ਹਜ਼ਾਰ ਸਿਪਾਹੀ ਰੱਖ ਸਕਦਾ ਹੈ। ਉਸ ਦਾ ਦਫ਼ਤਰ ਸਬਜ਼ੀ ਮੰਡੀ

ਹੋਵੇਗਾ।

(ੲ) ਸਰਦਾਰ ਬਘੇਲ ਸਿੰਘ ਨੂੰ ਸੱਤ ਸਿੱਖ ਇਤਿਹਾਸਿਕ ਗੁਰਦੁਆਰੇ ਬਣਾਉਣ ਦੀ ਖੁੱਲ੍ਹ ਹੋਵੇਗੀ ਜੋ ਜਲਦੀ ਹੀ ਪੂਰਨ ਕਰਨ 'ਤੇ ਸਰਦਾਰ ਬਘੇਲ ਸਿੰਘ ਵਾਪਸ ਜਾਵੇਗਾ।

(ਸ) ਸਰਦਾਰ ਬਘੇਲ ਸਿੰਘ ਸਾਰੀ ਦਿੱਲੀ ਦੀ ਚੁੰਗੀ ਉਗਰਾਹੇਗਾ ਤੇ ਛਿਆਨੀ (ਰੁਪੈ ਵਿੱਚੋਂ ਛੇ ਆਨੇ) ਆਪਣੇ ਖਰਚ ਲਈ ਲਵੇਗਾ, ਜਿਸ ਵਿੱਚੋਂ ਗੁਰਦੁਆਰੇ ਬਣਾਏ ਜਾਣਗੇ।

(ਹ) ਦਿੱਲੀ ਵਿਚ ਰਹਿੰਦੇ ਹੋਏ ਸਿੱਖ ਕੋਈ ਹਮਲਾ ਨਹੀਂ ਕਰਨਗੇ।

ਸਮਝੌਤੇ ਪਿੱਛੋਂ ੪੦੦੦ ਸਿਪਾਹੀਆਂ ਨਾਲ ਸਰਦਾਰ ਬਘੇਲ ਸਿੰਘ ਨੇ ਸੱਤ ਗੁਰਦੁਆਰੇ - ਮਾਤਾ ਸੁੰਦਰੀ, ਮਜਨੂੰ ਟਿਲਾ, ਮੋਤੀ ਬਾਗ, ਬੰਗਲਾ ਸਾਹਿਬ, ਸੀਸ ਗੰਜ, ਰਕਾਬ ਗੰਜ, ਬਾਲਾ ਸਾਹਿਬ ਪਹਿਲ ਦੇ ਆਧਾਰ 'ਤੇ ਉਸਾਰੇ। ਸਰਦਾਰ ਬਘੇਲ ਸਿੰਘ ਦੀ ਸਿੱਖ ਕੌਮ ਲਈ ਇਹ ਬਹੁਤ ਵੱਡੀ ਦੇਣ ਸੀ। ਬਾਦਸ਼ਾਹ ਆਲਮ ਦੂਜਾ ਸਰਦਾਰ ਬਘੇਲ ਸਿੰਘ ਨੂੰ ਮਿਲਣ ਦਾ ਇਛੁੱਕ ਸੀ ਪਰ ਇਸ ਲਈ ਸਰਦਾਰ ਬਘੇਲ ਸਿੰਘ ਨੇ ਸ਼ਰਤਾਂ ਰੱਖੀਆਂ ਕਿ ਉਹ ਸਿਰ ਨਹੀਂ ਝੁਕਾਏਗਾ, ਇਕੱਲਾ ਨਹੀਂ ਆਏਗਾ ਤੇ ਕਿਸੇ ਦਾ ਕੋਈ ਬੁਰਾ ਕਟਾਖ ਨਹੀਂ ਸਹੇਗਾ। ਬਾਦਸ਼ਾਹ ਦੇ ਮੰਨਣ 'ਤੇ ਸਭ ਬੁੱਚੜਾਂ ਦੀਆਂ ਦੁਕਾਨਾਂ ਬੰਦ ਕੀਤੀਆਂ ਗਈਆਂ। ਹਾਥੀ ਦੀ ਸਵਾਰੀ 'ਤੇ ਸਰਦਾਰ ਬਘੇਲ ਸਿੰਘ, ਸ਼ਾਹੀ ਦਰਬਾਰ ਸ਼ਸਤਰਧਾਰੀ ਸਿੱਖਾਂ ਸਮੇਤ ਪਹੁੰਚਿਆ, ਬਾਦਸ਼ਾਹ ਮਿਲਣ 'ਤੇ ਖੁਸ਼ ਹੋਇਆ ਤੇ ਤੋਹਫੇ ਦਿੱਤੇ। ਸੰਨ ੧੭੮੪ ਤੇ ਫਿਰ ੧੭੮੯ ਵਿਚ ਜਮਨਾ ਪਾਰੋਂ ਉਗਰਾਹੀਆਂ ਚੱਲਦੀਆਂ ਰਹੀਆਂ। ਸਰਦਾਰ ਬਘੇਲ ਸਿੰਘ ਦਾ ਅਕਾਲ ਚਲਾਣਾ ੧੮੦੦ ਈ: ਵਿਚ ਹੋਇਆ ਦੱਸਿਆ ਜਾਂਦਾ ਹੈ। ਇਸ ਤਰ੍ਹਾਂ ਸਿੱਖ ਰਾਜ ਦਾ ਇਕ ਉੱਜਲ ਸਿਤਾਰਾ ਸਿੱਖਾਂ ਨੂੰ ਚੜ੍ਹਦੀਆਂ ਕਲਾਂ ਵਿਚ ਲਿਜਾ ਕੇ ਰੱਬ ਨੂੰ ਪਿਆਰਾ ਹੋ ਗਿਆ। ■

---

*(ਪੰਨਾ ੩੦ ਦਾ ਬਾਕੀ)*

# ਭਾਈ ਗੁਰਦਾਸ ਜੀ ਦੀ ਰਚਨਾ...

**ਗਿਆਨਨ ਮੈ ਗਿਆਨੁ ਅਰੁ ਧਿਆਨਨ ਮੈ ਧਿਆਨ ਗੁਰ,**
**ਸਕਲ ਧਰਮ ਮੈ ਗ੍ਰਿਹਸਤੁ ਪ੍ਰਧਾਨ ਹੈ।** *(ਕਬਿੱਤ)*

ਏਹੀ ਇਕ ਗੁਰਸਿੱਖ ਦਾ ਜੋਗ ਹੈ। ਉਹ ਗ੍ਰਿਹਸਤੀ ਜੀਵਨ ਵਿਚ ਵਿਚਰਦਿਆਂ ਹੋਇਆਂ ਸਤਿਗੁਰਾਂ ਦੇ ਦੱਸੇ ਮਾਰਗ ਅਨੁਸਾਰ ਭਜਨ-ਸਿਮਰਨ ਕਰਦਾ ਹੋਇਆ ਅੰਦਰੋਂ ਤਿਆਗੀ ਦੀ ਤਰ੍ਹਾਂ ਜੀਵਨ ਗੁਜ਼ਾਰਦਾ ਹੈ। ਸੰਸਾਰ ਵਿਚ ਰਹਿੰਦਿਆਂ ਸੰਸਾਰ ਤੋਂ ਨਿਰਲੇਪ ਰਹਿੰਦਾ ਹੈ ਜਿਵੇਂ ਮੁਰਗਾਬੀ ਪਾਣੀ ਵਿੱਚੋਂ ਭੋਜਨ ਟੋਲਦੀ ਹੈ ਤੇ ਆਖ਼ਰ ਖੁਸ਼ਕ ਪਰਾਂ ਨਾਲ ਉਡਾਰੀ ਮਾਰ ਜਾਂਦੀ ਹੈ। ਅਜਿਹਾ ਜੀਵਨ ਇਕ ਰਾਜ-ਜੋਗੀ ਦਾ ਜੀਵਨ ਹੁੰਦਾ ਹੈ:

**ਗੁਰਮੁਖਿ ਸੁਖਫਲ ਪਾਇਆ ਰਾਜੁ ਜੋਗੁ ਰਸ ਰਲੀਆ ਮਾਣੈ।** *(ਵਾਰ ੨੯, ਪਉੜੀ ੧੧)*

ਗੁਰ-ਸ਼ਬਦ ਦੀ ਕਮਾਈ ਕਰਨ ਨਾਲ ਜਿਹੜੇ ਲਾਭ ਪ੍ਰਾਪਤ ਹੁੰਦੇ ਹਨ, ਉਨ੍ਹਾਂ ਨੂੰ ਵੇਖਦਿਆਂ ਹੋਰ ਕਿਸੇ ਵੀ ਪ੍ਰਕਾਰ ਦੇ ਜਪ, ਤਪ, ਸੰਜਮ, ਯੱਗ ਵਰਤ, ਤੀਰਥ ਇਸ਼ਨਾਨ ਆਦਿ ਵੱਲ ਰੁਚਿਤ ਹੋਣਾ ਸਮਾਂ ਗਵਾਉਣ ਦੇ ਸਮਾਨ ਹੈ:

**ਲਖ ਜਪ ਤਪ ਲਖ ਸੰਜਮਾਂ ਹੋਮ ਜਗ ਲਖ ਵਰਤ ਕਰੰਦੇ।**
**ਲਖ ਤੀਰਥ ਲਖ ਊਲਖਾ ਲਖ ਪੁਰੀਆ ਲਖ ਪੁਰਬ ਲਗੰਦੇ।...**
**ਅਗਨੀ ਅੰਗੁ ਜਲਾਇੰਦੇ ਲਖ ਹਿਮੰਚਲਿ ਜਾਇ ਗਲੰਦੇ।**
**ਗੁਰੁ ਸਿਖੀ ਸੁਖੁ ਤਿਲੁ ਨ ਲਹੰਦੇ।** *(ਵਾਰ ੨੮, ਪਉੜੀ ੧੮)*

ਕੁੱਲ ਮਿਲਾ ਕੇ ਭਾਈ ਸਾਹਿਬ ਆਦਰਸ਼ਕ ਸਿੱਖ ਦੇ ਬਿੰਬ ਨੂੰ ਰੇਖਾਂਕਿਤ ਕਰਦੇ ਹੋਏ ਸਾਨੂੰ ਸਭ ਜੀਵਾਂ ਨੂੰ ਆਦਰਸ਼ਕ ਜੀਵਨ ਜੀਊਣ ਵੱਲ ਪ੍ਰੇਰਦੇ ਹਨ। ■

# ਕਵਿਤਾਵਾਂ

## ਖ਼ਾਲਸੇ ਦਾ ਹੋਲਾ

-ਸ. ਦਾਨ ਸਿੰਘ 'ਕੋਮਲ'*

ਸਰਦੀ ਦੇ ਜਾਣ ਪਿੱਛੋ, ਸਦਾ ਹੈ ਬਸੰਤ ਆਉਂਦੀ,
ਫੇਰ ਨਿੱਘੀ ਰੁੱਤ ਆਉਂਦੀ, ਬਣਕੇ ਪਟੋਲਾ ਏ।
ਹੋਲੀਆਂ ਦੀ ਏਸ ਰੁੱਤੇ, ਖੁਸ਼ੀਆਂ ਮਨਾਏ ਦੇਸ਼,
ਉੱਡਦਾ ਗੁਲਾਲ ਲਾਲ, ਰੰਗਾਂ ਦਾ ਵਰੋਲਾ ਹੈ।
ਘੋਲ ਘੋਲ ਰੰਗ ਇੱਕ ਦੂਜੇ ਉਤੇ ਸੁੱਟਦੇ ਨੇ,
ਆਉਂਦੀ ਇੱਕ ਢਾਣੀ ਅਤੇ ਜਾਂਦਾ ਇੱਕ ਟੋਲਾ ਏ।
ਪਰ ਹੋਲੀ ਉਹਦੀ, ਜਿਹਦੇ ਕੋਲ ਪਤੀ-ਪ੍ਰਭੂ ਹੋਵੇ,
ਉਹਦੀ ਕਾਹਦੀ ਹੋਲੀ, ਜਿਦ੍ਹਾ ਘਰ 'ਚ ਨਾ ਢੋਲਾ ਏ।

ਮਿਲਣੈ ਪ੍ਰਭੂ ਨੂੰ ਤਾਂ ਰੰਗ ਲਈਏ ਆਤਮਾ ਨੂੰ,
ਸਿੱਖੀ-ਰੰਗ ਰੱਤਾ ਗੂੜ੍ਹਾ ਰੰਗ ਹੀ ਵਿਚੋਲਾ ਏ।
ਚੜ੍ਹੇ ਜਿਹ ਰੰਗ ਐਸਾ, ਰੰਗ ਦੀ ਨਾ ਖੇਡੇ ਹੋਲੀ,
ਖੇਡਦਾ ਉਹ ਦੇਸ਼ ਲਈ, ਖੂਨ ਨਾਲ ਹੋਲਾ ਹੈ।

'ਹੋਲਕਾ ਸੀ ਭੂਆ ਸ੍ਰੀ ਭਗਤ ਪ੍ਰਹਿਲਾਦ ਜੀ ਦੀ,
ਮੰਨਿਆ ਇਹ ਨਾਂ ਸੀ, ਹਰਨਾਕਸ਼ ਦੀ ਭੈਣ ਦਾ।
ਹੋਲਕਾ ਨੂੰ ਵਰ ਸੀ ਕਿ ਅੱਗ ਉਹਨੂੰ ਸਾੜੇ ਨਾ,
ਏਸੇ ਲਈ ਭੁੱਲਾ ਉਹਨੂੰ ਨਾਮ ਸੀ ਨਰੈਣ ਦਾ।
ਗੋਦ ਲੈ ਭਤੀਜੇ ਨੂੰ ਉਹ ਅੱਗ ਵਿਚ ਬੈਠ ਗਈ,
ਜ਼ਾਲਮ ਭਰਾ ਦੇ ਆਖੇ, ਰੂਪ ਧਾਰ ਡੈਣ ਦਾ।
ਬਚ ਗਿਆ ਭਗਤ ਪਰ, ਹੋਲਕਾ ਸੁਆਹ ਹੋਈ,
ਅੱਗ 'ਚੋਂ ਸੀ ਵਰ ਜਿਹਨੂੰ ਸਦਾ ਬਚੇ ਰਹਿਣ ਦਾ।

---

*ਵਿਰਸਾ ਖ਼ਾਲਸੇ ਦਾ ਪੁਸਤਕ ਵਿੱਚੋਂ ਸਤਿਕਾਰ ਸਹਿਤ।

ਉਦੋਂ ਤੋਂ ਹੀ ਹੋਲੀ ਬਣੀ, ਰਸਮ ਇੱਕ ਹਿੰਦੂਆਂ ਦੀ,
ਦੱਸੇ ਇਤਿਹਾਸ ਪਿਆ, ਇਹਦੇ 'ਚ ਨਾ ਉਹਲਾ ਹੈ।
ਕ੍ਰਿਸ਼ਨ ਮੁਰਾਰ ਨੇ ਸੀ ਖੇਡੀ ਹੋਲੀ 'ਬ੍ਰਿਜ' ਵਿਚ,
ਖੇਡਿਆ 'ਗੋਬਿੰਦ' ਨੇ ਆਨੰਦਪੁਰ ਹੋਲਾ ਏ।

ਓਸ ਦਿਨ ਜ਼ੁਲਮ ਹੰਕਾਰ ਨੂੰ ਸੀ ਹਾਰ ਹੋਈ,
ਏਸ ਲਈ ਲੋਕ ਗੀਤ ਭਗਤੀ ਦੇ ਗਾਉਣ ਲੱਗੇ।
ਮੰਨ ਕੇ ਤਿਉਹਾਰ ਉੱਚਾ ਖੁਸ਼ੀਆਂ ਤੇ ਖੇੜਿਆਂ ਦਾ,
ਭਰ-ਭਰ ਰੰਗ ਇੱਕ ਦੂਜੇ ਉਤੇ ਪਾਉਣ ਲੱਗੇ।
ਫੇਰ ਐਸਾ ਹੋਲੀ ਵਾਲਾ ਹੁਲੀਆ ਵਿਗਾੜਿਆ,
ਕਿ ਭਗਤੀ ਪਿਆਰ ਲੋਕੀਂ ਅਸਲੋਂ ਭੁਲਾਉਣ ਲੱਗੇ।
ਗੋਹਾ, ਮਿੱਟੀ, ਗੰਦ ਮੰਦ ਸੁੱਟ ਇਕ ਦੂਸਰੇ 'ਤੇ,
ਬੜੇ ਨੀਵੇਂ ਢੰਗ ਨਾਲ ਹੋਲੀਆਂ ਮਨਾਉਣ ਲੱਗੇ।

ਹਾਸਾ ਤੇ ਮਖੌਲ ਹੀ ਆਦਰਸ਼ ਇੱਕ ਸਮਝ ਕੇ ਤੇ,
ਨਿੱਗਰ ਤਿਉਹਾਰ ਕੀਤਾ ਸਮੇਂ ਨੇ ਜਾਂ ਪੋਲਾ ਏ।
ਕੋਹਜ ਨੂੰ ਬਣਾ ਕੇ ਸੁਹਜ, ਗੰਦ ਨੂੰ ਸੁਗੰਧ ਕਰ,
ਸ੍ਰੀ ਦਸਮੇਸ਼ ਨੇ ਮਨਾਇਆ ਆਪ ਹੋਲਾ ਏ।

ਗੁਰਾਂ ਨੇ ਮਨਾਇਆ ਹੋਲਾ, ਬੜੇ ਉਚੇ ਢੰਗਾਂ ਨਾਲ,
ਨਿਰਾ ਹੀ ਖਿਡਾਇਆ ਨਹੀਂ ਸੀ, ਰੰਗਾਂ ਬਦਰੰਗਾਂ ਨਾਲ।
ਤੀਰ ਤੇਗ਼ਾਂ ਦਿੱਤੇ ਉਹਨਾਂ ਥਾਵੇਂ ਪਿਚਕਾਰੀਆਂ ਦੇ,
ਜੰਗੀ ਸਿਖਲਾਈ ਕੀਤੀ, ਝੂਠੇ ਮੂਠੇ ਜੰਗਾਂ ਨਾਲ।
ਘੋੜ ਦੌੜ, ਗਤਕਾ ਤੇ ਨੇਜ਼ਾ ਬਾਜ਼ੀ, ਘੋਲ, ਖੇਡਾਂ,
ਸਿੰਘ ਮਿਲ ਖੇਡਦੇ ਸੀ, ਚਾਵਾਂ ਤੇ ਉਮੰਗਾਂ ਨਾਲ।
ਸੱਜਦੇ ਸੀ ਸੂਰਬੀਰ ਸ਼ਸਤਰਾਂ ਦੇ ਨਾਲ ਸੋਹਣੇ,
ਸ਼ਸਤਰ ਵੀ ਸ਼ੋਭਦੇ ਸੀ ਸੂਰਮੇ ਨਿਹੰਗਾਂ ਨਾਲ।

ਜ਼ਾਲਮਾਂ ਨੂੰ ਪੀੜ ਪਈ, ਵਿਰੋਧੀਆਂ ਦੇ ਦਿਲ ਹਿੱਲੇ,
ਸੁਣਿਆ ਜਾਂ ਹੋਲਾ, ਨਵਾਂ ਖਾਲਸੇ ਦਾ ਬੋਲਾ ਏ।
ਕਾਇਰਾਂ ਕਮਜ਼ੋਰਾਂ ਵਿਚ ਨਵੀਂ ਰੂਹ ਭਰ ਗਈ,
ਖਾਲਸੇ ਮਨਾਇਆ ਜਦੋਂ ਰਲ ਮਿਲ ਹੋਲਾ ਏ।

ਹੋਲੀਆਂ ਦੇ ਦਿਨਾਂ ਵਿਚ, ਮੂੰਹ ਅੰਨ੍ਹੇਰੇ ਉੱਠ ਕੇ ਤੇ,
ਕਰਦੇ ਸੀ ਪਾਠ ਸਿੰਘ, ਆਸਾ ਜੀ ਦੀ ਵਾਰ ਦਾ।
ਫੇਰ ਦਿਨ ਚੜ੍ਹੇ ਕਵੀ ਕਵਿਤਾ ਸੁਣਾਉਂਦੇ ਸਨ,
ਬੜਾ ਨੱਟ ਬੱਝਦਾ ਸੀ 'ਕਵੀ ਦਰਬਾਰ' ਦਾ।
ਬੀਰ ਰਸੀ ਵਾਰਾਂ ਗਾਉਂਦੇ, ਢਾਡੀ ਸੀ ਦੁਪਹਿਰ ਵੇਲੇ,
ਚਹੁੰ ਪਾਸੀਂ ਬੀਰ-ਰਸ ਠਾਠਾਂ ਹੈ ਸੀ ਮਾਰਦਾ।
ਲੌਢੇ ਵੇਲੇ ਫੌਜੀ ਖੇਡਾਂ, ਕਰਤਬ, ਕਮਾਨ ਹੁੰਦੇ,
ਚਾੜ੍ਹਨਾ ਮਹੱਲਾ ਹੈ ਸੀ, ਕੰਮ ਸਰਕਾਰ ਦਾ।

ਸਿਰੋਪਾ ਇਨਾਮ ਦੇ ਕੇ ਇਉਂ ਉਤਸ਼ਾਹ ਦਿੰਦੇ,
ਖਾਲਸੇ ਨੇ ਕਿਸੇ ਦਾ ਵੀ, ਬਣਨਾ ਨਾ ਗੋਲਾ ਏ।
ਸੂਝਵਾਨ ਹਿੰਦੂਆਂ ਵੀ ਉੱਠ ਕੇ ਤੇ ਆਖਿਆ ਸੀ,
ਹਿੰਦੂਆਂ ਦੀ ਹੋਲੀ ਏ ਤੇ ਖ਼ਾਲਸੇ ਦਾ ਹੋਲਾ ਹੈ।

ਹਰ ਸਾਲ ਹੋਲੇ ਤੇ ਮਹੱਲੇ ਦਾ ਦਿਹਾੜਾ ਸਾਨੂੰ,
ਯਾਦ ਇਹ ਕਰਾਉਂਦੈ ਉਪਦੇਸ਼ ਦਸਮੇਸ਼ ਦਾ।
'ਸਿੰਘਾਂ ਨੇ ਸੰਵਾਰਨਾ ਏ ਦੀਨ ਅਤੇ ਦੁਨੀਆਂ ਨੂੰ,
ਸੰਤ ਹੋਣਾ ਧਰਮ ਲਈ, ਸਿਪਾਹੀ ਹੋਣਾ ਦੇਸ਼ ਦਾ।
ਕਾਮ, ਕ੍ਰੋਧ, ਲੋਭ, ਮੋਹ, ਹਉਮੈ ਨੂੰ ਹੈ ਮਾਰਨਾ,
ਤੇ ਪੁੱਟਣਾ ਹੈ ਬੂਟਾ ਜੜ੍ਹੋਂ ਫੁੱਟ ਤੇ ਕਲੇਸ਼ ਦਾ।
ਸੱਚ ਉਤੇ ਪਹਿਰਾ ਦੇਣਾ, ਚੜ੍ਹਦੀ ਕਲਾ 'ਚ ਰਹਿਣਾ,
ਸਭਨਾਂ ਦਾ ਭਲਾ ਚਾਹੁਣਾ, ਕੰਮ ਹੈ ਹਮੇਸ਼ ਦਾ।

ਹੋਲੇ ਦਾ ਦਿਵਸ ਦਿੰਦਾ ਆਤਮਾ ਨੂੰ ਬੀਰਤਾ।
ਡਰ, ਭਉ ਦਾ ਪੜ੍ਹ ਦਿੰਦਾ ਕੀਰਤਨ ਸੋਹਿਲਾ ਏ।
'ਕੋਮਲ' ਸਿਆਣੇ ਕਿਸੇ ਸੋਚ ਕੇ ਹੀ ਆਖਿਆ ਏ,
ਲੋਕਾਂ ਦੀਆਂ ਹੋਲੀਆਂ ਤੇ ਖ਼ਾਲਸੇ ਦਾ ਹੋਲਾ ਏ।

■

# ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ

*-ਸ. ਜਗਤਾਰ ਸਿੰਘ ਖੋਦੇਬੇਟ**

ਦੇਸ਼ ਵਿਚ ਹੋਵੋ ਜਾਂ ਹੋਵੋ ਵਿਚ ਪ੍ਰਦੇਸ਼ਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

ਕੇਸ ਗੁਰੂ ਦੀ ਮੋਹਰ ਤੇ ਸਿੱਖੀ ਦੀ ਨਿਸ਼ਾਨੀ ਏ।
ਸਿੱਖ ਵਿਰਸੇ ਲਈ ਕਈਆਂ ਨੇ ਕੀਤੀ ਕੁਰਬਾਨੀ ਏ।
ਨਾ ਕਟਵਾਇਓ ਕੇਸ ਮਗਰ ਲਗ ਝੂਠੇ ਭੇਸਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

ਪੜ੍ਹੋ ਇਤਿਹਾਸ ਕਦੇ ਮੁੱਲ ਸਿਰਾਂ ਦੇ ਪੈਂਦੇ ਆਏ ਨੇ।
ਕੇਸਾਂ ਲਈ ਸਿੰਘ ਨਾਲ ਜ਼ਾਲਮ ਦੇ ਖਹਿੰਦੇ ਆਏ ਨੇ।
ਹਿਰਦੇ ਵਿਚ ਵਸਾ ਲਉ ਸ਼ਬਦ ਗੁਰੂ ਉਪਦੇਸ਼ਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

ਸੋਹਣੀ ਮੁੱਛ-ਦਾੜੀ ਰੱਖ ਜਦ ਦਸਤਾਰ ਸਜਾਉਂਦੇ ਓ।
ਦੁਨੀਆਂ ਦੇ ਹਰ ਕੋਨੇ ਵਿਚ ਸਰਦਾਰ ਕਹਾਉਂਦੇ ਓ।
ਕੀਤੀਆਂ ਜੋ ਕੁਰਬਾਨੀਆਂ ਮੁੱਲ ਪਾਇਓ ਦਰਵੇਸ਼ਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

ਭਾਈ ਤਾਰੂ ਸਿੰਘ ਜਿਹੇ ਸੂਰੇ ਖੋਪਰ ਸਿਰੋਂ ਲੁਹਾ ਗਏ ਨੇ।
ਸਿੱਖੀ ਕੇਸਾਂ ਸਵਾਸਾਂ ਦੇ ਨਾਲ ਤੋੜ ਨਿਭਾ ਗਏ ਨੇ।
ਜੀਵਨ ਜਿਨ੍ਹਾਂ ਲਗਾ ਦਿੱਤਾ ਨਾਮ ਗੁਰੂ ਉਪਦੇਸ਼ਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

ਭੁੱਲੇ ਭਟਕੇ ਵੀਰਾਂ ਤਾਈਂ ਆਓ ਸਮਝਾ ਲਈਏ।
ਗੁਰੂ ਬਖਸ਼ੇ ਸਰੂਪ ਦੇ ਨਾਲ ਸਾਂਝ ਪਵਾ ਲਈਏ।
ਬੀਤ ਜਾਵੇ ਨਾ ਜ਼ਿੰਦਗੀ ਮਗਰ ਬੇਗਾਨਿਆਂ ਭੇਸਾਂ ਦੇ।
ਯਾਦ ਰੱਖਿਓ ਸਿੱਖੀ ਸੋਂਹਦੀ ਨਾਲ ਏ ਕੇਸਾਂ ਦੇ।

■

*ਪਿੰਡ ਖੋਦੇਬੇਟ, ਤਹਿਸੀਲ ਡੇਰਾ ਬਾਬਾ ਨਾਨਕ, (ਗੁਰਦਾਸਪੁਰ)।

# ਹੋਲਾ ਮਹੱਲਾ ਅਨੰਦਪੁਰ ਦਾ

*-ਸ. ਬਲਬੀਰ ਸਿੰਘ ਰਾਜੋਕਿਆਂ ਵਾਲਾ*

ਹੋਲਾ ਖੇਡਦਾ ਅਨੰਦਪੁਰ ਖਾਲਸਾ ਜਾਂ,
ਜਾਪੇ ਗੁਰੂ ਦਸ਼ਮੇਸ਼ ਜੀ ਨਾਲ ਖੇਡੇ।

ਚੋਟਾਂ ਲੱਗਦੀਆਂ ਜਦੋਂ ਨਗਾਰਿਆਂ 'ਤੇ,
ਜਜ਼ਬਾ ਸਿੰਘਾਂ ਦਾ ਬੇਮਿਸਾਲ ਖੇਡੇ।

ਮਹੱਲਾ ਨਿਕਲੇ ਜਾਂ ਖਾਲਸੇ ਪਾਉਣ ਚਾਲੇ,
ਚਾਰੇ ਪਾਸਿਓਂ ਰੰਗ ਗੁਲਾਲ ਖੇਡੇ।

ਹਾਥੀ ਝੂਮ ਹਮਾਰੀਆਂ ਸਣੇ ਤੁਰਦੇ,
ਵੇਖੋ ਘੋੜ-ਅਸਵਾਰਾਂ ਦੀ ਤਾਲ ਖੇਡੇ।

ਅੰਬਰ ਗੂੰਜ ਜੈਕਾਰਿਆਂ ਨਾਲ ਉੱਠੇ,
ਹੋਲਾ ਬਜ਼ੁਰਗ ਜਵਾਨ ਤੇ ਬਾਲ ਖੇਡੇ।

ਜੌਹਰ ਖਾਲਸਾ ਗਤਕੇ ਦੇ ਦੱਸਦਾ ਜਾਂ,
ਹਰ ਕੋਈ ਸੂਰਮਾ ਵਾਰ ਸੰਭਾਲ ਖੇਡੇ।

ਜਿਵੇਂ ਜੰਗ ਭੰਗਾਣੀ ਦੇ ਰਣ ਅੰਦਰ,
ਸਿੰਘ ਵੈਰੀਆਂ ਨਾਲ ਕਮਾਲ ਖੇਡੇ।

ਨੇਜਾਬਾਜ਼ੀ ਤੇ ਕਿਤੇ ਘੋੜ-ਦੌੜ ਹੁੰਦੀ,
ਕਿਤੇ ਅਖਾੜੇ 'ਚ ਤੇਗ ਤੇ ਢਾਲ ਖੇਡੇ।

ਸਿੰਘ ਯੋਧਾ ਚਮਕੌਰ ਦੀ ਗੜ੍ਹੀ ਦੇ ਵਿਚ,
ਕੱਲ੍ਹਾ ਕੱਲ੍ਹਾ ਜਿਉਂ ਲੱਖਾਂ ਦੇ ਨਾਲ ਖੇਡੇ।

'ਰਾਜੋਕਿਆਂ ਵਾਲਿਆ' ਚੜ੍ਹਦੀਆਂ ਕਲਾਂ ਦਿੱਸਣ,
ਸਿੰਘ ਤੋੜ ਗ਼ੁਲਾਮੀ ਦੇ ਜਾਲ ਖੇਡੇ।

■

# ਖ਼ਬਰਨਾਮਾ

## ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੀਆਂ ਚੋਣਾਂ
## ਸ਼੍ਰੋਮਣੀ ਅਕਾਲੀ ਦਲ ਨੂੰ ਵੱਡੀ ਸਫਲਤਾ

ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਵੱਡੀ ਸਫਲਤਾ ਮਿਲੀ ਹੈ। ਸੰਗਤਾਂ ਦੁਆਰਾ ਚੁਣੇ ੪੬ ਮੈਂਬਰਾਂ ਵਿਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੂੰ ੩੫, ਅਕਾਲੀ ਦਲ ਦਿੱਲੀ ਨੂੰ ੭ ਅਤੇ ਹੋਰਾਂ ਨੂੰ ੪ ਸੀਟਾਂ ਮਿਲੀਆਂ ਹਨ। ਪਿਛਲੇ ਲਗਪਗ ੪ ਸਾਲਾਂ ਤੋਂ ਸ: ਮਨਜੀਤ ਸਿੰਘ ਜੀ.ਕੇ. ਦੀ ਪ੍ਰਧਾਨਗੀ ਹੇਠ ਇਹ ਕਮੇਟੀ ਕੰਮ ਕਰਦੀ ਆ ਰਹੀ ਹੈ। ਪਿਛਲੀਆਂ ਚੋਣਾਂ ਜਨਵਰੀ ੨੦੧੩ ਵਿਚ ਹੋਈਆਂ ਸਨ ਜਿਸ ਵਿਚ ਅਕਾਲੀ ਦਲ ਨੂੰ ਵੱਡੀ ਸਫਲਤਾ ਮਿਲੀ ਸੀ।

ਦਿੱਲੀ ਵਿਚ ਸਿੱਖਾਂ ਦੀ ਆਬਾਦੀ ਅੰਦਾਜ਼ਨ ੧੦ ਕੁ ਲੱਖ ਹੈ। ਇਸ ਵਿਚੋਂ ਸਾਢੇ ਚਾਰ ਲੱਖ ਦੇ ਕਰੀਬ ਰਜਿਸਟਰਡ ਵੋਟਰ ਹਨ। ਇਸ ਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ, ਦਿੱਲੀ ਅਕਾਲੀ ਦਲ, ਪੰਥਕ ਸੇਵਾ ਦਲ ਅਤੇ ਸਦਭਾਵਨਾ ਸੇਵਾ ਦਲ ਦੇ ਮੈਦਾਨ ਵਿਚ ਆਉਣ ਨਾਲ ਇਕ ਤਰ੍ਹਾਂ ਨਾਲ ੪ ਵੱਡੀਆਂ ਪਾਰਟੀਆਂ ਨਿਤਰੀਆਂ ਹੋਈਆਂ ਸਨ। ਸਿੱਖ ਸਮਾਜ ਵਿਚ ਦੇਸ਼ ਦੀ ਰਾਜਧਾਨੀ ਦਿੱਲੀ ਦਾ ਵੱਡਾ ਮਹੱਤਵ ਰਿਹਾ ਹੈ। ਸੈਂਕੜੇ ਵਰ੍ਹਿਆਂ ਤੋਂ ਕਿਸੇ ਨਾ ਕਿਸੇ ਰੂਪ ਵਿਚ ਸਿੱਖ ਭਾਈਚਾਰਾ ਦਿੱਲੀ ਨਾਲ ਜੁੜਿਆ ਰਿਹਾ ਹੈ। ਇਸ ਸ਼ਹਿਰ ਵਿਚ ਸਿੱਖਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਬਹੁਤ ਸਾਰੇ ਮੋਰਚੇ ਵੀ ਲਗਾਏ ਗਏ ਅਤੇ ਵੱਡੇ ਸੰਘਰਸ਼ ਵੀ ਅਰੰਭੇ ਗਏ। ਇਸ ਸ਼ਹਿਰ ਨੇ '੮੪ ਦਾ ਸਿੱਖ ਕਤਲੇਆਮ ਵੀ ਦੇਖਿਆ ਪਰ ਇਸ ਦੇ ਬਾਵਜੂਦ ਸਿੱਖ ਭਾਈਚਾਰਾ ਅੱਜ ਵੀ ਇਸ ਸ਼ਹਿਰ ਵਿਚ ਰਹਿੰਦਾ ਹੋਇਆ ਹਰ ਪੱਖੋਂ ਆਪਣਾ ਭਰਪੂਰ ਯੋਗਦਾਨ ਪਾ ਰਿਹਾ ਹੈ। ਦਿੱਲੀ ਦੇ ਇਤਿਹਾਸਕ ਸਿੱਖ ਗੁਰਦੁਆਰਿਆਂ ਦਾ ਆਪਣਾ ਲੰਮਾ ਇਤਿਹਾਸ ਹੈ। ਮਿਸਲਾਂ ਦੇ ਸਮੇਂ ਸਿੱਖ ਜਰਨੈਲਾਂ ਨੇ ਆਪਣੇ ਇਤਿਹਾਸਕ ਗੁਰਦੁਆਰਿਆਂ ਦੀ ਸਾਂਭ-ਸੰਭਾਲ ਲਈ ਵੱਡੇ ਕੰਮ ਕੀਤੇ ਸਨ। ਉਸ ਤੋਂ ਬਾਅਦ ਕਿਸੇ ਨਾ ਕਿਸੇ ਰੂਪ ਵਿਚ ਇਨ੍ਹਾਂ ਪਵਿੱਤਰ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਸੇਵਾ-ਸੰਭਾਲ ਕੀਤੀ ਜਾਂਦੀ ਰਹੀ ਹੈ। ਸਿੱਖਾਂ ਵੱਲੋਂ ਕੀਤੇ ਗਏ ਲੰਮੇ ਸੰਘਰਸ਼ ਤੋਂ ਬਾਅਦ ਸਾਲ ੧੯੭੧ ਵਿਚ ਦਿੱਲੀ ਸਿੱਖ ਗੁਰਦੁਆਰਾ ਐਕਟ ਹੋਂਦ ਵਿਚ ਆਇਆ ਸੀ।

ਅੱਜ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਨਾ ਸਿਰਫ ਇਤਿਹਾਸਕ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਹੀ ਦੇਖਦੀ ਹੈ, ਸਗੋਂ ਇਸ ਅਧੀਨ ਚਲਦੇ ਵਿੱਦਿਅਕ ਅਦਾਰਿਆਂ, ਹਸਪਤਾਲਾਂ, ਬਿਰਧ ਆਸ਼ਰਮਾਂ ਅਤੇ ਲਾਇਬ੍ਰੇਰੀਆਂ ਅਤੇ ਹੋਰ ਚੈਰੀਟੇਬਲ ਸੰਸਥਾਵਾਂ ਦਾ ਪ੍ਰਬੰਧ ਵੀ ਚਲਾਉਂਦੀ ਹੈ। ਇਸ ਸਭ ਕੁਝ ਦੀ ਜ਼ਿੰਮੇਵਾਰੀ ਮੈਨੇਜਮੈਂਟ ਕਮੇਟੀ ਦੀ ਹੁੰਦੀ ਹੈ। ਪਿਛਲੇ ੪ ਸਾਲ ਤੋਂ ਸ. ਮਨਜੀਤ ਸਿੰਘ ਜੀ.ਕੇ. ਇਸ ਕਮੇਟੀ ਦੇ ਪ੍ਰਧਾਨ ਅਤੇ ਸ. ਮਨਜਿੰਦਰ ਸਿੰਘ ਸਿਰਸਾ ਇਸ ਦੇ ਜਨਰਲ ਸਕੱਤਰ ਰਹੇ ਹਨ। ਉਨ੍ਹਾਂ ਨੇ ਆਪਣੇ ਇਸ ਸਮੇਂ ਵਿਚ ਬਹੁਤ ਸਾਰੇ ਅਜਿਹੇ ਠੋਸ ਕੰਮ ਕੀਤੇ ਹਨ, ਜਿਨ੍ਹਾਂ ਦੀ ਨਾ ਸਿਰਫ ਚਰਚਾ ਹੁੰਦੀ ਰਹੀ ਹੈ, ਸਗੋਂ ਜੋ ਸਿੱਖ ਭਾਈਚਾਰੇ ਦੀ ਅਹਿਮ ਯਾਦ ਦਾ ਹਿੱਸਾ ਵੀ ਬਣੇ ਰਹੇ ਹਨ। ਇਨ੍ਹਾਂ ਨੇ ਹਾਂ-ਪੱਖੀ ਪ੍ਰਚਾਰ ਕੀਤਾ ਅਤੇ ਨਾਕਾਰਾਤਮਿਕਤਾ ਤੋਂ ਦੂਰੀ ਬਣਾਈ ਰੱਖੀ। ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਦਿੱਲੀ ਫ਼ਤਹਿ ਦਿਵਸ ਨੂੰ ਵੱਡੀ ਪੱਧਰ 'ਤੇ ਮਨਾਇਆ ਗਿਆ। ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਤਾਬਦੀ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਸਥਾਪਿਤ ਕੀਤਾ ਗਿਆ। ਵੱਡੇ ਪੱਧਰ

'ਤੇ ਗੁਰਮਤਿ ਸਮਾਗਮ ਕੀਤੇ ਗਏ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਜਿੰਨੇ ਭਗਤ ਸਨ, ਸਾਰਿਆਂ ਦੇ ਨਾਂਅ 'ਤੇ ਸਮਾਗਮ ਕਰਵਾਏ ਗਏ ਅਤੇ ਵੱਧ ਤੋਂ ਵੱਧ ਸੰਗਤਾਂ ਨੂੰ ਸਮਾਗਮਾਂ ਨਾਲ ਜੋੜਿਆ ਗਿਆ। ਮੁਲਾਜ਼ਮਾਂ ਦੀਆਂ ਤਨਖਾਹਾਂ ਤੇ ਹੋਰ ਸਹੂਲਤਾਂ ਵੱਲ ਵੀ ਖ਼ਾਸ ਧਿਆਨ ਦਿੱਤਾ ਗਿਆ। ਪੰਥਕ ਮਾਮਲਿਆਂ ਬਾਰੇ ਵੱਡੇ ਕਦਮ ਚੁੱਕੇ ਗਏ। ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਵੱਡੀ ਪੱਧਰ 'ਤੇ ਮਦਦ ਲਈ ਜਤਨ ਕੀਤੇ ਗਏ, ਜਿਸ ਨੇ ਦਿੱਲੀ ਦੀ ਜਨਤਾ ਨੂੰ ਪ੍ਰਭਾਵਿਤ ਕੀਤਾ। ਇਨ੍ਹਾਂ ਕੰਮਾਂ ਦੀ ਚੋਖੀ ਪ੍ਰਸੰਸਾ ਵੀ ਹੁੰਦੀ ਰਹੀ ਹੈ।

ਦਿੱਲੀ ਦੀਆਂ ਸਿੱਖ ਸੰਗਤਾਂ ਵੱਲੋਂ ਦਿੱਤੇ ਗਏ ਭਾਰੀ ਸਮਰਥਨ ਨਾਲ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਚੋਣਾਂ ਵਿਚ ਜੇਤੂ ਰਹੇ ਮੈਂਬਰਾਂ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸਤਿਗੁਰੂ ਜੀ ਦਾ ਸ਼ੁਕਰਾਨਾ ਕੀਤਾ। ਸ਼੍ਰੋਮਣੀ ਅਕਾਲੀ ਦਲ ਬਾਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਦੀ ਅਗਵਾਈ ਵਿਚ ਪੁੱਜੇ ਮੈਂਬਰਾਂ ਦੇ ਨਾਲ ਪੰਜਾਬ ਦੇ ਉਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ੁਕਰਾਨਾ ਕਰਨ ਲਈ ਪਹੁੰਚੇ, ਜਿਥੇ ਉਨ੍ਹਾਂ ਨੂੰ ਭਾਈ ਕੁਲਵਿੰਦਰ ਸਿੰਘ ਅਰਦਾਸੀਆ ਨੇ ਸਿਰੋਪਾਉ ਦੀ ਬਖਸ਼ਿਸ਼ ਕੀਤੀ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਆਯੋਜਿਤ ਕੀਤੇ ਗਏ ਸਨਮਾਨ ਸਮਾਗਮ ਦੌਰਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪੰਜਾਬ ਦੇ ਉਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸੰਤ ਸਮਾਜ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਅਤੇ ਹੋਰ ਅਹੁਦੇਦਾਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਚੋਣਾਂ ਵਿਚ ਜੇਤੂ ਰਹੇ ਮੈਂਬਰਾਂ ਦਾ ਸਨਮਾਨ ਕੀਤਾ ਗਿਆ।

# ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਮੈਂਬਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ

## ਸ. ਸੁਖਬੀਰ ਸਿੰਘ ਬਾਦਲ, ਪ੍ਰੋ: ਕਿਰਪਾਲ ਸਿੰਘ ਬਡੂੰਗਰ ਤੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਕੀਤਾ ਸਨਮਾਨਿਤ

ਅੰਮ੍ਰਿਤਸਰ- ਪਿਛਲੇ ਦਿਨੀਂ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਚੋਣਾਂ ਵਿਚ ਜੇਤੂ ਰਹੇ ਮੈਂਬਰਾਂ ਨੇ ਅੱਜ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਸਤਿਗੁਰੂ ਜੀ ਦਾ ਸ਼ੁਕਰਾਨਾ ਕੀਤਾ। ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਦੀ ਅਗਵਾਈ ਵਿਚ ਪੁੱਜੇ ਮੈਂਬਰਾਂ ਦੇ ਨਾਲ ਪੰਜਾਬ ਦੇ ਉਪ ਮੁੱਖ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਵੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ੁਕਰਾਨਾ ਕਰਨ ਲਈ ਪਹੁੰਚੇ, ਜਿਥੇ ਉਨ੍ਹਾਂ ਨੂੰ ਭਾਈ ਕੁਲਵਿੰਦਰ ਸਿੰਘ ਅਰਦਾਸੀਆ ਨੇ ਸਿਰੋਪਾਉ ਦੀ ਬਖਸ਼ਿਸ਼ ਕੀਤੀ।

ਇਸ ਮੌਕੇ ਸ਼ੁਕਰਾਨਾ ਕਰਨ ਲਈ ਪੁੱਜੇ ਮੈਂਬਰਾਂ ਵਿਚ ਸ. ਮਨਜਿੰਦਰ ਸਿੰਘ ਸਿਰਸਾ, ਸ. ਅਵਤਾਰ ਸਿੰਘ ਹਿੱਤ, ਸ. ਵਿਕਰਮ ਸਿੰਘ, ਸ. ਜਸਬੀਰ ਸਿੰਘ ਜੱਸੀ, ਸ. ਮੋਹਿੰਦਰ ਪਾਲ ਸਿੰਘ ਚੱਡਾ, ਸ. ਹਰਵਿੰਦਰ ਸਿੰਘ (ਕੇ.ਪੀ.), ਸ. ਸਵਰਨ ਸਿੰਘ ਬਰਾੜ, ਸ. ਨਿਸ਼ਾਨ ਸਿੰਘ ਮਾਨ, ਸ. ਪਰਮਜੀਤ ਸਿੰਘ ਰਾਣਾ, ਸ. ਪਰਮਜੀਤ ਸਿੰਘ ਚੰਡੋਕ, ਸ. ਅਮਰਜੀਤ ਸਿੰਘ ਪਿੰਕੀ, ਸ. ਸਤਿੰਦਰ ਪਾਲ ਸਿੰਘ ਨਾਗੀ, ਸ. ਹਰਮਨਜੀਤ ਸਿੰਘ, ਸ. ਅਮਰਜੀਤ ਸਿੰਘ ਪੱਪੂ, ਸ. ਹਰਜੀਤ ਸਿੰਘ ਪੱਪਾ, ਸ. ਮਨਜੀਤ ਸਿੰਘ ਔਲਖ, ਸ. ਗੁਰਮੀਤ ਸਿੰਘ ਬਿੱਲੂ, ਸ. ਦਲਜੀਤ ਸਿੰਘ

*(ਬਾਕੀ ਪੰਨਾ ੪੭ 'ਤੇ)*



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਦੀ ਤਸਵੀਰ ਤੋਂ ਪਰਦਾ ਹਟਾਉਂਦੇ ਹੋਏ
ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ। (11 ਫਰਵਰੀ 2017)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰਦੁਆਰਾ ਦੁੱਖ ਭੰਜਨੀ ਬੇਰ ਸਾਹਿਬ ਨਜ਼ਦੀਕ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਨਵੇਂ ਕਮਰਿਆਂ ਦਾ ਉਦਘਾਟਨ ਕਰਨ ਉਪਰੰਤ ਸ. ਸੁਲੱਖਣ ਸਿੰਘ ਮੈਨੇਜਰ ਨੂੰ ਚਾਬੀਆਂ ਸੌਂਪਦੇ ਹੋਏ ਬਾਬਾ ਕਸ਼ਮੀਰ ਸਿੰਘ ਭੂਰੀਵਾਲੇ। ਉਨ੍ਹਾਂ ਨਾਲ ਗਿਆਨੀ ਜਗਤਾਰ ਸਿੰਘ, ਭਾਈ ਰਾਮ ਸਿੰਘ ਅੰਤ੍ਰਿੰਗ ਮੈਂਬਰ, ਸ. ਰਜਿੰਦਰ ਸਿੰਘ ਮਹਿਤਾ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ, ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਨਿੱਜੀ ਸਕੱਤਰ ਤੇ ਹੋਰ। (14 ਫਰਵਰੀ 2017)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਸੁਲੱਖਣ ਸਿੰਘ ਤੇ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਤੇ ਸੰਗਤਾਂ।

(10 ਫਰਵਰੀ 2017)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਅਰਦਾਸ ਕਰਦੇ ਹੋਏ ਭਾਈ ਗੁਰਚਰਨ ਸਿੰਘ ਤੇ ਅਰਦਾਸ ਵਿਚ ਸ਼ਾਮਲ ਸੰਗਤਾਂ।

(21 ਫਰਵਰੀ 2017)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਗੁਰਚਰਨ ਸਿੰਘ ਤੇ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਅਧਿਕਾਰੀ, ਕਰਮਚਾਰੀ ਅਤੇ ਸੰਗਤਾਂ।

(16 ਫਰਵਰੀ 2017)



ਸ. ਅਮਰੀਕ ਸਿੰਘ ਬਡੂੰਗਰ ਨਮਿਤ ਅੰਤਿਮ ਅਰਦਾਸ ਕਰਦੇ ਹੋਏ ਗਿਆਨੀ ਪਰਨਾਮ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਅਤੇ ਅਰਦਾਸ 'ਚ ਸ਼ਾਮਲ ਸੰਗਤਾਂ।

(9 ਫਰਵਰੀ 2017)



ਸ. ਰਣਜੀਤ ਸਿੰਘ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਨੂੰ ਸੇਵਾ-ਮੁਕਤ ਹੋਣ ਸਮੇਂ ਸਨਮਾਨਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਕਾਲਾਬੂਲਾ, ਬੀਬੀ ਕਿਰਨਜੋਤ ਕੌਰ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ ਤੇ ਹੋਰ।

(3 ਮਾਰਚ 2017)





ਸ. ਸੁਖਦੇਵ ਸਿੰਘ ਗੁਰਦੁਆਰਾ ਇੰਸਪੈਕਟਰ ਤੇ ਸ. ਬਲਵਿੰਦਰ ਸਿੰਘ ਸੁਪਰਵਾਈਜ਼ਰ ਨੂੰ ਸੇਵਾ-ਮੁਕਤ ਹੋਣ ਸਮੇਂ ਸਨਮਾਨਤ ਕਰਦੇ ਹੋਏ ਸ. ਹਰਭਜਨ ਸਿੰਘ ਮਨਾਵਾਂ ਵਧੀਕ ਸਕੱਤਰ, ਸ. ਜਗਜੀਤ ਸਿੰਘ ਮੀਤ ਸਕੱਤਰ ਤੇ ਹੋਰ।

(28 ਫਰਵਰੀ 2017)

(ਪੰਨਾ ੪੨ ਦਾ ਬਾਕੀ)

ਸਰਨਾ, ਸ. ਚਮਨ ਸਿੰਘ, ਸ. ਆਤਮਾ ਸਿੰਘ ਲੁਬਾਣਾ, ਸ. ਰਮਿੰਦਰ ਸਿੰਘ, ਸ. ਜਗਦੀਪ ਸਿੰਘ, ਸ. ਮਨਮੋਹਨ ਸਿੰਘ, ਸ. ਗੁਰਮੀਤ ਸਿੰਘ ਮੀਤਾ, ਸ. ਓਂਕਾਰ ਸਿੰਘ ਥਾਪਰ, ਸ. ਹਰਜੀਤ ਸਿੰਘ ਜੀ.ਕੇ., ਸ. ਕੁਲਦੀਪ ਸਿੰਘ ਸਾਹਨੀ, ਸ. ਓਂਕਾਰ ਸਿੰਘ ਰਾਜਾ, ਸ. ਕੁਲਵੰਤ ਸਿੰਘ ਬਾਠ, ਸ. ਜਸਮੀਨ ਸਿੰਘ ਨੋਨੀ, ਸ. ਜਤਿੰਦਰਪਾਲ ਸਿੰਘ ਗੋਲਡੀ, ਸ. ਭੁਪਿੰਦਰ ਸਿੰਘ ਭੁੱਲਰ, ਸ. ਰਜਿੰਦਰ ਸਿੰਘ, ਸ. ਇਕਬਾਲ ਸਿੰਘ ਸ਼ੇਰਾ, ਸ. ਜਸਵੰਤ ਸਿੰਘ ਬਿੱਟੂ, ਸ. ਰਵਿੰਦਰ ਸਿੰਘ ਲਵਲੀ, ਸ. ਗੁਰਦੇਵ ਸਿੰਘ ਭੋਲਾ, ਸ. ਗੁਰਵਿੰਦਰ ਪਾਲ ਸਿੰਘ, ਸ. ਤਨਵੰਤ ਸਿੰਘ, ਸ. ਸਤਪਾਲ ਸਿੰਘ, ਸ. ਕੁਲਦੀਪ ਸਿੰਘ ਭੋਗਲ, ਸ. ਸਮਰਦੀਪ ਸਿੰਘ ਸੰਧੂ, ਸ. ਕੁਲਮੋਹਨ ਸਿੰਘ, ਸ. ਰਵੇਲ ਸਿੰਘ ਤੇ ਸ. ਸੰਤਾ ਸਿੰਘ ਉਮੈਦਪੁਰੀ ਸ਼ਾਮਲ ਸਨ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸਮੂਹ ਮੈਂਬਰਾਨ ਤੇ ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਾ ਦਫਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਆਯੋਜਿਤ ਕੀਤੇ ਗਏ ਸਨਮਾਨ ਸਮਾਗਮ ਦੌਰਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਵਾਗਤੀ ਸ਼ਬਦਾਂ ਵਿਚ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਦਿੱਲੀ ਕਮੇਟੀ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਹੋਈ ਵੱਡੀ ਜਿੱਤ ਪੰਥਕ ਸੋਚ ਵਾਲੇ ਸੇਵਾਦਾਰਾਂ ਦੀ ਜਿੱਤ ਹੈ। ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਜਥੇਦਾਰ ਸੰਤੋਖ ਸਿੰਘ ਦੇ ਨਕਸ਼ੇ ਕਦਮਾਂ 'ਤੇ ਚੱਲ ਕੇ ਗੁਰੂ-ਘਰਾਂ ਦੀ ਬੇਮਿਸਾਲ ਸੇਵਾ ਵਿਚ ਜੋ ਵਡਮੁੱਲਾ ਯੋਗਦਾਨ ਸ. ਮਨਜੀਤ ਸਿੰਘ ਜੀ.ਕੇ. ਤੇ ਉਨ੍ਹਾਂ ਦੇ ਸਾਥੀਆਂ ਨੇ ਪਾਇਆ ਹੈ ਉਸਦੇ ਮੱਦੇਨਜ਼ਰ ਹੀ ਦਿੱਲੀ ਦੀਆਂ ਸੰਗਤਾਂ ਨੇ ਉਨ੍ਹਾਂ ਨੂੰ ਮੁੜ ਸੇਵਾ ਬਖਸ਼ੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਆਪਸ ਵਿਚ ਗੂੜ੍ਹਾ ਰਿਸ਼ਤਾ ਹੈ ਤੇ ਇਸ ਰਿਸ਼ਤੇ ਨੂੰ ਬਰਕਰਾਰ ਰੱਖਦਿਆਂ ਭਵਿੱਖ ਵਿਚ ਰਲ਼ ਕੇ ਧਰਮ ਪ੍ਰਚਾਰ ਦੇ ਕਾਰਜਾਂ ਲਈ ਵੱਡੇ ਯਤਨ ਕੀਤੇ ਜਾਣਗੇ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਦਿੱਲੀ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ. ਤੇ ਸਮੂਹ ਮੈਂਬਰਾਨ ਨੂੰ ਜਿਥੇ ਵਧਾਈ ਦਿੱਤੀ, ਉਥੇ ਨਾਲ ਹੀ ਦਿੱਲੀ ਵਿਚ ਹੋਈ ਸ਼ਾਨਦਾਰ ਜਿੱਤ ਨੂੰ ਪੰਥਕ ਜਿੱਤ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਹਮੇਸ਼ਾ ਇਹ ਪਹਿਲ ਰਹੀ ਹੈ ਕਿ ਸਿੱਖ ਵਿਰਸੇ ਤੇ ਪੰਥਕ ਹਿੱਤਾਂ ਦੀ ਪਹਿਰੇਦਾਰੀ ਕੀਤੀ ਜਾਵੇ। ਉਨ੍ਹਾਂ ਦਿੱਲੀ ਕਮੇਟੀ ਦੀਆਂ ਚੋਣਾਂ ਵਿਚ ਪੰਥ ਵਿਰੋਧੀ ਤਾਕਤਾਂ ਨੂੰ ਸੰਗਤਾਂ ਵੱਲੋਂ ਨਕਾਰਨ ਦੀ ਗੱਲ ਕਰਦਿਆਂ ਕਿਹਾ ਕਿ ਵਿਚ ਜਿੱਤ ਹਮੇਸ਼ਾ ਗੁਰੂ-ਘਰ ਦੇ ਸੱਚੇ ਸੇਵਾਦਾਰਾਂ ਦੀ ਹੀ ਹੁੰਦੀ ਹੈ। ਉਨ੍ਹਾਂ ਨੇ ਸੰਤ ਸਮਾਜ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਦਿੱਲੀ ਗੁਰਦੁਆਰਾ ਚੋਣਾਂ ਜਿੱਤਣ ਵਿਚ ਇਨ੍ਹਾਂ ਦਾ ਵੱਡਾ ਯੋਗਦਾਨ ਰਿਹਾ ਹੈ।

ਸਨਮਾਨ ਸਮਾਗਮ ਦੌਰਾਨ ਇਕੱਤਰ ਹੋਈਆਂ ਪੰਥਕ ਸ਼ਖ਼ਸੀਅਤਾਂ ਨੂੰ ਸੰਬੋਧਨ ਕਰਦਿਆਂ ਸ. ਮਨਜੀਤ ਸਿੰਘ ਜੀ.ਕੇ. ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਨੇ ਕਿਹਾ ਕਿ ਉਹ ਸੰਗਤਾਂ ਦੇ ਸਹਿਯੋਗ ਲਈ ਹਮੇਸ਼ਾ ਰਿਣੀ ਰਹਿਣਗੇ। ਉਨ੍ਹਾਂ ਕਿਹਾ ਕਿ ਦਿੱਲੀ ਕਮੇਟੀ ਨੇ ਜਿਥੇ ਸਿੱਖ ਮਸਲਿਆਂ ਦੇ ਸਰਲੀਕਰਨ ਲਈ ਹਮੇਸ਼ਾਂ ਕੋਸ਼ਿਸ਼ ਕੀਤੀ ਹੈ, ਉਥੇ ਸਿੱਖ ਵਿਰਾਸਤ ਦੀ ਸੰਭਾਲ ਲਈ ਵੀ ਵੱਡੇ ਯਤਨ ਕੀਤੇ ਹਨ। ਉਨ੍ਹਾਂ ਇਸ ਵੱਡੀ ਜਿੱਤ ਲਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ ਤੇ ਹੋਰ ਸਿੱਖ ਸੁਸਾਇਟੀਆਂ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਚ ਦੀ ਸੇਵਾ ਨਿਭਾਈ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਚੁਣੇ ਗਏ ਮੈਂਬਰਾਂ ਦਾ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਅਤੇ ਹੋਰ ਅਹੁਦੇਦਾਰਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿਚ ਸਨਮਾਨ ਕੀਤਾ ਗਿਆ।

ਇਸ ਮੌਕੇ ਬਾਬਾ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਮਹਿਤਾ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਕੁਲਵੰਤ ਸਿੰਘ ਮੰਨਣ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਜੈਪਾਲ ਸਿੰਘ ਮੰਡੀਆਂ ਤੇ ਸ. ਸਤਪਾਲ ਸਿੰਘ ਤਲਵੰਡੀ ਭਾਈ, ਮੈਂਬਰ ਸ਼੍ਰੋਮਣੀ ਕਮੇਟੀ ਸ. ਰਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਅਮਰਜੀਤ ਸਿੰਘ ਬੰਡਾਲਾ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਅਵਤਾਰ ਸਿੰਘ ਵਣਵਾਲਾ ਤੇ ਸ. ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ, ਸਕੱਤਰ ਡਾ. ਰੂਪ ਸਿੰਘ, ਐਡੀ: ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਬਿਜੈ ਸਿੰਘ, ਸ. ਦਿਲਜੀਤ ਸਿੰਘ ਬੇਦੀ, ਸ. ਮਹਿੰਦਰ ਸਿੰਘ ਆਹਲੀ, ਸ. ਕੇਵਲ ਸਿੰਘ, ਸ. ਪ੍ਰਤਾਪ ਸਿੰਘ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ, ਸ. ਜਗਜੀਤ ਸਿੰਘ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਪਰਮਜੀਤ ਸਿੰਘ ਮੁੰਡਾਪਿੰਡ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਸਤਿੰਦਰ ਸਿੰਘ ਤੇ ਸ. ਗੁਰਮੀਤ ਸਿੰਘ, ਅਕਾਲੀ ਆਗੂ ਸ. ਵੀਰ ਸਿੰਘ ਲੋਪੋਕੇ, ਬਾਬਾ ਦਲਜੀਤ ਸਿੰਘ ਸ਼ਿਕਾਗੋ, ਸ. ਸੰਤਾ ਸਿੰਘ ਉਮੈਦਪੁਰੀ, ਸ. ਵਰਦੇਵ ਸਿੰਘ ਨੋਨੀ ਮਾਨ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਕਸ਼ਮੀਰ ਸਿੰਘ ਫਤਿਆਬਾਦ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਣਾਈ ਜਾਂਚ ਕਮੇਟੀ ਨੇ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਸੌਂਪੀ

ਅੰਮ੍ਰਿਤਸਰ- ਪੰਜਾਬ ਵਿਧਾਨ ਸਭਾ ਦੀਆਂ ਲੰਘੀਆਂ ਚੋਣਾਂ ਦੌਰਾਨ ਡੇਰਾ ਸਿਰਸਾ ਵਿਖੇ ਗਏ ਸਿੱਖ ਰਾਜਨੀਤਿਕ ਆਗੂਆਂ ਦੀ ਪੜਤਾਲ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਬਣਾਈ ਗਈ ਜਾਂਚ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜੀ ਨੂੰ ਰਿਪੋਰਟ ਸੌਂਪ ਦਿੱਤੀ ਗਈ।

ਅੱਜ ਦੁਪਹਿਰ ਸਮੇਂ ਜਾਂਚ ਕਮੇਟੀ ਦੇ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਤੇ ਭਾਈ ਗੁਰਚਰਨ ਸਿੰਘ ਗਰੇਵਾਲ ਅੰਤ੍ਰਿੰਗ ਮੈਂਬਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚੇ, ਜਿਥੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਜੀ ਨੂੰ ਜਾਂਚ ਰਿਪੋਰਟ ਸੌਂਪ ਦਿੱਤੀ। ਜਾਂਚ ਕਮੇਟੀ ਪਾਸੋਂ ਰਿਪੋਰਟ ਪ੍ਰਾਪਤ ਕਰਨ ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜੀ ਨੇ ਕਿਹਾ ਕਿ ਰਿਪੋਰਟ ਪੜ੍ਹ ਕੇ ਸਿੰਘ ਸਾਹਿਬਾਨ ਨਾਲ ਵਿਚਾਰ-ਵਟਾਂਦਰਾ ਕਰਨ ਉਪਰੰਤ ਅਗਲੀ ਮੀਟਿੰਗ ਰੱਖੀ ਜਾਵੇਗੀ, ਜਿਸ ਵਿਚ ਇਸ ਸਬੰਧੀ ਫੈਸਲਾ ਲਿਆ ਜਾਵੇਗਾ।

*੬ ਮਾਰਚ*

# ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ, ਬਹਾਦਰਗੜ੍ਹ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਿਖਲਾਈ ਕੇਂਦਰ ਆਰੰਭ

ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਜੀ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਵਿਖੇ 'ਗੁਰਮਤਿ ਸਿਖਲਾਈ ਕੇਂਦਰ' ਦੀ ਆਰੰਭਤਾ ਮੌਕੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਸ ਸੰਸਥਾ ਵਿਚ ਗੁਰਮਤਿ ਸਬੰਧੀ ਖੋਜ ਕਾਰਜਾਂ ਦੇ ਨਾਲ-ਨਾਲ ਗੁਰੂ ਘਰਾਂ ਅੰਦਰ ਸੇਵਾ ਨਿਭਾਅ ਰਹੇ ਵੱਖ-ਵੱਖ ਮੁਲਾਜ਼ਮਾਂ ਅਤੇ ਪ੍ਰਚਾਰਕ ਸ਼੍ਰੇਣੀ ਨੂੰ ਆਪੋ-ਆਪਣੇ ਖੇਤਰ ਵਿਚ ਹੋਰ ਕੁਸ਼ਲ ਬਣਾਉਣ ਅਤੇ ਗੁਰਦੁਆਰਾਂ ਪ੍ਰਬੰਧ ਵਿਚ ਨਿਪੁੰਨ ਕਰਨ ਲਈ ਵਿਉਂਤਬੰਦੀ ਕੀਤੀ ਗਈ ਹੈ। ਉਨ੍ਹਾਂ 'ਗੁਰਮਤਿ ਸਿਖਲਾਈ ਕੇਂਦਰ' ਨੂੰ ਆਰੰਭ ਕਰਨ ਸਬੰਧੀ ਆਪਣੀਆਂ ਭਾਵਨਾਵਾਂ ਪ੍ਰਗਟ ਕਰਦਿਆਂ ਕਿਹਾ ਕਿ ਲੰਮੇ ਅਰਸੇ ਤੋਂ ਉਨ੍ਹਾਂ ਦੇ ਮਨ ਅੰਦਰ ਇਹ ਵਿਚਾਰ ਸੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਰ ਮੁਲਾਜ਼ਮ ਨੂੰ ਸਮੇਂ-ਸਮੇਂ 'ਤੇ ਰਿਫਰੈਸ਼ਰ ਕੋਰਸ ਦੁਆਰਾ ਉੱਤਮ ਦਰਜੇ ਦੀ ਸਿਖਲਾਈ ਦੇ ਕੇ ਰੋਲ ਮਾਡਲ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੇ ਹੀ ਸਿਖਲਾਈ ਕੈਂਪ ਆਪਣੀ ਪਹਿਲੇ ਪ੍ਰਧਾਨਗੀ ਕਾਰਜਕਾਲ ਦੌਰਾਨ ਵੀ ਸਫਲਤਾ ਪੂਰਵਕ ਚਲਾਏ ਸਨ ਜਿਸ ਦੇ ਸਾਰਥਕ ਸਿੱਟੇ ਸਾਹਮਣੇ ਆਏ ਸਨ। ਇਸੇ ਪ੍ਰਸੰਗ ਵਿਚ ਹੀ ਇਸ ਕੈਂਪ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ ਤੇ ਅੰਤ੍ਰਿੰਗ ਮੈਂਬਰ ਸ. ਨਿਰਮਲ ਸਿੰਘ ਹਰਿਆਓ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਕੀਤੇ ਗਏ ਇਸ ਵਡਮੁੱਲੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਰਜ ਬੇਹੱਦ ਜ਼ਰੂਰੀ ਅਤੇ ਲਾਭਕਾਰੀ ਹੈ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਭਾਈ ਮੁਖਤਿਆਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਨੇ ਸੰਗਤ ਨੂੰ ਸ਼ਬਦ ਕੀਰਤਨ ਨਾਲ ਜੋੜਿਆ ਅਤੇ ਭਾਈ ਪਰਨਾਮ ਸਿੰਘ ਹੈਡ ਗ੍ਰੰਥੀ ਨੇ ਅਰਦਾਸ ਕੀਤੀ। ਇਸ ਮੌਕੇ ਸਥਾਨਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ ਵੱਲੋਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੁੱਚੇ ਮੁਲਾਜ਼ਮਾਂ ਨੂੰ ਇਸ ਗੁਰਮਤਿ ਸਿਖਲਾਈ ਕੇਂਦਰ ਵਿਚ ਗੁਰਮਤਿ ਦੇ ਨਾਲ-ਨਾਲ ਪ੍ਰਬੰਧ ਅਤੇ ਵਿਵਹਾਰ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਉਨ੍ਹਾਂ ਦੀ ਸ਼ਖਸੀਅਤ ਵਿਚ ਹੋਰ ਨਿਖਾਰ ਆ ਸਕੇ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਚ ਮੁਲਾਜ਼ਮ ਭਰਤੀ ਹੋਣ ਵਾਲੇ ਹਰ ਵਿਅਕਤੀ ਨੂੰ ਪਹਿਲਾਂ ਇਸ ਸਿਖਲਾਈ ਕੇਂਦਰ ਵਿਖੇ ਇੱਕ ਮਹੀਨੇ ਦੀ ਮੁੱਢਲੀ ਟ੍ਰੇਨਿੰਗ ਦਿੱਤੀ ਜਾਇਆ ਕਰੇਗੀ। ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਵੱਖ-ਵੱਖ ਸਰਕਾਰੀ ਤੇ ਗ਼ੈਰ ਸਰਕਾਰੀ ਅਦਾਰਿਆਂ ਵਿਚ ਲਗਾਏ ਜਾਂਦੇ ਰਿਫਰੈਸ਼ਰ ਕੋਰਸਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਹਰ ਵਿਭਾਗ ਲਈ ਸਮੇਂ-ਸਮੇਂ 'ਤੇ ਆਪਣੇ ਮੁਲਾਜ਼ਮਾਂ ਨੂੰ ਅਜਿਹੇ ਕੋਰਸਾਂ ਦੁਆਰਾ ਵਰਤਮਾਨ ਚੁਣੌਤੀਆਂ ਅਤੇ ਲੋੜਾਂ ਅਨੁਸਾਰ ਢਾਲਣਾ ਬਹੁਤ ਜ਼ਰੂਰੀ ਹੁੰਦਾ ਹੈ। ਖਾਸਕਰ ਗੁਰਦੁਆਰਾ ਸੇਵਾ ਵਿਚ ਆਉਣ ਵਾਲੇ ਮੁਲਾਜ਼ਮਾਂ ਲਈ ਤਾਂ ਇਹ ਹੋਰ ਵੀ ਜ਼ਰੂਰੀ ਹੋ ਜਾਂਦਾ ਹੈ ਕਿਉਂਕਿ ਇਨ੍ਹਾਂ ਦਾ ਸਿੱਧਾ ਰਾਬਤਾ ਸੰਗਤ ਨਾਲ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਵੱਖ-ਵੱਖ ਯੂਨੀਵਰਸਿਟੀਆਂ ਦੇ ਪ੍ਰੋਫੈਸਰਾਂ ਤੇ ਵਿਦਵਾਨਾਂ ਦੀਆਂ ਸੇਵਾਵਾਂ ਵੀ ਲਈਆਂ

ਜਾਣਗੀਆਂ। ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦਾ ਜ਼ਿਕਰ ਕਰਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਉਨ੍ਹਾਂ ਦੇ ਨਾਮ 'ਤੇ ਸਥਾਪਤ ਕੀਤੇ ਗਏ ਇਸ ਇੰਸਟੀਟਿਊਟ ਨੂੰ ਵਿਸ਼ਾਲ ਪੱਧਰ ਦੀ ਨੁਹਾਰ ਦੇਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਇਸ ਸਮੇਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ ਆਫ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ (ਪਟਿਆਲਾ) ਦੀ ਨਵੀਂ ਬਣੀ ਆਧੁਨਿਕ ਤੇ ਵਿਰਾਸਤੀ ਇਮਾਰਤ ਦਾ ਉਦਘਾਟਨ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ, ਸ. ਲਾਭ ਸਿੰਘ ਦੇਵੀਨਗਰ, ਸ. ਸਵਿੰਦਰ ਸਿੰਘ ਸੱਭਰਵਾਲ, ਸ. ਕਰਨੈਲ ਸਿੰਘ ਪੰਜੋਲੀ, ਸ. ਸਤਵਿੰਦਰ ਸਿੰਘ ਟੌਹੜਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਹੀਰਾ ਸਿੰਘ ਚਿੜੇਵਾਨ, ਸੰਤ ਗੁਰਮੀਤ ਸਿੰਘ ਤਿਰਲੋਕੇਵਾਲਾ, ਸ. ਅਵਤਾਰ ਸਿੰਘ ਵਣਵਾਲਾ ਮੈਂਬਰ ਧਰਮ ਪ੍ਰਚਾਰ ਕਮੇਟੀ, ਸਾਬਕਾ ਮੈਂਬਰ ਸ. ਬਲਵੰਤ ਸਿੰਘ ਰਾਮਗੜ੍ਹ ਤੇ ਬੀਬੀ ਪਰਮਜੀਤ ਕੌਰ ਬਜਾਜ, ਡਾ. ਪਰਮਵੀਰ ਸਿੰਘ ਮੈਂਬਰ ਸਿੱਖ ਇਤਿਹਾਸ ਰੀਸਰਚ ਬੋਰਡ, ਬਾਬਾ ਅਮਰੀਕ ਸਿੰਘ ਕਾਰਸੇਵਾ ਵਾਲੇ, ਸ. ਹਰਿੰਦਰਪਾਲ ਸਿੰਘ ਚੰਦੂਮਾਜਰਾ, ਭਾਈ ਹਰਪਾਲ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਸ. ਅਜੈਬ ਸਿੰਘ ਮੁਖਮੈਲਪੁਰ, ਧਰਮ ਪ੍ਰਚਾਰ ਕਮੇਟੀ ਦੇ ਐਡੀ: ਸਕੱਤਰ ਸ. ਹਰਭਜਨ ਸਿੰਘ ਮਨਾਵਾਂ ਤੇ ਸ਼੍ਰੋਮਣੀ ਕਮੇਟੀ ਦੇ ਐਡੀ: ਸਕੱਤਰ ਡਾ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਤੇ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸ਼ਮਸ਼ੇਰ ਸਿੰਘ ਬਡੂੰਗਰ, ਡਾ. ਗੁਰਮੋਹਨ ਸਿੰਘ ਵਾਲੀਆ ਵੀ.ਸੀ., ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਵਿਦਿਆ, ਡਾ. ਬਲਕਾਰ ਸਿੰਘ ਤੇ ਡਾ. ਗੁਰਵੀਰ ਸਿੰਘ ਡਾਇਰੈਕਟਰ, ਸ. ਜਗਮੋਹਣ ਸਿੰਘ ਗਿੱਲ ਕਲਕੱਤਾ, ਡਾ. ਕਰਮਜੀਤ ਸਿੰਘ, ਡਾ. ਗੁਰਨਾਮ ਸਿੰਘ ਪੰਜਾਬੀ ਯੂਨੀਵਰਸਿਟੀ, ਡਾ. ਚਮਕੌਰ ਸਿੰਘ, ਡਾ. ਸੁਖਦਿਆਲ ਸਿੰਘ, ਡਾ. ਗੁਰਨੇਕ ਸਿੰਘ, ਸ. ਭਗਵੰਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ, ਸ. ਜੋਗਾ ਸਿੰਘ ਮੈਨੇਜਰ ਗੁਰਦੁਆਰਾ ਸਾਹਿਬ ਬਹਾਦਰਗੜ੍ਹ, ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਕੁਲਵੰਤ ਸਿੰਘ ਗਰੇਵਾਲ, ਸ. ਹਰਦੇਵ ਸਿੰਘ ਹਰਪਾਲਪੁਰ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

*੧੯ ਫਰਵਰੀ*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹਰ ਸਾਲ ਦੋ ਸਿੱਖ ਬੁੱਧੀਜੀਵੀਆਂ ਅਤੇ ਦੋ ਅੰਤਰਰਾਸ਼ਟਰੀ ਪ੍ਰਾਪਤੀਆਂ ਕਰਨ ਵਾਲੇ ਸਿੱਖਾਂ ਨੂੰ ਸਨਮਾਨਿਤ ਕਰੇਗੀ

ਸ੍ਰੀ ਫਤਹਿਗੜ੍ਹ ਸਾਹਿਬ- ਪ੍ਰੋ. ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਗਿਆਨੀ ਗੁਰਮੁੱਖ ਸਿੰਘ ਯਾਦਗਾਰੀ ਇਕੱਤਰਤਾ ਹਾਲ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਆ ਰਹੇ ਬਜਟ ਇਜਲਾਸ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ਸਾਲਾ ਪ੍ਰਕਾਸ਼ ਪੁਰਬ ਮੌਕੇ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਦੀਆਂ ਸ਼ਾਨਦਾਰ ਸੇਵਾਵਾਂ ਦੇ ਮੱਦੇਨਜ਼ਰ ਉਨ੍ਹਾਂ ਨੂੰ ਸਨਮਾਨਿਤ ਕਰਨ, ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਅਦਾਰਿਆਂ ਦੇ ਕੰਮ-ਕਾਰ ਨੂੰ ਚੁਸਤ-ਦਰੁੱਸਤ ਕਰਨ, ਪ੍ਰਿੰਟਿੰਗ ਪ੍ਰੈੱਸਾਂ ਦੀ ਉੱਤਮ ਵਿਉਂਤਬੰਦੀ ਕਰਨ, ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਕੰਮਕਾਜ, ਟਰੱਸਟ ਵਿਭਾਗ, ਸੈਕਸ਼ਨ ੮੫, ਸੈਕਸ਼ਨ ੮੭, ਅਮਲਾ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਨੂੰ ਵਿਚਾਰਿਆ ਗਿਆ।

ਇਕੱਤਰਤਾ ਸਮੇਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਮਾਮਲਿਆਂ ਸਬੰਧੀ ਗੰਭੀਰ

ਵਿਚਾਰਾਂ ਉਪਰੰਤ ਅਹਿਮ ਫੈਸਲੇ ਲਏ ਗਏ ਹਨ। ਪ੍ਰਵਾਨ ਹੋਏ ਮਤਿਆਂ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਗਲੇ ਮਹੀਨੇ ਕਰਵਾਏ ਜਾ ਰਹੇ ਬਜਟ ਇਜਲਾਸ ਸਬੰਧੀ ਬਜਟ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਵਿਚਾਰਨ ਉਪਰੰਤ ਅੰਤ੍ਰਿੰਗ ਕਮੇਟੀ ਵੱਲੋਂ ਜਨਰਲ ਹਾਊਸ ਨੂੰ ਭੇਜ ਦਿੱਤਾ ਗਿਆ ਹੈ। ਬਜਟ ਸਬੰਧੀ ਹਾਊਸ ਸੱਦਣ ਦੀ ਤਾਰੀਖ ਦਾ ਵੀ ਜਲਦੀ ਐਲਾਨ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਹਿਬ-ਏ-ਕਮਾਲ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ੩੫੦ ਸਾਲਾ ਪ੍ਰਕਾਸ਼ ਪੁਰਬ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਵਿਖੇ ਆਯੋਜਿਤ ਕੀਤੇ ਗਏ ਸਮਾਗਮਾਂ ਦੇ ਪ੍ਰਬੰਧਾਂ ਲਈ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਅਤੇ ਸਮੁੱਚੀ ਬਿਹਾਰ ਸਰਕਾਰ ਦੀਆਂ ਵਡਮੁੱਲੀਆਂ ਸੇਵਾਵਾਂ ਲਈ ਸ਼ਲਾਘਾ ਮਤਾ ਪਾਸ ਕੀਤਾ ਗਿਆ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕਰੇਗੀ।

ਉਨ੍ਹਾਂ ਕਿਹਾ ਕਿ ਡੇਰਾ ਸਿਰਸਾ ਵਿਖੇ ਜਾਣ ਵਾਲੇ ਸਿੱਖ ਆਗੂਆਂ ਦੀ ਪੜਤਾਲ ਸਬੰਧੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਬਣਾਈ ਗਈ ਕਮੇਟੀ ਵੱਲੋਂ ਸਮਾਂ ਵਧਾਉਣ ਦੀ ਕੀਤੀ ਮੰਗ ਨੂੰ ਵਿਚਾਰਨ ਉਪਰੰਤ ੭ ਮਾਰਚ ਤੀਕ ਦਾ ਸਮਾਂ ਦੇ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਵੱਖ-ਵੱਖ ਤਿੰਨ ਪ੍ਰਿੰਟਿੰਗ ਪ੍ਰੈਸਾਂ ਨੂੰ ਇੱਕਠਾ ਕਰਨ ਲਈ ਸਬ-ਕਮੇਟੀ ਰਾਹੀਂ ਮੁਕੰਮਲ ਰਿਪੋਰਟ ਪ੍ਰਾਪਤ ਕਰਕੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਅੰਤਰਰਾਸ਼ਟਰੀ ਪੱਧਰ 'ਤੇ ਨਾਮਣਾ ਖੱਟਣ ਵਾਲੇ ਦੋ ਸਿੱਖਾਂ ਨੂੰ ਹਰ ਸਾਲ ਸਨਮਾਨਿਤ ਕੀਤਾ ਜਾਵੇਗਾ, ਜਿਸ ਲਈ ਇਕ ਸਬ-ਕਮੇਟੀ ਬਣਾਈ ਗਈ ਹੈ। ਇਸੇ ਤਰ੍ਹਾਂ ਹੀ ਹਰ ਸਾਲ ਦੋ ਸਿੱਖ ਬੁੱਧੀਜੀਵੀਆਂ ਨੂੰ ਵੀ ਸਨਮਾਨਿਤ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੀਆਂ ਵਿੱਦਿਅਕ ਤਰਜੀਹਾਂ ਦੀ ਗੱਲ ਕਰਦਿਆਂ ਦੱਸਿਆ ਕਿ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਕੰਮਕਾਰ ਨੂੰ ਹੋਰ ਚੁਸਤ-ਦਰੁੱਸਤ ਬਣਾਉਣ ਲਈ ਵੀ ਇਕ ਸਬ-ਕਮੇਟੀ ਦਾ ਗਠਨ ਕੀਤਾ ਗਿਆ ਹੈ। ਪ੍ਰੋ:ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਟਿਊਟ, ਬਹਾਦਰਗੜ੍ਹ ਪਟਿਆਲਾ ਵਿਖੇ ਸ਼ੁਰੂ ਕੀਤੇ ਗਏ 'ਗੁਰਮਤਿ ਸਿਖਲਾਈ ਕੇਂਦਰ' ਵਿਚ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਮੁਲਾਜ਼ਮਾਂ ਲਈ ਰਿਫਰੈਸ਼ਰ ਕੋਰਸ ਚਲਾਇਆ ਗਿਆ ਹੈ। ਨਵੇਂ ਭਰਤੀ ਕੀਤੇ ਜਾਣ ਵਾਲੇ ਮੁਲਾਜ਼ਮਾਂ ਨੂੰ ਡਿਊਟੀ ਸੰਭਾਲਣ ਤੋਂ ਪਹਿਲਾਂ ਇਸ ਸਿਖਲਾਈ ਕੇਂਦਰ ਵਿਚ ਇੱਕ ਮਹੀਨੇ ਦੀ ਟ੍ਰੇਨਿੰਗ ਲਾਜ਼ਮੀ ਹੋਵੇਗੀ। ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਅਦਾਰਿਆਂ ਦੇ ਕੰਮਕਾਰ ਨੂੰ ਮੁਕੰਮਲ ਰੂਪ ਵਿਚ ਉੱਤਮ ਅਤੇ ਅਗਾਂਹਵਧੂ ਬਣਾਉਣ ਲਈ ਉਚੇਚਾ ਧਿਆਨ ਦਿੱਤਾ ਜਾਵੇਗਾ। ਇਸ ਤਹਿਤ ਵੱਖ-ਵੱਖ ਅਦਾਰਿਆਂ ਦੇ ਟਰੱਸਟਾਂ ਅਤੇ ਕਮੇਟੀਆਂ ਦਾ ਮੁਲਾਂਕਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਧਰਮ ਪ੍ਰਚਾਰ ਲਈ ਇਕ ਵਿਸ਼ੇਸ਼ ਸੈਂਟਰ ਖੋਲ੍ਹਿਆ ਜਾਵੇਗਾ। ਜਿਸ ਵਿਚ ਉੱਚ ਕੋਟੀ ਦੇ ਪ੍ਰਚਾਰਕ, ਢਾਡੀ ਅਤੇ ਕਵੀਸ਼ਰ ਜਥੇ ਧਰਮ ਪ੍ਰਚਾਰ ਲਈ ਕਾਰਜਸ਼ੀਲ ਹੋਣਗੇ। ਪ੍ਰੋ: ਬਡੂੰਗਰ ਨੇ ਦੱਸਿਆ ਕਿ ੧੯੮੪ ਦੇ ਪੀੜਤਾਂ ਨੂੰ ਸਹਾਇਤਾ ਸਬੰਧੀ ਪੁੱਜੀਆਂ ਦਰਖਾਸਤਾਂ ਨੂੰ ਵਿਚਾਰਨ ਉਪਰੰਤ ਇਕ ਸਬ-ਕਮੇਟੀ ਗਠਿਤ ਕੀਤੀ ਗਈ ਹੈ ਜੋ ਸਹਾਇਤਾ ਸਬੰਧੀ ਆਪਣੀ ਰਿਪੋਰਟ ਪੇਸ਼ ਕਰੇਗੀ।

ਇਸ ਮੌਕੇ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ ਅੰਮ੍ਰਿਤਸਰ, ਸ: ਜੈਪਾਲ ਸਿੰਘ ਮੰਡੀਆਂ, ਸ: ਨਿਰਮਲ ਸਿੰਘ ਹਰਿਆਓ, ਸ: ਕੁਲਵੰਤ ਸਿੰਘ ਮੰਨਣ, ਸ: ਬਲਵਿੰਦਰ ਸਿੰਘ ਵੇਈਂਪੂਈ, ਸ: ਗੁਰਮੇਲ ਸਿੰਘ ਸੰਗਤਪੁਰਾ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ: ਸੁਰਜੀਤ ਸਿੰਘ ਭਿੱਟੇਵੱਡ ਤੇ ਸ: ਸੁਰਜੀਤ ਸਿੰਘ ਕਾਲਾਬੂਲਾ, ਧਰਮ ਪ੍ਰਚਾਰ ਕਮੇਟੀ ਮੈਂਬਰ ਸ. ਅਵਤਾਰ ਸਿੰਘ ਵਣਵਾਲਾ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਅਵਤਾਰ ਸਿੰਘ ਸਕੱਤਰ, ਸ. ਹਰਭਜਨ ਸਿੰਘ ਮਨਾਵਾਂ, ਸ.

ਸੁਖਦੇਵ ਸਿੰਘ ਭੂਰਾਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਕੇਵਲ ਸਿੰਘ, ਸ. ਰਣਜੀਤ ਸਿੰਘ ਤੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ, ਸ. ਸਿਮਰਜੀਤ ਸਿੰਘ, ਸ. ਜਗਜੀਤ ਸਿੰਘ ਤੇ ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਸੁਖਮਿੰਦਰ ਸਿੰਘ ਐਕਸੀਅਨ, ਸ. ਕਰਮਬੀਰ ਸਿੰਘ, ਸ. ਬਲਕਾਰ ਸਿੰਘ ਜੌੜਾ, ਸ. ਪਰਮਦੀਪ ਸਿੰਘ, ਸ. ਗੁਰਦਿਆਲ ਸਿੰਘ, ਸ. ਗੁਰਚਰਨ ਸਿੰਘ ਤੇ ਸ. ਮਨਿੰਦਰ ਮੋਹਨ ਸਿੰਘ ਇੰਚਾਰਜ, ਸ. ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਸ. ਬਲਵਿੰਦਰ ਸਿੰਘ ਮੈਨੇਜਰ ਗੁਰਦੁਆਰਾ ਜੋਤੀ ਸਰੂਪ ਅਤੇ ਹੋਰ ਹਾਜ਼ਰ ਸਨ।

*੧੭ ਫਰਵਰੀ*

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ੁਕਰਾਨੇ ਲਈ ਨਤਮਸਤਕ ਹੋਏ ਸ੍ਰੀ ਨਿਤਿਸ਼ ਕੁਮਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕੀਤਾ ਸਵਾਗਤ

ਅੰਮ੍ਰਿਤਸਰ- ਬਿਹਾਰ ਦੇ ਮੁੱਖ ਮੰਤਰੀ ਸ੍ਰੀ ਨਿਤਿਸ਼ ਕੁਮਾਰ ਨੇ ਅੱਜ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪਹੁੰਚ ਕੇ ਆਪਣੀ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ। ਉਹ ਵਿਸ਼ੇਸ਼ ਤੌਰ 'ਤੇ ਸਰਬੰਸਦਾਨੀ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ) ਵਿਖੇ ਸਫਲਤਾ ਸਹਿਤ ਸੰਪੰਨ ਹੋਏ ਸਮਾਗਮਾਂ ਲਈ ਸਤਿਗੁਰੂ ਜੀ ਦਾ ਸ਼ੁਕਰਾਨਾ ਕਰਨ ਲਈ ਇਥੇ ਪਹੁੰਚੇ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ, ਡਾ. ਦਲਜੀਤ ਸਿੰਘ ਚੀਮਾ ਕੈਬਨਿਟ ਮੰਤਰੀ ਪੰਜਾਬ, ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਜੈਪਾਲ ਸਿੰਘ ਮੰਡੀਆਂ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਕੁਲਵੰਤ ਸਿੰਘ ਮੰਨਣ ਤੇ ਬੀਬੀ ਜੋਗਿੰਦਰ ਕੌਰ ਬਠਿੰਡਾ ਅੰਤ੍ਰਿੰਗ ਮੈਂਬਰ, ਮੈਂਬਰਾਨ ਸ਼੍ਰੋਮਣੀ ਕਮੇਟੀ ਅਤੇ ਅਧਿਕਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਉਨ੍ਹਾਂ ਨਾਲ ਸ੍ਰੀ ਰਾਜੀਵ ਰਾਜਨ ਸਿੰਘ ਵਾਟਰ ਰੀਸੋਰਸ ਪਲੈਨਿੰਗ ਐਂਡ ਡਿਵੈਲਪਮੈਂਟ ਮੰਤਰੀ, ਸ. ਜੇ.ਐਸ. ਕੰਗ ਆਈ.ਏ.ਐਸ., ਸ. ਬਲਜੀਤ ਸਿੰਘ ਆਈ.ਪੀ.ਐਸ., ਸ੍ਰੀ ਚੈਂਚਲ ਕੁਮਾਰ ਪ੍ਰਿੰਸੀਪਲ ਸਕੱਤਰ, ਸ੍ਰੀ ਆਤਿਸ਼ ਚੰਦਰਾ ਪ੍ਰਿੰਸੀਪਲ ਸਕੱਤਰ ਚੀਫ ਮਨਿਸਟਰ, ਸ੍ਰੀ ਅੰਜਲੀ ਕੁਮਾਰ ਚੀਫ ਸੈਕਟਰੀ, ਸ੍ਰੀ ਚੇਤੰਨਯ ਪ੍ਰਸ਼ਾਦ ਪ੍ਰਿੰਸੀਪਲ ਸਕੱਤਰ, ਸ੍ਰੀ ਦੀਪੇਨ ਕੁਮਾਰ ਰੈਜੀਡੈਂਸ ਕਮਿਸ਼ਨ ਬਿਹਾਰ, ਏ.ਕੇ. ਸਿੰਘ ਸਕੱਤਰ ਈਰੀਗੇਸ਼ਨ, ਸ੍ਰੀ ਅਰੁਣ ਕੁਮਾਰ ਪ੍ਰਿੰਸੀਪਲ ਸਕੱਤਰ ਅਤੇ ਸ੍ਰੀ ਬਿਨੋਦ ਕੁਮਾਰ ਡੀ.ਆਈ.ਜੀ. ਵੀ ਗੁਰੂ-ਘਰ ਦੇ ਦਰਸ਼ਨ ਕਰਨ ਲਈ ਪਹੁੰਚੇ। ਸ੍ਰੀ ਨਿਤਿਸ਼ ਕੁਮਾਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਕੜਾਹ ਪ੍ਰਸ਼ਾਦ ਦੀ ਦੇਗ ਕਰਵਾਈ ਅਤੇ ਕੁਝ ਸਮਾਂ ਕੀਰਤਨ ਸਰਵਣ ਕੀਤਾ। ਉਨ੍ਹਾਂ ਨੂੰ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਨੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਟ ਕੀਤਾ। ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਮੱਥਾ ਟੇਕਣ ਗਏ।

ਸ੍ਰੀ ਨਿਤਿਸ਼ ਕੁਮਾਰ ਦੀ ਆਮਦ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਕ ਸਮਾਗਮ ਕੀਤਾ ਗਿਆ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਅਤੇ ਅਹੁਦੇਦਾਰਾਂ ਨੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ, ਸ੍ਰੀ ਸਾਹਿਬ, ਲੋਈ, ਸਿਰੋਪਾਓ ਅਤੇ ਧਾਰਮਿਕ ਪੁਸਤਕਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ। ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨਾਲ ਆਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ੍ਰੀ ਨਿਤਿਸ਼ ਕੁਮਾਰ ਨੇ ਪ੍ਰੈਸ ਨਾਲ ਆਪਣੀ ਸੰਖੇਪ ਗੱਲਬਾਤ ਵਿਚ ਕਿਹਾ ਕਿ ਉਹ ਆਪਣੇ ਮਨ ਦੀ ਇੱਛਾ ਅਨੁਸਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਤਿਗੁਰੂ ਜੀ ਦਾ ਸ਼ੁਕਰਾਨਾ ਕਰਨ ਲਈ ਆਏ ਹਨ ਅਤੇ

ਉਨ੍ਹਾਂ ਨੂੰ ਇਥੇ ਆ ਕੇ ਮਾਨਸਿਕ ਤ੍ਰਿਪਤੀ ਪ੍ਰਾਪਤ ਹੋਈ ਹੈ। ਸਮਾਗਮ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਦਸਮ ਪਾਤਸ਼ਾਹ ਜੀ ਦੇ ੩੫੦ ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਲਈ ਕੀਤੇ ਗਏ ਵਧੀਆ ਪ੍ਰਬੰਧਾਂ ਅਤੇ ਸੇਵਾਵਾਂ ਦੇ ਮੱਦੇਨਜ਼ਰ ਸ੍ਰੀ ਨਿਤਿਸ਼ ਕੁਮਾਰ ਨੂੰ ਆਉਂਦੇ ਦਿਨਾਂ ਵਿਚ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਨ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ। ਪ੍ਰੋ: ਬਡੂੰਗਰ ਨੂੰ ਸ੍ਰੀ ਨਿਤਿਸ਼ ਕੁਮਾਰ ਦੀ ਇਸ ਫੇਰੀ ਦੇ ਅਨੁਭਵ ਸਬੰਧੀ ਪੁੱਛੇ ਗਏ ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਸ੍ਰੀ ਨਿਤਿਸ਼ ਕੁਮਾਰ ਨੇ ਪੰਜਾਬ ਦੇ ਵਾਤਾਵਰਨ ਅਤੇ ਖਾਸਕਰ ਸਿੱਖ ਧਰਮ ਦੀ ਮਹਾਨਤਾ ਤੋਂ ਪ੍ਰਭਾਵਿਤ ਹੋਣ ਦੀ ਗੱਲ ਆਖੀ ਹੈ।

ਇਸ ਮੌਕੇ ਡਾ. ਦਲਜੀਤ ਸਿੰਘ ਚੀਮਾ ਕੈਬਨਿਟ ਮੰਤਰੀ ਪੰਜਾਬ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ ਸ਼੍ਰੋਮਣੀ ਕਮੇਟੀ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਬਲਵਿੰਦਰ ਸਿੰਘ ਵੇਈਂਪੂਈਂ, ਸ. ਜੈਪਾਲ ਸਿੰਘ ਮੰਡੀਆਂ, ਸ. ਕੁਲਵੰਤ ਸਿੰਘ ਮੰਨਣ ਤੇ ਬੀਬੀ ਜੋਗਿੰਦਰ ਕੌਰ ਬਠਿੰਡਾ ਅੰਤ੍ਰਿੰਗ ਮੈਂਬਰ, ਭਾਈ ਮਨਜੀਤ ਸਿੰਘ, ਸ. ਰਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਰਵਿੰਦਰ ਸਿੰਘ ਚੱਕ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸ. ਭਗਵੰਤ ਸਿੰਘ ਸਿਆਲਕਾ, ਸ. ਅਮਰਜੀਤ ਸਿੰਘ ਬੰਡਾਲਾ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ, ਸ. ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ. ਵੀਰ ਸਿੰਘ ਲੋਪੋਕੇ ਅਕਾਲੀ ਆਗੂ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਡਾ. ਪਰਮਜੀਤ ਸਿੰਘ ਸਰੋਆ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਸ. ਰਣਜੀਤ ਸਿੰਘ ਤੇ ਸ. ਬਿਜੈ ਸਿੰਘ ਐਡੀ: ਸਕੱਤਰ, ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ, ਸ. ਸਕੱਤਰ ਸਿੰਘ, ਸ. ਜਗਜੀਤ ਸਿੰਘ ਜੱਗੀ, ਸ. ਹਰਜਿੰਦਰ ਸਿੰਘ ਕੈਰੋਂਵਾਲ ਤੇ ਸ. ਬਲਵਿੰਦਰ ਸਿੰਘ ਕਾਹਲਵਾਂ ਮੀਤ ਸਕੱਤਰ, ਸ. ਰਜਿੰਦਰ ਮੋਹਨ ਸਿੰਘ ਛੀਨਾ, ਸ. ਗੁਨਵੀਰ ਸਿੰਘ ਵਾਤਾਵਰਨ ਵਿਭਾਗ, ਪ੍ਰਿੰਸੀਪਲ ਬਲਵਿੰਦਰ ਸਿੰਘ, ਸ. ਕੁਲਵੰਤ ਸਿੰਘ ਦੇਦ ਵੀ.ਸੀ. ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਵੱਲ੍ਹਾ, ਡਾ. ਕਵੀਪਾਲ ਸਿੰਘ ਡਾਇਰੈਕਟਰ ਪ੍ਰਿੰਸੀਪਲ ਗੁਰੂ ਰਾਮਦਾਸ ਡੈਂਟਲ ਕਾਲਜ, ਡਾ. ਗੀਤਾ ਸ਼ਰਮਾ ਡਾਇਰੈਕਟਰ ਪ੍ਰਿੰਸੀਪਲ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵੱਲ੍ਹਾ, ਸ. ਚਰਨਜੀਤ ਸਿੰਘ ਚੱਢਾ ਪ੍ਰਧਾਨ ਚੀਫ ਖਾਲਸਾ ਦੀਵਾਨ ਆਦਿ ਹਾਜ਼ਰ ਸਨ।

*੧੯ ਫਰਵਰੀ*

# ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਫ੍ਰੀ ਡਿਸਪੈਂਸਰੀ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ

ਪਟਿਆਲਾ- ਗੁਰੂ ਸਾਹਿਬਾਨ ਨੇ ਲੋਕਾਈ ਦੀ ਚੜ੍ਹਦੀ ਕਲਾ ਲਈ ਨਾਮ ਜਪਣ, ਕਿਰਤ ਕਰਨ, ਵੰਡ ਛਕਣ ਦੇ ਨਾਲ-ਨਾਲ ਸਰੀਰਕ ਤੰਦਰੁਸਤੀ ਦਾ ਸੰਦੇਸ਼ ਦਿੱਤਾ ਹੈ। ਸਰੀਰ ਨੂੰ ਰੋਗਾਂ ਤੋਂ ਦੂਰ ਰੱਖਣ ਲਈ ਗੁਰੂ ਸਾਹਿਬਾਨ ਨੇ ਆਪਣੇ ਹੱਥੀ ਜੜੀ-ਬੂਟੀਆਂ ਦੇ ਬਾਗ ਬਗੀਚੇ ਲਗਵਾਏ ਸਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਫ੍ਰੀ ਡਿਸਪੈਂਸਰੀ ਦੀ ਨਵੀ ਉਸਾਰੀ ਕੀਤੀ ਜਾ ਰਹੀ ਇਮਾਰਤ ਦਾ ਨੀਂਹ ਪੱਥਰ ਰੱਖਦਿਆਂ ਕੀਤਾ। ਕਾਫੀ ਲੰਬੇ ਸਮੇਂ ਤੋਂ ੧੦੦ ਸਕੈਅਰ ਫੁੱਟ ਦੀ ਇਮਾਰਤ ਵਿਚ ਚੱਲ ਰਹੀ ਇਸ ਫ੍ਰੀ ਡਿਸਪੈਂਸਰੀਂ ਦੀ ਇਮਾਰਤ ਨੂੰ ਹੁਣ ੬੦੦ ਸਕੈਅਰ ਫੁੱਟ ਵਿਚ ਉਸਾਰਿਆ ਜਾਵੇਗਾ। ਇਸ ਇਮਾਰਤ ਵਿਚ ਡਾਕਟਰਾਂ ਦੇ ਕੈਬਿਨ, ਮਰੀਜਾਂ ਲਈ ੩ ਬੈੱਡ ਅਤੇ ਹੋਰ ਆਧੁਨਿਕ ਸਹੂਲਤਾਂ ਹੋਣਗੀਆਂ। ਇਹ ਸਾਰੀ ਇਮਾਰਤ ਵਾਤਾਅਨਕੂਲ ਹੋਵੇਗੀ। ਇਸ ਨਵੀਂ ਉਸਾਰੀ ਜਾ ਰਹੀ ਇਮਾਰਤ 'ਤੇ ੭ ਲੱਖ ਰੁਪੈ ਦੇ ਲੱਗਭਗ ਖਰਚ ਆਵੇਗਾ ਜਿਸ ਦੀ ਕਾਰ ਸੇਵਾ ਬਾਬਾ ਅਮਰੀਕ ਸਿੰਘ ਜੀ ਕਾਰ ਸੇਵਾ ਵਾਲੇ ਕਰਨਗੇ। ਇਸ ਡਿਸਪੈਂਸਰੀ ਵਿਚ ਸਮੇਂ-ਸਮੇਂ ਪਟਿਆਲਾ ਦੇ ਪ੍ਰਸਿਧ ਡਾਕਟਰ

ਬੈਠ ਕੇ ਸੇਵਾ ਕਰਿਆ ਕਰਨਗੇ। ਬਾਅਦ ਵਿਚ ਇਕ ਐਮ.ਬੀ.ਬੀ.ਐਸ. ਡਾਕਟਰ ਦੀ ਪੱਕੇ ਤੌਰ 'ਤੇ ਨਿਯੁਕਤੀ ਕੀਤੀ ਜਾਵੇਗੀ। ਡਿਸਪੈਂਸਰੀ ਦੇ ਨੀਂਹ ਪੱਥਰ ਦੀ ਰਸਮ ਦੀ ਅਰਦਾਸ ਹੈੱਡ ਗ੍ਰੰਥੀ ਗਿਆਨੀ ਪ੍ਰਨਾਮ ਸਿੰਘ ਨੇ ਕੀਤੀ। ਇਸ ਮੌਕੇ ਡਾ. ਬੀ.ਐਲ. ਭਰਦਵਾਜ, ਡਾ. ਸੁਧੀਰ ਵਰਮਾ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ, ਜਥੇਦਾਰ ਸਵਿੰਦਰ ਸਿੰਘ ਸਭਰਵਾਲ, ਜਥੇਦਾਰ ਲਾਭ ਸਿੰਘ ਦੇਵੀਨਗਰ ਮੈਂਬਰਾਨ ਸ਼੍ਰੋਮਣੀ ਕਮੇਟੀ, ਜਥੇਦਾਰ ਇੰਦਰਮੋਹਨ ਸਿੰਘ ਬਜਾਜ਼, ਡਾ. ਧਰਮਿੰਦਰ ਸਿੰਘ ਉੱਭਾ ਸਿੱਖਿਆ ਡਾਇਰੈਕਟਰ, ਡਾ. ਪਰਮਜੀਤ ਸਿੰਘ ਸਰੋਆ ਐਡੀਸ਼ਨਲ ਸਕੱਤਰ, ਸਿਮਰਜੀਤ ਸਿੰਘ ਮੀਤ ਸਕੱਤਰ, ਸੁਖਮਿੰਦਰ ਸਿੰਘ ਐਕਸੀਅਨ, ਮੈਨੇਜਰ ਭਗਵੰਤ ਸਿੰਘ ਧੰਗੇੜਾ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਮੈਨੇਜਰ ਜੋਗਾ ਸਿੰਘ ਤੋਂ ਇਲਾਵਾ ਪਤਵੰਤੇ ਸੱਜਣ ਹਾਜ਼ਰ ਸਨ। *੨੫ ਫਰਵਰੀ*

# ਸ਼੍ਰੋਮਣੀ ਕਮੇਟੀ ਮੈਂਬਰਾਂ ਵੱਲੋਂ ਮੁਕੰਮਲ ਪੜ੍ਹਤਾਲ ਉਪਰੰਤ ਹੀ ਗੁਰੂ-ਘਰਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਦਿੱਤੇ ਜਾਣਗੇ- ਪ੍ਰੋ: ਬਡੂੰਗਰ

## ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਦਬ ਸਤਿਕਾਰ ਲਈ ਮਾਝਾ, ਮਾਲਵਾ ਤੇ ਦੁਆਬਾ ਅਧਾਰਿਤ ਤਿੰਨ ਕੇਂਦਰ ਬਣਾਏ ਜਾਣਗੇ

ਦੋਰਾਹਾ (ਲੁਧਿਆਣਾ)- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਮੁੱਖ ਰੱਖਦਿਆਂ ਹੋਇਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਂਬਰ ਸਾਹਿਬਾਨ ਦੀ ਅਗਵਾਈ ਹੇਠ ਸੰਗਤਾਂ ਨੂੰ ਸੁਚੇਤ ਕਰਨ ਲਈ ਜ਼ੋਰਦਾਰ ਮੁਹਿੰਮ ਆਰੰਭੀ ਜਾਵੇਗੀ ਅਤੇ ਵੱਖ-ਵੱਖ ਥਾਵਾਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਪਹੁੰਚਾਉਣ ਲਈ ਪੰਜਾਬ ਅੰਦਰ ਮਾਝਾ, ਮਾਲਵਾ ਤੇ ਦੁਆਬਾ ਵਿਖੇ ਤਿੰਨ ਕੇਂਦਰ ਸਥਾਪਤ ਕੀਤੇ ਜਾਣਗੇ। ਵਿਦੇਸ਼ਾਂ ਅੰਦਰ ਗੁਰੂ-ਘਰਾਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਮੰਗ ਅਨੁਸਾਰ ਕੈਨੇਡਾ ਵਿਖੇ ੨੫੦ ਸਰੂਪ ਭੇਜੇ ਜਾਣਗੇ। ਇਹ ਫੈਸਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਦੇਗਸਰ ਸਾਹਿਬ ਪਾ: ਛੇਵੀਂ ਅਤੇ ਦਸਵੀਂ ਕਟਾਣਾ ਸਾਹਿਬ (ਲੁਧਿਆਣਾ) ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਲਿਆ ਗਿਆ।

ਇਕੱਤਰਤਾ ਉਪਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਮਾਨਯੋਗ ਪ੍ਰਧਾਨ ਸਾਹਿਬ ਜੀ ਦੀ ਭਤੀਜੀ ਬੀਬੀ ਤਜਿੰਦਰ ਕੌਰ (੩੯) ਦੇ ਅਚਾਨਕ ਅਕਾਲ ਚਲਾਣਾ ਕਰ ਜਾਣ ਕਾਰਨ ਉਨ੍ਹਾਂ ਨੂੰ ਜਾਣਾ ਪਿਆ ਹੈ। ਉਨ੍ਹਾਂ ਕਿਹਾ ਕਿ ਬੀਬੀ ਤਜਿੰਦਰ ਕੌਰ ਦੇ ਅਕਾਲ ਚਲਾਣੇ 'ਤੇ ਅੰਤ੍ਰਿੰਗ ਕਮੇਟੀ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਹੈ। ਅੰਤ੍ਰਿੰਗ ਕਮੇਟੀ ਦੇ ਫੈਸਲਿਆਂ ਸਬੰਧੀ ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਮੁਕੰਮਲ ਅਦਬ ਸਤਿਕਾਰ ਲਈ ਵਚਨਬੱਧ ਹੈ ਅਤੇ ਇਸੇ ਤਹਿਤ ਫੈਸਲਾ ਕੀਤਾ ਗਿਆ ਹੈ ਕਿ ਪਾਵਨ ਸਰੂਪਾਂ ਲਈ ਪੁੱਜਦੀਆਂ ਮੰਗਾਂ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਸਬੰਧਤ ਸਥਾਨ 'ਤੇ ਜਾ ਕੇ ਪ੍ਰਕਾਸ਼ ਅਸਥਾਨ, ਸੁੱਖ ਆਸਣ ਸਥਾਨ ਸਮੇਤ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨਾਲ ਅਦਬ ਸਤਿਕਾਰ ਸਬੰਧੀ ਗੱਲਬਾਤ ਕਰਨ ਤੋਂ ਬਾਅਦ ਪਾਵਨ ਸਰੂਪ ਦੇਣ ਲਈ ਸਿਫਾਰਸ਼ ਕਰਨਗੇ। ਇਸ ਤੋਂ ਬਾਅਦ ਹੀ ਪਾਵਨ ਸਰੂਪ ਭੇਜੇ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਅੰਦਰ ਮਾਝਾ, ਮਾਲਵਾ ਅਤੇ ਦੋਆਬਾ ਵਿਖੇ ਤਿੰਨ ਕੇਂਦਰ ਬਣਾਏ ਜਾਣਗੇ ਜਿਥੋਂ ਸੰਗਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪ੍ਰਾਪਤ ਕਰ ਸਕਣਗੀਆਂ। ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਅੰਦਰ ਵੀ ਪਾਵਨ ਸਰੂਪਾਂ ਦੀ ਵੱਡੀ ਮੰਗ ਹੈ, ਇਸ ਸਬੰਧ ਵਿਚ ਸਿੱਖ ਵਿਰਾਸਤ ਸੁਸਾਇਟੀ ਬ੍ਰੈਂਪਟਨ (ਕੈਨੇਡਾ) ਵੱਲੋਂ ਪਾਵਨ ਸਰੂਪਾਂ ਦੀ ਕੀਤੀ ਗਈ ਮੰਗ ਨੂੰ ਵਿਚਾਰਨ ਉਪਰੰਤ ਕੈਨੇਡਾ ਵਿਖੇ ੨੫੦ ਸਰੂਪ ਭੇਜਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਆਪਣੀਆਂ ਲਿਖਤਾਂ ਦੁਆਰਾ ਸਿੱਖ ਸਾਹਿਤ ਵਿਚ ਜ਼ਿਕਰਯੋਗ ਯੋਗਦਾਨ ਪਾਉਣ ਵਾਲੇ ਉੱਘੇ ਲੇਖਕ ਪ੍ਰੋ: ਪਿਆਰਾ

ਸਿੰਘ ਪਦਮ, ਸ਼ਹੀਦ ਭਾਈ ਗੁਰਦੇਵ ਸਿੰਘ ਕਾਉਂਕੇ ਅਤੇ ਡੱਬਵਾਲੀ ਕਾਂਡ ਵਿਚ ਸ਼ਹੀਦ ਹੋਏ ਭਾਈ ਹਰਮਿੰਦਰ ਸਿੰਘ ਦੀ ਤਸਵੀਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਕੇਂਦਰ ਸਿੱਖ ਅਜਾਇਬ ਘਰ ਵਿਖੇ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਸ. ਚਾਵਲਾ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਦੀ ਸਵੈਇੱਛਾ ਅਨੁਸਾਰ ਜਨਵਰੀ ੨੦੧੭ ਤੋਂ ਉਨ੍ਹਾਂ ਦੀ ਤਨਖਾਹ ੩ ਲੱਖ ਦੀ ਬਜਾਏ ੧ ਲੱਖ ਰੁਪਏ ਕਰਨ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ (ਹਰਿਆਣਾ) ਲਈ ੨ ਕਰੋੜ ਰੁਪਏ ਦੀ ਸਹਾਇਤਾ ਨੂੰ ਵੀ ਪ੍ਰਵਾਨਗੀ ਦਿੱਤੀ ਗਈ। ਉਨ੍ਹਾਂ ਹੋਰ ਦੱਸਿਆ ਕਿ ਪਿੰਡ ਘੜੂੰਆਂ (ਮੋਹਾਲੀ) ਵਿਖੇ ਭਾਈ ਨੱਥਾ ਸਿੰਘ ਤੇ ਭਾਈ ਉਜਾਗਰ ਸਿੰਘ ਦੇ ਪਰਿਵਾਰ ਗੁਰੂ ਸਾਹਿਬਾਨ ਦੀ ਬਖਸ਼ਿਸ਼ ਸਦਕਾ ਪੀੜੀ-ਦਰ-ਪੀੜੀ ਸਰਬਲੋਹ ਦੇ ਭਾਂਡੇ ਤਿਆਰ ਕਰਦੇ ਆ ਰਹੇ ਹਨ। ਇਨ੍ਹਾਂ ਪਾਸੋਂ ਗੁਰੂ ਕੇ ਲੰਗਰਾਂ ਲਈ ਸ਼੍ਰੋਮਣੀ ਕਮੇਟੀ ਭਾਂਡੇ ਖ੍ਰੀਦ ਕਰੇਗੀ। ਇਹ ਕਾਰਜ ਤਖ਼ਤ ਸ੍ਰੀ ਕੇਸਗੜ੍ਹ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਕੀਤਾ ਜਾਵੇਗਾ ਅਤੇ ਬਾਅਦ ਵਿਚ ਹੋਰ ਗੁਰੂ-ਘਰਾਂ ਲਈ ਵੀ ਸਰਬਲੋਹ ਦੇ ਭਾਂਡੇ ਖ੍ਰੀਦੇ ਜਾਣਗੇ। ਇਸ ਸਬੰਧ ਵਿਚ ਇਕ ਸਬ-ਕਮੇਟੀ ਗਠਿਤ ਕੀਤੀ ਗਈ ਹੈ। ਭਾਈ ਚਾਵਲਾ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ-ਮਹੱਲਾ ਮੌਕੇ ਸੰਗਤਾਂ ਦੀ ਵੱਡੀ ਗਿਣਤੀ ਵਿਚ ਆਮਦ ਦੇ ਮੱਦੇਨਜ਼ਰ ਉਨ੍ਹਾਂ ਦੇ ਠਹਿਰਾਉ ਲਈ ਆਰਜ਼ੀ ਤੌਰ 'ਤੇ ਟੈਂਟ ਲਗਾਉਣ ਦਾ ਫੈਸਲਾ ਵੀ ਕੀਤਾ ਗਿਆ ਹੈ। ਉਨ੍ਹਾਂ ਅੰਤ੍ਰਿੰਗ ਕਮੇਟੀ ਦੇ ਫੈਸਲਿਆਂ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਬੀਰ ਸਿੰਘ ਜੀ ਅਤੇ ਭਾਈ ਮਹਾਰਾਜ ਸਿੰਘ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਹਰ ਸਾਲ ਸਮਾਗਮ ਕੀਤਾ ਜਾਇਆ ਕਰੇਗਾ। ਮੀਟਿੰਗ ਵਿਚ ਸੰਗਤ ਦੀ ਵਧਦੀ ਆਮਦ ਦੇ ਮੱਦੇਨਜ਼ਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਦੀ ਨਵੀਂ ਬਣੀ ਇਮਾਰਤ ਲਈ ਦੋ ਲਿਫਟਾਂ ਲਗਾਉਣ ਨੂੰ ਪ੍ਰਵਾਨਗੀ ਵੀ ਦਿੱਤੀ ਗਈ। ਇਸੇ ਤਰ੍ਹਾਂ ਸੰਗਤਾਂ ਦੀ ਸਹੂਲਤ ਲਈ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਆਈ.ਸੀ.ਆਈ.ਸੀ.ਆਈ. ਬੈਂਕ ਦਾ ਏ.ਟੀ.ਐਮ. ਲਗਾਉਣ ਨੂੰ ਵੀ ਪ੍ਰਵਾਨ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਇਕੱਤਰਤਾ ਵਿਚ ਟਰੱਸਟ ਵਿਭਾਗ, ਸੈਕਸ਼ਨ ੮੫, ਸੈਕਸ਼ਨ ੮੭, ਅਮਲਾ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਨੂੰ ਵੀ ਵਿਚਾਰਿਆ ਗਿਆ ਹੈ।

ਇਸ ਮੌਕੇ ਸ. ਬਲਦੇਵ ਸਿੰਘ ਕਾਇਮਪੁਰ ਸੀਨੀਅਰ ਮੀਤ ਪ੍ਰਧਾਨ, ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ, ਸ. ਅਮਰਜੀਤ ਸਿੰਘ ਚਾਵਲਾ ਜਨਰਲ ਸਕੱਤਰ, ਅੰਤ੍ਰਿੰਗ ਕਮੇਟੀ ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਭਾਈ ਰਾਮ ਸਿੰਘ ਅੰਮ੍ਰਿਤਸਰ, ਸ: ਜੈਪਾਲ ਸਿੰਘ ਮੰਡੀਆਂ, ਸ: ਸੁਰਜੀਤ ਸਿੰਘ ਭਿੱਟੇਵੱਡ, ਸ: ਨਿਰਮਲ ਸਿੰਘ ਹਰਿਆਓ, ਸ: ਕੁਲਵੰਤ ਸਿੰਘ ਮੰਨਣ, ਸ: ਬਲਵਿੰਦਰ ਸਿੰਘ ਵੇਈਂਪੂਈ, ਸ: ਗੁਰਮੇਲ ਸਿੰਘ ਸੰਗਤਪੁਰਾ, ਸ. ਸਤਪਾਲ ਸਿੰਘ ਤਲਵੰਡੀ ਭਾਈ ਤੇ ਸ: ਸੁਰਜੀਤ ਸਿੰਘ ਕਾਲਾਬੂਲਾ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ ਤੇ ਹੋਰ ਅਧਿਕਾਰੀ ਕਰਮਚਾਰੀ ਹਾਜ਼ਰ ਸਨ। *੨੭ ਫਰਵਰੀ*

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਦਿਆਰਥੀਆਂ ਸਿੱਖ ਇਤਿਹਾਸ, ਸਿੱਖ ਵਿਰਾਸਤ ਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨ ਲਈ ਉਪਰਾਲੇ ਕਰੇਗੀ

ਚੰਡੀਗੜ੍ਹ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਵਿਦਿਅਕ ਅਦਾਰਿਆਂ ਅੰਦਰ ਸਿੱਖਿਆ ਪ੍ਰਾਪਤ ਕਰਦੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਸਿੱਖ ਵਿਰਾਸਤ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਨ ਲਈ ਵੱਡੇ ਪੱਧਰ 'ਤੇ ਉਪਰਾਲੇ ਆਰੰਭੇ ਜਾਣਗੇ। ਸ਼੍ਰੋਮਣੀ ਕਮੇਟੀ ਦੀ ਇਹ ਪ੍ਰਾਥਮਿਕਤਾ ਰਹੇਗੀ ਕਿ ਵਿਦਿਆਰਥੀਆਂ ਨੂੰ ਅਕਾਦਮਿਕ ਬੁਲੰਦੀਆਂ ਦੇ ਨਾਲ-ਨਾਲ ਸਿੱਖ ਧਰਮ ਦੇ ਸੁਨਹਿਰੀ ਸਿਧਾਤਾਂ ਅਤੇ ਪਰੰਪਰਾਵਾਂ ਨਾਲ ਜੋੜਿਆ

ਜਾਵੇ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕ੍ਰਿਪਾਲ ਸਿੰਘ ਬਡੂੰਗਰ ਨੇ ਸਥਾਨਕ ਗੁਰਦੁਆਰਾ ਕਲਗੀਧਰ ਨਿਵਾਸ, ਸੈਕਟਰ ੨੭-ਬੀ ਵਿਖੇ ਐਜੂਕੇਸ਼ਨ ਕਮੇਟੀ ਦੀ ਹੋਈ ਇਕੱਤਰਤਾ ਤੋਂ ਬਾਅਦ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਇਕੱਤਰਤਾ ਵਿਚ ਲਏ ਫੈਸਲਿਆਂ ਸਬੰਧੀ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਸਮੂਹ ਵਿਦਿਅਕ ਅਦਾਰਿਆਂ ਅੰਦਰ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਮੌਕੇ ੨੯ ਮਾਰਚ ੨੦੧੭ ਨੂੰ ਵਾਤਾਵਰਣ ਦਿਵਸ ਦੇ ਤੌਰ 'ਤੇ ਵਿਸ਼ਾਲ ਰੂਪ ਵਿਚ ਮਨਾਏ ਜਾਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧ ਵਿਚ ਉਨ੍ਹਾਂ ਦੱਸਿਆ ਕਿ ਅੱਜ ਵਾਤਾਵਰਣ ਦੇ ਪਲੀਤ ਹੋਣ ਦਾ ਵਰਤਾਰਾ ਸਭ ਦੇ ਸਾਹਮਣੇ ਹੈ। ਸ਼੍ਰੋਮਣੀ ਕਮੇਟੀ ਇਸ ਵਿਕਰਾਲ ਸਮੱਸਿਆ ਨੂੰ ਸਮਝਦਿਆਂ ਨੌਜਵਾਨਾਂ ਨੂੰ ਜਾਗਰੂਕ ਕਰੇਗੀ ਅਤੇ ਇਸੇ ਤਹਿਤ ਹੀ ਸਕੂਲਾਂ-ਕਾਲਜਾਂ ਵਿਚ ਵਾਤਾਵਰਣ ਦੀ ਸ਼ੁਧਤਾ ਲਈ ਸੈਮੀਨਾਰ ਆਯੋਜਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸੱਤਵੇਂ ਪਾਤਸ਼ਾਹ ਜੀ ਦੇ ਗੁਰਤਾਗੱਦੀ ਦਿਵਸ ਵਾਲੇ ਦਿਨ ਵਿਦਿਅਕ ਅਦਾਰਿਆਂ ਅੰਦਰ ਬੂਟੇ ਲਗਾਏ ਜਾਣਗੇ ਅਤੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸ਼ੁੱਧਤਾ ਲਈ ਨਿਰੰਤਰ ਕਾਰਜਸ਼ੀਲ ਰੱਖਣ ਲਈ ਪ੍ਰੇਰਿਆ ਵੀ ਜਾਵੇਗਾ। ਇਸੇ ਤਰ੍ਹਾਂ ੨੧, ੨੨ ਮਾਰਚ ੨੦੧੭ ਨੂੰ ਖਾਲਸਾ ਕਾਲਜ, ਗੜ੍ਹਦੀਵਾਲਾ (ਹੁਸ਼ਿਆਰਪੁਰ) ਵਿਖੇ ਖਾਲਸਾਈ ਸੱਭਿਆਚਾਰਕ ਉਤਸਵ ਕਰਵਾਇਆ ਜਾਵੇਗਾ।

ਉਨ੍ਹਾਂ ਹੋਰ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀਆਂ ਸਿੱਖਿਆ ਸੰਸਥਾਵਾਂ ਦਾ ਅਕਾਦਮਿਕ ਆਡਿਟ ਵੀ ਕਰਵਾਇਆ ਜਾਵੇਗਾ ਅਤੇ ਸਕੂਲਾਂ/ਕਾਲਜਾਂ ਦੇ ਸਟਾਫ਼ ਨੂੰ ਰਿਫਰੈਸ਼ਰ ਕੋਰਸ ਲਗਾ ਕੇ ਵਾਤਾਵਰਣ ਸਮੇਂ ਅਨੁਕੂਲ ਕਰਨ ਦਾ ਉਪਰਾਲਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਕੱਤਰਤਾ ਵਿਚ ਸ਼੍ਰੋਮਣੀ ਕਮੇਟੀ ਦੇ ਸਕੂਲਾਂ/ਕਾਲਜਾਂ ਦੀਆਂ ਰੈਗੂਲਰ ਮਹਿਲਾ ਕਰਮਚਾਰੀਆਂ ਨੂੰ ੬ ਮਹੀਨੇ ਦੀ ਤਨਖਾਹ ਸਮੇਤ ਪ੍ਰਸੂਤੀ ਛੁੱਟੀ ਦੇਣ ਦੀ ਵੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਕਾਲਜਾਂ ਦੇ ਸਟਾਫ਼ ਨੂੰ ੧ ਜਨਵਰੀ ੨੦੧੭ ਤੋਂ ੭ ਫੀਸਦੀ ਮਹਿੰਗਾਈ ਭੱਤਾ ਦੇ ਦਿੱਤਾ ਗਿਆ ਹੈ। ਪ੍ਰੋ. ਬਡੂੰਗਰ ਨੇ ਦੱਸਿਆ ਕਿ ਇਕੱਤਰਤਾ ਵਿਚ ਇੱਕ ਹੋਰ ਅਹਿਮ ਫੈਸਲਾ ਕਰਦਿਆਂ ਜਿਹੜੇ ਵਿਦਿਆਰਥੀਆਂ ਦੇ ਮਾਤਾ-ਪਿਤਾ ਕਿਸੇ ਲਾਇਲਾਜ ਬਿਮਾਰੀ ਤੋਂ ਪੀੜਤ ਹੋਣ ਜਾਂ ਵਿਦਿਆਰਥੀ ਵਿਦਿਅਕ ਸੱਭਿਆਚਾਰਕ ਤੇ ਖੇਡਾਂ ਦੇ ਖੇਤਰ ਵਿਚ ਵਿਸ਼ਾਲ ਪ੍ਰਾਪਤੀ ਰੱਖਦੇ ਹੋਣ ਉਨ੍ਹਾਂ ਦੀਆਂ ੪੦ ਫੀਸਦੀ ਤੋਂ ਲੈ ਕੇ ੧੦੦ ਫੀਸਦੀ ਤੱਕ ਫੀਸਾਂ ਮੁਆਫ ਕੀਤੀਆਂ ਜਾਣਗੀਆਂ। ਇਸ ਤਰ੍ਹਾਂ ਸਕੂਲਾਂ/ਕਾਲਜਾਂ ਦੇ ਮੁਲਾਜ਼ਮਾਂ ਦੀਆਂ ਬਕਾਇਆ ਤਨਖਾਹਾਂ ਜਾਰੀ ਕਰਨ ਲਈ ੨ ਕਰੋੜ ਪਚੱਤਰ ਲੱਖ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਾਇਮਪੁਰੀ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਮੁੱਖ ਸਕੱਤਰ ਸ. ਹਰਚਰਨ ਸਿੰਘ, ਐਡੀਸ਼ਨਲ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਅਤੇ ਡਾ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਜਗਜੀਤ ਸਿੰਘ, ਡਾਇਰੈਕਟਰ ਐਜੂਕੇਸ਼ਨ ਡਾ. ਧਰਮਿੰਦਰ ਸਿੰਘ ਉੱਭਾ, ਡਿਪਟੀ ਡਾਇਰੈਕਟਰ ਡਾ. ਕਸ਼ਮੀਰ ਸਿੰਘ ਅਤੇ ਡਾ. ਵੰਦਨਾ ਨਰੂਲਾ, ਅਸਿਸਟੈਂਟ ਡਾਇਰੈਕਟਰ ਪ੍ਰਿੰ. ਸਤਵੰਤ ਕੌਰ ਅਤੇ ਪ੍ਰੋ. ਟੀਨਾ ਸਿੰਘ, ਇੰਚਾਰਜ ਅਜੂਕੇਸ਼ਨ ਸ. ਮਨਿੰਦਰਮੋਹਨ ਸਿੰਘ ਅਤੇ ਗੁਰਦਿਆਲ ਸਿੰਘ ਆਦਿ ਸ਼ਾਮਿਲ ਸਨ।

*੦੧ ਮਾਰਚ*

## ਪ੍ਰੋ: ਬਡੂੰਗਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਹੁਕਮਨਾਮਿਆਂ ਦੀ ਮਹਾਨਤਾ ਲਈ ਵਿੱਢੀ ਮੁਹਿੰਮ ਦਾ ਕੌਮ ਸਾਥ ਦੇਵੇ- ਭਾਈ ਗਰੇਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਅਤੇ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਪ੍ਰਧਾਨ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਹੈ ਕਿ ਸਿੱਖ ਕੌਮ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਇੱਕ ਪੰਥਕ ਸੇਵਾਦਾਰ ਤੇ ਸਿੱਖ ਚਿੰਤਕ ਹੁੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲਿਆਂ ਅਤੇ ਸਿੱਖ ਕੌਮ ਦੀਆਂ ਅਮੀਰ ਪ੍ਰੰਪਰਾਵਾਂ 'ਤੇ ਦ੍ਰਿੜ੍ਹਤਾ ਨਾਲ

ਪਹਿਰਾ ਦੇਣ ਵਾਲੀ ਸ਼ਖਸੀਅਤ ਹਨ। ਉਨ੍ਹਾਂ ਕਿਹਾ ਕਿ ਪ੍ਰੋ: ਬਡੂੰਗਰ ਵੱਲੋਂ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੇ ਪ੍ਰਧਾਨ ਬਣਨ ਤੋਂ ਬਾਅਦ ਸਮੁੱਚੇ ਪੰਥ ਨੂੰ ਇੱਕ ਪਲੇਟਫਾਰਮ 'ਤੇ ਇਕੱਠਾ ਕਰਨ ਲਈ ਕੀਤੇ ਉਪਰਾਲੇ ਤਹਿਤ ਸਾਰੀਆਂ ਧਿਰਾਂ ਨੂੰ ਮਾਰੀ ਆਵਾਜ਼ ਕੌਮੀ ਪ੍ਰਸੰਗ ਵਿਚ ਵੱਡੇ ਅਰਥ ਰੱਖਦੀ ਹੈ, ਜਿਸਦੀ ਹਰ ਵਰਗ ਵੱਲੋਂ ਸ਼ਲਾਘਾ ਵੀ ਕੀਤੀ ਗਈ ਹੈ। ਪਰ ਕੁਝ ਲੋਕਾਂ ਵੱਲੋਂ ਰਾਜਨੀਤਿਕ ਧੜੇਬੰਦੀਆਂ ਅਧੀਨ ਉਨ੍ਹਾਂ ਦੀ ਬਤੌਰ ਪ੍ਰਧਾਨ ਸ਼੍ਰੋਮਣੀ ਕਮੇਟੀ ਦੀ ਕਾਰਜਸ਼ੈਲੀ 'ਤੇ ਕਿੰਤੂ ਕਰਨਾ ਸੌੜੀ ਸੋਚ ਦਾ ਪ੍ਰਗਟਾਵਾ ਹੈ।

ਭਾਈ ਗਰੇਵਾਲ ਨੇ ਕਿਹਾ ਕਿ ਡੇਰਾ ਸਿਰਸਾ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੱਤਰ ਮਿਲਣ ਉਪਰੰਤ ਪ੍ਰੋ: ਬਡੂੰਗਰ ਨੇ ਤੁਰੰਤ ਪੜਤਾਲੀਆ ਕਮੇਟੀ ਬਣਾ ਕੇ ਰਿਪੋਰਟ ਦੇਣ ਲਈ ਨਿਰਦੇਸ਼ ਦਿੱਤੇ ਹਨ, ਤਾਂ ਜੋ ਡੇਰੇ ਵਿਚ ਗਏ ਰਾਜਨੀਤਿਕ ਸਿੱਖ ਆਗੂਆਂ ਦੀ ਨਿਸ਼ਾਨਦੇਹੀ ਕਰਕੇ ਪਾਰਦਰਸ਼ੀ ਰਿਪੋਰਟ ਪੇਸ਼ ਕੀਤੀ ਜਾ ਸਕੇ। ਪਰ ਕੁਝ ਲੋਕਾਂ ਵੱਲੋਂ ਇਸ ਮੁਹਿੰਮ 'ਤੇ ਸ਼ੰਕਾ ਦਾ ਪ੍ਰਗਟਾਵਾ ਕਰ ਕੇ ਆਪਣੀ ਬੌਣੀ ਮਾਨਸਿਕਤਾ ਦਾ ਸਬੂਤ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰੋ: ਬਡੂੰਗਰ ਪੰਥਕ ਰਾਜਨੀਤੀ ਵਿਚ ਆ ਚੁੱਕੇ ਗੰਧਲੇਪਨ ਨੂੰ ਖਤਮ ਕਰ ਕੇ ਪੁਰਾਤਨ ਪ੍ਰੰਪਰਾਵਾਂ ਦੀ ਲੀਹ ਪਾਉਣ ਦੀ ਮਨਸ਼ਾ ਦਾ ਸਤਿਕਾਰ ਕਰਨਾ ਚਾਹੁੰਦੇ ਹਨ। ਉਨ੍ਹਾਂ ਯਾਦ ਕਰਵਾਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੇ ਰੁਤਬੇ ਦੀ ਮਾਣ ਮਰਿਆਦਾ ਕਾਇਮ ਰੱਖਦਿਆਂ ਪਿਛਲੇ ਦਿਨੀਂ ਲੰਘੀਆਂ ਚੋਣਾਂ ਵਿਚ ਕਿਤੇ ਵੀ ਆਪਣੇ ਅਹੁਦੇ ਨੂੰ ਰਾਜਨੀਤਿਕ ਰਲਗਡ ਕਰਨ ਤੋਂ ਲਾਂਭੇ ਰੱਖਿਆ ਹੈ। ਭਾਈ ਗਰੇਵਾਲ ਨੇ ਕਿਹਾ ਕਿ ਰਾਜਨੀਤਿਕ ਰੁਤਬੇ ਆਪਣੀ ਥਾਂ ਹਨ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ, ਸਰਵਉੱਚਤਾ ਅਤੇ ਹੁਕਮਨਾਮਿਆਂ ਦੀ ਮਹਾਨਤਾ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ, ਜਿਸ ਦਾ ਪਾਲਣ ਪ੍ਰੋ: ਕਿਰਪਾਲ ਸਿੰਘ ਬਡੂੰਗਰ ਬਾਖ਼ੂਬੀ ਕਰ ਰਹੇ ਹਨ। ਉਨ੍ਹਾਂ ਸਮੁੱਚੀਆਂ ਪੰਥਕ ਧਿਰਾਂ ਤੇ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪ੍ਰੋ: ਬਡੂੰਗਰ ਵੱਲੋਂ ਆਰੰਭੀ ਮੁਹਿੰਮ ਦਾ ਸਾਥ ਦੇਣ। *੧੦ ਫਰਵਰੀ*

# ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰੂ ਕੇ ਲੰਗਰਾਂ ਲਈ ਸਰਬਲੋਹ ਦੇ ਬਰਤਨ ਖ੍ਰੀਦ ਕਰਨ ਲਈ ਸਬ-ਕਮੇਟੀ ਬਣਾਈ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਨੂੰ ਸਮਰਪਿਤ ਪੰਥ ਦੀ ਸਿਰਮੌਰ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਦੇ ਲੰਗਰਾਂ ਵਿਚ ਵਰਤੇ ਜਾਣ ਵਾਲੇ ਸਰਬਲੋਹੀ ਬਰਤਨਾਂ ਦੇ ਪ੍ਰਚੱਲਨ ਨੂੰ ਮੁੜ ਬਹਾਲ ਕਰਨ ਲਈ ਯਤਨਸ਼ੀਲ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਸਮੇਂ ਤੋਂ ਲੈ ਕੇ ਗੁਰੂ-ਘਰ ਦੇ ਅਨਿਨ ਸਿੱਖ ਸੇਵਕ ਭਾਈ ਨੱਥਾ ਸਿੰਘ, ਭਾਈ ਉਜਾਗਰ ਸਿੰਘ (ਘੜੂਆਂ) ਅਤੇ ਉਨ੍ਹਾਂ ਦੇ ਵਡੇਰਿਆਂ ਨੇ ਸਰਬਲੋਹ ਦੇ ਬਰਤਨ ਬਣਾਉਣ ਦੀ ਨਿਰੰਤਰਤਾ ਨੂੰ ਜਾਰੀ ਰੱਖਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਪਾਸੋਂ ਸਰਬਲੋਹ ਦੇ ਬਰਤਨ ਖ੍ਰੀਦ ਕਰਨ ਹਿਤ ਤਿੰਨ ਮੈਂਬਰੀ ਸਬ-ਕਮੇਟੀ ਦਾ ਗਠਨ ਕੀਤਾ ਹੈ, ਜਿਸ ਵਿਚ ਬਾਬਾ ਬੂਟਾ ਸਿੰਘ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਚਰਨਜੀਤ ਸਿੰਘ ਕਾਲੇਵਾਲ ਤੇ ਬੀਬੀ ਪਰਮਜੀਤ ਕੌਰ ਲਾਂਡਰਾਂ ਮੈਂਬਰ ਸ਼੍ਰੋਮਣੀ ਕਮੇਟੀ ਨੂੰ ਬਤੌਰ ਮੈਂਬਰ ਲਿਆ ਗਿਆ ਹੈ ਅਤੇ ਸ. ਅਵਤਾਰ ਸਿੰਘ ਸੈਂਪਲਾ ਸਕੱਤਰ ਨੂੰ ਇਸ ਸਬ-ਕਮੇਟੀ ਦਾ ਕੋ-ਆਰਡੀਨੇਟਰ ਬਣਾਇਆ ਗਿਆ ਹੈ। *੨੧ ਫਰਵਰੀ*

# ਸਿਕਲੀਗਰ ਸਿੱਖ ਵਣਜਾਰਿਆਂ ਨੂੰ ਪੰਥ ਦੀ ਮੁੱਖ ਧਾਰਾ ਨਾਲ ਜੋੜਨ ਲਈ ਸ਼੍ਰੋਮਣੀ ਕਮੇਟੀ ਪੂਰੀ ਤਰ੍ਹਾਂ ਯਤਨਸ਼ੀਲ- ਪ੍ਰੋ: ਬਡੂੰਗਰ

ਅੰਮ੍ਰਿਤਸਰ- ਪ੍ਰੋ: ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸਿੱਖ ਕੌਮ ਦਾ ਅਹਿਮ ਅੰਗ ਮੰਨੇ ਜਾਂਦੇ ਸਿਕਲੀਗਰ ਸਿੱਖ ਵਣਜਾਰਿਆਂ ਨੂੰ ਪੰਥ ਦੀ ਮੁੱਖ ਧਾਰਾ ਨਾਲ ਜੋੜਨ ਅਤੇ

ਉਨ੍ਹਾਂ ਦੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੂਰੀ ਤਰ੍ਹਾਂ ਯਤਨਸ਼ੀਲ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਕਾਊਂਸਲ ਆਫ ਸਕਾਟਲੈਂਡ ਦੇ ਪ੍ਰਧਾਨ ਸ. ਸੁਲੱਖਣ ਸਿੰਘ ਦੇ ਵੱਲੋਂ ਮਹਾਰਾਸ਼ਟਰ ਤੇ ਮੱਧ ਪ੍ਰਦੇਸ਼ ਨਾਲ ਸਬੰਧਤ ੧੭੦ ਮੈਂਬਰੀ ਸਿਕਲੀਗਰ ਸਿੱਖ ਵਣਜਾਰਿਆਂ ਤੇ ਗੁਰੂ ਨਾਨਕ ਨਾਮ ਲੇਵਾ ਸੰਗਤ ਦੇ ਜੱਥੇ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਦਿਦਾਰੇ ਕਰਨ ਲਈ ਸ਼ਰਧਾ ਤੇ ਉਤਸ਼ਾਹ ਨਾਲ ਲੈ ਕੇ ਆਉਣਾ ਆਪਣੇ ਆਪ ਵਿਚ ਇਕ ਮਿਸਾਲੀ ਕਾਰਜ ਹੈ। ਇਸ ਦੌਰਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਮਹਾਰਾਸ਼ਟਰ ਤੇ ਮੱਧ ਪ੍ਰਦੇਸ਼ ਨਾਲ ਸਬੰਧਤ ਸਿਕਲੀਗਰ ਸਿੱਖ ਵਣਜਾਰਿਆਂ ਨੂੰ ਪੰਜਾਬ ਵਿਖੇ ਸਥਿਤ ਗੁਰੂ ਸਾਹਿਬਾਨ ਦੇ ਇਤਿਹਾਸਕ ਗੁਰਧਾਮਾਂ ਜਿਨ੍ਹਾਂ ਵਿਚ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਫਤਿਹਗੜ੍ਹ ਸਾਹਿਬ, ਸੁਲਤਾਨਪੁਰ ਲੋਧੀ ਅਤੇ ਚਮਕੌਰ ਸਾਹਿਬ ਆਦਿ ਦੇ ਦਰਸ਼ਨ ਦਿਦਾਰੇ ਕਰਵਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਸਾਂ ਉਪਲੱਬਧ ਕਰਵਾਈਆਂ ਗਈਆਂ ਹਨ, ਤਾਂ ਕਿ ਉਹ ਗੁਰੂ ਸਾਹਿਬਾਨ ਦੇ ਨਾਲ ਸਬੰਧਤ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਦਿਦਾਰੇ ਕਰਕੇ ਗੁਰ-ਇਤਿਹਾਸ, ਸਿੱਖ ਸਿਧਾਂਤਾਂ ਤੇ ਸਿੱਖ ਇਤਿਹਾਸ ਦੀ ਜਾਣਕਾਰੀ ਪ੍ਰਾਪਤ ਕਰ ਸਕਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਮੁੱਚਾ ਸਿੱਖ ਪੰਥ ਸਿਕਲੀਗਰ ਸਿੱਖ ਵਣਜਾਰਿਆਂ ਨੂੰ ਆਪਣੇ ਕਲਾਵੇ ਵਿਚ ਲੈਣ ਲਈ ਪੂਰੀ ਤਰ੍ਹਾਂ ਉਤਸੁਕ ਰਿਹਾ ਹੈ ਅਤੇ ਇਨ੍ਹਾਂ ਦੇ ਜੀਵਨ ਪੱਧਰ ਨੂੰ ਹੋਰ ਉਪਰ ਚੁੱਕਣ ਦੇ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਦੇਸ਼ ਦੇ ਵੱਖ-ਵੱਖ ਭਾਗਾਂ ਵਿਚ ਸੰਗਤਾਂ ਦੇ ਸਹਿਯੋਗ ਨਾਲ ਕਈ ਵੱਖ-ਵੱਖ ਪ੍ਰੋਜੈਕਟ ਵੀ ਚਲਾਏ ਜਾ ਰਹੇ ਹਨ, ਤਾਂ ਕਿ ਸਿਕਲੀਗਰ ਸਿੱਖ ਵਣਜਾਰਿਆਂ ਦੇ ਬੱਚੇ ਗੁਰਸਿੱਖੀ ਵਿਚ ਪ੍ਰਪੱਕ ਹੋ ਕੇ ਬਾਣੀ ਤੇ ਬਾਣੇ ਦੇ ਧਾਰਨੀ ਬਣ ਸਕਣ।

*੨੮ ਫਰਵਰੀ*

# ਦੇਸ਼ ਲਈ ਕੁਰਬਾਨ ਹੋਏ ਸ਼ਹੀਦ ਦੀ ਬੇਟੀ ਗੁਰਮੇਹਰ ਕੌਰ ਨੂੰ ਧਮਕੀਆਂ ਦੇਣਾ ਮੰਦਭਾਗਾ

ਅੰਮ੍ਰਿਤਸਰ- ਦਿੱਲੀ ਯੂਨੀਵਰਸਿਟੀ ਦੀ ਵਿਦਿਆਰਥਣ ਗੁਰਮੇਹਰ ਕੌਰ ਨੂੰ ਏ.ਬੀ.ਵੀ.ਪੀ. ਵੱਲੋਂ ਮਨੁੱਖਤਾ ਵਿਰੋਧੀ ਸੋਚ ਦਾ ਪ੍ਰਗਟਾਵਾ ਕਰਦਿਆਂ ਦਿੱਤੀਆਂ ਧਮਕੀਆਂ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ। ਉਨ੍ਹਾਂ ਇਕ ਪ੍ਰੈਸ ਬਿਆਨ ਵਿਚ ਕਿਹਾ ਕਿ ਭਾਰਤ ਅੰਦਰ ਵੱਸਦੇ ਹਰ ਧਰਮ ਦੇ ਬਾਸ਼ਿੰਦਿਆਂ ਦੀ ਆਜ਼ਾਦੀ ਦਾ ਅਧਿਕਾਰ ਸੁਰੱਖਿਅਤ ਰਹਿਣਾ ਚਾਹੀਦਾ ਹੈ ਖਾਸਕਰ ਲੜਕੀਆਂ ਦੀ ਸੁਰੱਖਿਆ ਲਈ ਤੁਰੰਤ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਸਿਰਫਿਰੇ ਲੋਕਾਂ ਨੂੰ ਮਨੁੱਖਤਾ ਵਿਰੋਧੀ ਕਾਰਵਾਈਆਂ ਲਈ ਸਖ਼ਤ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰਮੇਹਰ ਕੌਰ ਨੂੰ ਮੰਦਭਾਸ਼ੀ ਧਮਕੀ ਦੇਣ ਵਾਲਿਆਂ 'ਤੇ ਸਖ਼ਤ ਕਾਨੂੰਨੀ ਕਾਰਵਾਈ ਨੂੰ ਤੁਰੰਤ ਅਮਲ ਵਿਚ ਲਿਆਂਦਾ ਜਾਣਾ ਚਾਹੀਦਾ ਹੈ ਤਾਂ ਜੋ ਮਨੁੱਖੀ ਆਜ਼ਾਦੀ ਸੁਰੱਖਿਅਤ ਰਹਿ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਰਾਸ਼ਟਰਵਾਦ ਦੇ ਨਾਂ 'ਤੇ ਧਮਕੀਆਂ ਅਤੇ ਗੁੰਡਾਗਰਦੀ ਦਾ ਚਲਨ ਦੇਸ਼ ਲਈ ਵੱਡੀ ਚੁਣੌਤੀ ਹੈ।

ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਦੇਸ਼ ਲਈ ਜਾਨ ਕੁਰਬਾਨ ਕਰਨ ਵਾਲੇ ਸ਼ਹੀਦ ਕੈਪਟਨ ਮਨਦੀਪ ਸਿੰਘ ਦੀ ਬੇਟੀ ਨਾਲ ਅਜਿਹੀ ਦੁਖਦਾਈ ਘਟਨਾ ਵਾਪਰਨਾ ਦੇਸ਼ ਲਈ ਸ਼ਹਾਦਤਾਂ ਦੇਣ ਵਾਲਿਆਂ ਦਾ ਵੱਡਾ ਅਪਮਾਨ ਹੈ ਅਤੇ ਦੇਸ਼ ਵਿਚ ਮਨੁੱਖੀ ਅਧਿਕਾਰਾਂ ਅਤੇ ਲੜਕੀਆਂ ਦੀ ਸੁਰੱਖਿਆ 'ਤੇ ਸਵਾਲ਼ੀਆਂ ਚਿੰਨ ਹੈ। ਉਨ੍ਹਾਂ ਬੇਟੀ ਗੁਰਮੇਹਰ ਕੌਰ ਦੇ ਨਾਲ ਖੜ੍ਹਨ ਦੀ ਗੱਲ ਕਰਦਿਆਂ ਕਿਹਾ ਕਿ ਸਿੱਖ ਕੌਮ ਹਮੇਸ਼ਾ ਹੀ ਦੂਸ਼ਿਤ ਵਰਤਾਰੇ ਦੇ ਵਿਰੁੱਧ ਡੱਟਦੀ ਰਹੀ ਹੈ ਅਤੇ ਹੁਣ ਵੀ ਪੰਜਾਬ ਦੀ ਬੇਟੀ ਨਾਲ ਹਰ ਤਰ੍ਹਾਂ ਖੜ੍ਹਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰ ਤੇ ਅਧਿਕਾਰੀ ਬੀਬਾ ਗੁਰਮੇਹਰ ਕੌਰ ਨੂੰ ਮਿਲ ਕੇ ਉਸ ਦੀ ਸੁਰੱਖਿਆ ਲਈ ਹਰ ਤਰ੍ਹਾਂ ਨਾਲ ਸਹਿਯੋਗ ਕਰਨਗੇ।

*੦੧ ਮਾਰਚ*

# ਸ਼੍ਰੋਮਣੀ ਕਮੇਟੀ ਨੇ ਸਿੱਖਾਂ ਬਾਰੇ ਚੁਟਕਲਿਆਂ 'ਤੇ ਰੋਕ ਲਗਾਉਣ ਸਬੰਧੀ ਸੁਪਰੀਮ ਕੋਰਟ ਨੂੰ ਦੁਬਾਰਾ ਨਜ਼ਰਸਾਨੀ ਕਰਨ ਦੀ ਕੀਤੀ ਅਪੀਲ

ਅੰਮ੍ਰਿਤਸਰ- ਦੇਸ਼ ਦੀ ਸਰਵਉੱਚ ਅਦਾਲਤ ਸੁਪਰੀਮ ਕੋਰਟ ਨੂੰ ਸਿੱਖਾਂ ਬਾਰੇ ਬਣਦੇ ਚੁਟਕਲਿਆਂ 'ਤੇ ਰੋਕ ਲਾਉਣ ਤੋਂ ਇਨਕਾਰ ਕਰਨ ਦੇ ਫੈਸਲੇ 'ਤੇ ਦੁਬਾਰਾ ਨਜ਼ਰਸਾਨੀ ਕਰਨੀ ਚਾਹੀਦੀ ਹੈ ਕਿਉਂਕਿ ਅਜਿਹੇ ਚੁਟਕਲੇ ਸਿੱਖਾਂ ਦੇ ਅਕਸ ਨੂੰ ਢਾਹ ਲਗਾਉਣ ਲਈ ਜ਼ਿੰਮੇਵਾਰ ਬਣਦੇ ਹਨ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਦਫਤਰ ਤੋਂ ਜਾਰੀ ਇਕ ਪ੍ਰੈਸ ਨੋਟ ਵਿਚ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਬੇਹੱਦ ਸ਼ਾਨਾਮੱਤਾ ਹੈ ਅਤੇ ਸਿੱਖ ਕੌਮ ਮਾਨਵਤਾ ਦੇ ਹਮਦਰਦ ਵਜੋਂ ਮਾਨਤਾ ਰੱਖਦੀ ਹੈ। ਗੁਰਦੁਆਰਿਆਂ ਵਿਚ ਬਿਨਾਂ ਕਿਸੇ ਭੇਦ-ਭਾਵ ਦੇ ਲੋਕਾਂ ਨੂੰ ਲੰਗਰ ਛਕਾਉਣ ਅਤੇ ਕੁਦਰਤੀ ਆਫਤਾ ਸਮੇਂ ਦੇਸ਼ ਭਰ 'ਚ ਬਿਨਾਂ ਕਿਸੇ ਜਾਤ-ਪਾਤ, ਰੰਗ-ਭੇਦ ਦੇ ਮਨੁੱਖਤਾ ਦੀ ਮਦਦ ਲਈ ਤੱਤਪਰ ਰਹਿਣ ਵਾਲੀ ਸਿੱਖ ਕੌਮ ਦੀ ਪਛਾਣ ਨੂੰ ਗਲਤ ਰੰਗ ਵਿਚ ਪੇਸ਼ ਕਰਦੇ ਚੁਟਕਲਿਆਂ ਵਿਚ ਸਿੱਖਾਂ ਨੂੰ ਮਜ਼ਾਕ ਦੇ ਪਾਤਰ ਬਣਾਇਆ ਜਾਂਦਾ ਹੈ। ਇਸ ਲਈ ਇਨਾਂ ਚੁਟਕਲਿਆਂ 'ਤੇ ਰੋਕ ਲੱਗਣੀ ਬੇਹੱਦ ਜ਼ਰੂਰੀ ਹੋ ਜਾਂਦੀ ਹੈ। ਮਾਨਯੋਗ ਸਰਵਰਉੱਚ ਅਦਾਲਤ ਨੇ ਇਨਾਂ 'ਤੇ ਕਿਵੇਂ ਰੋਕ ਲਾਈ ਜਾਵੇ, ਇਸ ਗੱਲ 'ਤੇ ਅਸਮਰੱਥਾ ਪ੍ਰਗਟ ਕੀਤੀ ਹੈ। ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਕਿਹਾ ਕਿ ਇਹ ਗੱਲ ਤਾਂ ਬਿਲਕੁਲ ਵਾਜਿਬ ਨਹੀਂ ਖਾਸ ਕਰਕੇ ਜੇ ਸੁਪਰੀਮ ਕੋਰਟ ਹੀ ਅਜਿਹੀ ਅਸਮਰੱਥਾ ਪ੍ਰਗਟਾਏ ਤਾਂ ਫਿਰ ਫਰਿਆਦੀ ਕਿੱਥੇ ਜਾਏ। ਅਦਾਲਤ ਵੱਲੋਂ ਸਿੱਖਾਂ ਬਾਰੇ ਚੁਟਕਲਿਆਂ 'ਤੇ ਰੋਕ ਨਾ ਲਗਾਉਣ ਨਾਲ ਸੰਸਾਰ ਭਰ 'ਚ ਵੱਸਦੇ ਸਿੱਖਾਂ ਦੇ ਮਨਾਂ ਨੂੰ ਭਾਰੀ ਠੇਸ ਪੁੱਜੀ ਹੈ। ਉਨ੍ਹਾਂ ਨੇ ਦੇਸ਼ ਦੀ ਸਰਵਉੱਚ ਅਦਾਲਤ ਨੂੰ ਇਸ ਅਤਿ ਸੰਜੀਦਾ ਮਸਲੇ ਨੂੰ ਗੰਭੀਰਤਾ ਨਾਲ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਵਿਚ ਸਿੱਖਾਂ ਦੀਆਂ ਭਾਵਨਾਵਾਂ ਅਨੁਸਾਰ ਫੈਸਲਾ ਕਰਨ ਲਈ ਦੁਬਾਰਾ ਨਜ਼ਰਸਾਨੀ ਕਰਨੀ ਚਾਹੀਦੀ ਹੈ।

*੦੮ ਫਰਵਰੀ*

# ਸ਼੍ਰੋਮਣੀ ਕਮੇਟੀ ਨੇ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

ਅੰਮ੍ਰਿਤਸਰ- ਭਗਤ ਰਵਿਦਾਸ ਜੀ ਨੇ ਸਮਾਜਿਕ ਬੁਰਾਈਆਂ ਖਿਲਾਫ ਡੱਟ ਕੇ ਆਵਾਜ਼ ਬੁਲੰਦ ਕਰਦਿਆਂ ਮਨੁੱਖੀ ਬਰਾਬਰੀ ਵਾਲੇ ਸਮਾਜ ਦੀ ਸਿਰਜਨਾ ਦਾ ਹੋਕਾ ਦਿੱਤਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਜਿਥੇ ਗੁਰੂ ਸਾਹਿਬਾਨਾਂ ਦੇ ਪ੍ਰਕਾਸ਼ ਗੁਰਪੁਰਬ ਤੇ ਸ਼ਹੀਦੀ ਦਿਹਾੜੇ ਮਨਾਏ ਜਾਂਦੇ ਹਨ, ਉਥੇ ਜਿਨ੍ਹਾਂ ਭਗਤ ਸਾਹਿਬਾਨਾਂ ਦੀ ਬਾਣੀ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ ਉਨ੍ਹਾਂ ਦੇ ਦਿਹਾੜੇ ਵੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਨੇ ਸਤਿਗੁਰੂ ਦੀ ਕ੍ਰਿਪਾ ਦਾ ਪਾਤਰ ਬਣਨ ਦੀ ਗੱਲ ਬਾਣੀ 'ਚ ਕੀਤੀ ਹੈ। ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਸਮੇਂ ਧਰਮਾਂ, ਜਾਤ, ਬਿਰਾਦਰੀਆਂ ਤੇ ਫਿਰਕਿਆਂ ਦੇ ਵੰਡ ਵਰਨ ਤੋਂ ਉਪਰ ਉਠ ਕੇ ਭਗਤ ਰਵਿਦਾਸ ਜੀ ਦੀ ਬਾਣੀ ਦੇ ੧੬ ਰਾਗਾਂ 'ਚ ੪੦ ਸ਼ਬਦਾਂ ਨੂੰ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰਕੇ ਢੁੱਕਵਾਂ ਸਨਮਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ

ਪ੍ਰਭੂ ਭਗਤੀ 'ਚ ਆਪਣਾ ਸਾਰਾ ਜੀਵਨ ਬਤੀਤ ਕਰਨ ਵਾਲੇ ਭਗਤ ਰਵਿਦਾਸ ਜੀ ਦੇ ਜੀਵਨ ਤੋਂ ਸਭਨਾਂ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ।

ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਦਵਿੰਦਰ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਸੁਲੱਖਣ ਸਿੰਘ ਅਰਦਾਸੀਏ ਨੇ ਕੀਤੀ। ਇਸ ਮੌਕੇ ਭਾਈ ਸਵਿੰਦਰ ਸਿੰਘ ਭੰਗੂ ਦੇ ਪੰਥਕ ਢਾਡੀ ਜਥੇ ਨੇ ਬੀਰ-ਰਸੀ ਵਾਰਾਂ ਰਾਹੀਂ ਸੰਗਤਾਂ ਨੂੰ ਭਗਤ ਰਵਿਦਾਸ ਜੀ ਦੇ ਜੀਵਨ ਤੋਂ ਜਾਣੂ ਕਰਵਾਇਆ। *੧੦ ਫਰਵਰੀ*

# ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿਚ ਕੀਤੀ ਗਈ ਸੁਸ਼ੋਭਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਸਾਬਕਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਸਵੀਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਸੁਸ਼ੋਭਿਤ ਕੀਤੀ ਗਈ, ਜਿਸ ਤੋਂ ਪੜਦਾ ਹਟਾਉਣ ਦੀ ਰਸਮ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਕੀਤੀ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਬੀਰ ਸਿੰਘ ਦੇ ਜਥੇ ਵੱਲੋਂ ਇਲਾਹੀ ਗੁਰਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਤੇ ਅਰਦਾਸ ਭਾਈ ਸਲਵਿੰਦਰ ਸਿੰਘ ਨੇ ਕੀਤੀ।

ਸੰਗਤਾਂ ਨੂੰ ਸੰਬੋਧਨ ਕਰਦਿਆਂ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਕਿਹਾ ਕਿ ਵਿਸ਼ਵ ਭਰ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਸਮਤਕ ਹੋਣ ਆਉਂਦੀਆਂ ਸੰਗਤਾਂ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਵੀ ਜ਼ਰੂਰ ਜਾਂਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਮਹਾਨ ਪੰਥਕ ਸ਼ਖਸੀਅਤ ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਦਾ ਚਿੱਤਰ ਕੇਂਦਰੀ ਸਿੱਖ ਅਜਾਇਬ ਘਰ ਵਿਖੇ ਸੁਸ਼ੋਭਿਤ ਕਰਨਾ ਸਾਡੇ ਸਾਰਿਆਂ ਲਈ ਬਹੁਤ ਮਾਣ ਵਾਲੀ ਗੱਲ ਹੈ ਕਿਉਂਕਿ ਪੰਥਕ ਸੋਚ ਦੇ ਧਾਰਨੀ ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਨੇ ਹਮੇਸ਼ਾ ਹੀ ਪੰਥ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੜ੍ਹਦੀ ਕਲਾ ਲਈ ਕੌਮ ਦੇ ਲੇਖੇ ਲਗਾਇਆ। ਉਨ੍ਹਾਂ ਕਿਹਾ ਕਿ ਜਥੇਦਾਰ ਖੁਸ਼ੀਪੁਰ ਜਿਥੇ ੧੮ ਸਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਹੇ ਉਥੇ ੮ ਵਾਰ ਅੰਤ੍ਰਿੰਗ ਕਮੇਟੀ ਮੈਂਬਰ ਵਜੋਂ ਆਪਣੀਆਂ ਸੇਵਾਵਾਂ ਬਾਖੂਬੀ ਢੰਗ ਨਾਲ ਨਿਭਾਈਆਂ। ਉਨ੍ਹਾਂ ਨੇ ਕਿਹਾ ਕਿ ਪੰਥਕ ਪਰਿਵਾਰ ਨਾਲ ਸਬੰਧ ਰੱਖਣ ਵਾਲੇ ਜੱਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਦੀ ਕੇਂਦਰੀ ਸਿੱਖ ਅਜਾਇਬ ਘਰ ਅੰਦਰ ਤਸਵੀਰ ਸੁਸ਼ੋਭਿਤ ਕਰਨਾ ਉਨ੍ਹਾਂ ਦੀਆਂ ਪੰਥਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਣ ਵਾਲਾ ਕਾਰਜ ਹੈ।

ਇਸ ਦੌਰਾਨ ਸਿੰਘ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਜਥੇਦਾਰ ਸ਼ਿਵ ਸਿੰਘ ਖੁਸ਼ੀਪੁਰ ਦੇ ਪਰਿਵਾਰਕ ਮੈਂਬਰਾਂ ਜਿਨਾਂ ਵਿਚ ਉਨ੍ਹਾਂ ਦੇ ਸਪੁੱਤਰ ਸ. ਭੁਪਿੰਦਰ ਸਿੰਘ, ਸਪੁੱਤਰੀਆਂ ਬੀਬੀ ਦਵਿੰਦਰ ਕੌਰ ਤੇ ਬੀਬੀ ਜੋਗਿੰਦਰ ਕੌਰ, ਸ. ਅਮਰਜੀਤ ਸਿੰਘ ਦਾਮਾਦ, ਸ. ਕਰਨਬੀਰ ਸਿੰਘ ਪੋਤਰਾ, ਬੀਬੀ ਅਮਨਦੀਪ ਕੌਰ (ਪੋਤ-ਨੂੰਹ), ਬੀਬੀ ਅਨੂਪ ਕੌਰ ਨੂੰਹ, ਬੀਬੀ ਦਰਸ਼ਨ ਕੌਰ ਨੂੰਹ, ਬੀਬੀ ਪਰਮਿੰਦਰ ਕੌਰ ਨੂੰਹ, ਸ. ਰਘਬੀਰ ਸਿੰਘ ਮੰਡ ਮੈਨੇਜਰ (ਲੰਗਰ ਸ੍ਰੀ ਗੁਰੂ ਰਾਮਦਾਸ) ਤੇ ਸ. ਜਸਬੀਰ ਸਿੰਘ ਘੁੰਮਣ, ਸ. ਨਿਰਮਲ ਸਿੰਘ ਸਰਪੰਚ ਆਦਿ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਟ ਕੀਤੇ ਗਏ। ਇਸ ਮੌਕੇ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਦਲਬੀਰ ਸਿੰਘ, ਸ. ਅਮਰਜੀਤ ਸਿੰਘ ਸੇਖਵਾਂ, ਸ. ਸਤਨਾਮ ਸਿੰਘ ਮਾਂਗਾਸਰਾਏ ਐਡੀ:ਮੈਨੇਜਰ, ਸ. ਇਕਬਾਲ ਸਿੰਘ ਮੁਖੀ ਕਿਉਰੇਟਰ ਤੇ ਵਧੀਕ ਮੈਨੇਜਰ, ਸ. ਗੁਰਿੰਦਰਪਾਲ ਸਿੰਘ ਚਿੱਤਰਕਾਰ ਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ ਹਾਜ਼ਰ ਸੀ। *੧੧ ਫਰਵਰੀ*

# ਗੁਰਦੁਆਰਾ ਦੁੱਖ ਭੰਜਨੀ ਬੇਰ ਸਾਹਿਬ ਨਜ਼ਦੀਕ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਨਵੇਂ ਕਮਰਿਆਂ ਦਾ ਉਦਘਾਟਨ ਕੀਤਾ ਗਿਆ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਗੁਰਦੁਆਰਾ ਦੁੱਖ ਭੰਜਨੀ ਬੇਰ ਸਾਹਿਬ ਨਜ਼ਦੀਕ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਨਵੇਂ ਕਮਰਿਆਂ ਦਾ ਉਦਘਾਟਨ ਕੀਤਾ ਗਿਆ। ਉਦਘਾਟਨ ਤੋਂ ਪਹਿਲਾਂ ਭਾਈ ਬਿਕਰਮਜੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਅਰਦਾਸੀਆ ਨੇ ਕੀਤੀ ਅਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨੇ ਲਿਆ। ਉਪਰੰਤ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੇ ਭਾਈ ਰਾਮ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਸ. ਰਜਿੰਦਰ ਸਿੰਘ ਮਹਿਤਾ ਤੇ ਸ. ਮਗਵਿੰਦਰ ਸਿੰਘ ਖਾਪੜਖੇੜੀ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਨਵੇਂ ਬਣੇ ਕਮਰਿਆਂ ਦੀਆਂ ਚਾਬੀਆਂ ਭੇਟ ਕੀਤੀਆਂ।

ਇਸ ਸਮੇਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਕਮਰਿਆਂ ਦੀ ਸੇਵਾ ਗੁਰੂ-ਘਰ ਦੇ ਅਨਿਨ ਸੇਵਕ ਤੇ ਸ਼ਰਧਾਵਾਨ ਸ. ਪ੍ਰਭਜੋਤ ਸਿੰਘ ਤੇ ਉਨ੍ਹਾਂ ਦੇ ਪਰਿਵਾਰ ਸ. ਸਵਿੰਦਰਪਾਲ ਸਿੰਘ ਅਤੇ ਸ. ਇੰਦਰਪਾਲ ਸਿੰਘ ਵਾਸੀ ਅੰਮ੍ਰਿਤਸਰ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਦੇ ਸਹਿਯੋਗ ਨਾਲ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਘਰ ਦੀ ਸੇਵਾ ਭਾਗਾਂ ਵਾਲੇ ਮਨੁੱਖ ਨੂੰ ਹੀ ਨਸੀਬ ਹੁੰਦੀ ਹੈ। ਉਨ੍ਹਾਂ ਕਿਹਾ ਕਿ ਗੁਰੂ-ਘਰ ਦੀ ਸੇਵਾ ਕਰਨ ਵਾਲਿਆਂ 'ਤੇ ਸਤਿਗੁਰੂ ਜੀ ਦੀ ਅਪਾਰ ਬਖਸ਼ਿਸ਼ ਹੁੰਦੀ ਹੈ ਤੇ ਉਹ ਆਪ ਅੰਗ-ਸੰਗ ਸਹਾਈ ਹੋ ਕੇ ਸੇਵਾ ਲੈਂਦੇ ਹਨ। ਇਸ ਮੌਕੇ ਸ. ਪ੍ਰਭਜੋਤ ਸਿੰਘ ਦੇ ਪਰਿਵਾਰ ਤੇ ਹਾਜ਼ਰ ਸ਼ਖ਼ਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਰੂਪ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਨਿੱਜੀ ਸਕੱਤਰ, ਸ. ਕੇਵਲ ਸਿੰਘ ਵਧੀਕ ਸਕੱਤਰ, ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਗੁਰਿੰਦਰ ਸਿੰਘ ਮੈਨੇਜਰ, ਸ. ਬਘੇਲ ਸਿੰਘ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਰਾਮ ਸਿੰਘ ਸਾਬਕਾ ਮੀਤ ਸਕੱਤਰ ਸ਼੍ਰੋਮਣੀ ਕਮੇਟੀ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਗੁਰਨਾਮ ਸਿੰਘ, ਬਾਬਾ ਫਤਹਿ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਹਰੀ ਸਿੰਘ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

*੧੪ ਫਰਵਰੀ*

# ਸ਼੍ਰੋਮਣੀ ਕਮੇਟੀ ਨੇ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

ਅੰਮ੍ਰਿਤਸਰ- ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬੀਬੀ ਭਾਨੀ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਗੁਰਮਤਿ ਸਮਾਗਮ ਸਮੇਂ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਕਥਾਵਾਚਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਨੇ ਕਿਹਾ ਕਿ ਸਿੱਖ ਧਰਮ ਦੀ ਸੇਵਾ ਪਰੰਪਰਾ ਵਿੱਚ ਬੀਬੀਆਂ ਦਾ ਬੜਾ ਅਹਿਮ ਯੋਗਦਾਨ ਰਿਹਾ ਹੈ, ਖਾਸ ਕਰਕੇ ਬੀਬੀ ਭਾਨੀ ਜੀ ਵੱਲੋਂ ਆਪਣੇ ਗ੍ਰਿਹਸਥ ਜੀਵਨ ਨੂੰ ਨਿਭਾਉਂਦਿਆਂ ਹੋਇਆਂ ਗੁਰੂ ਸੇਵਾ ਪ੍ਰਤੀ ਪਾਏ ਯੋਗਦਾਨ ਦੀ ਆਪਣੀ ਇਕ ਵਿਲੱਖਣ ਮਹੱਤਤਾ ਹੈ। ਉਨ੍ਹਾਂ ਕਿਹਾ ਕਿ ਉੱਚ ਆਤਮਕ

ਗੁਣਾਂ ਦੇ ਧਾਰਨੀ ਤੇ ਸੇਵਾ ਭਾਵਨਾ ਵਿੱਚ ਲੀਨ ਰਹਿਣ ਵਾਲੇ ਬੀਬੀ ਭਾਨੀ ਜੀ ਨੂੰ ਜਿਥੇ ਗੁਰੂ-ਪੁੱਤਰੀ, ਗੁਰੂ-ਪਤਨੀ ਤੇ ਗੁਰੂ-ਮਾਂ ਹੋਣ ਦਾ ਮਾਣ ਪ੍ਰਾਪਤ ਹੋਇਆ, ਉਥੇ ਗੁਰੂ-ਘਰਾਂ ਦੇ ਲੰਗਰ ਪ੍ਰਬੰਧਾਂ ਵਿੱਚ ਮਿਸਾਲੀ ਸੇਵਾ ਕਰਨ ਦਾ ਸੁਭਾਗ ਵੀ ਮਿਲਿਆ। ਜਿਸ ਸਦਕਾ ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਨੇ ਬੀਬੀ ਭਾਨੀ ਜੀ ਦੀ ਸੇਵਾ ਭਾਵਨਾ ਤੋਂ ਪ੍ਰਭਾਵਿਤ ਹੋ ਕੇ ਉਨ੍ਹਾਂ ਨੂੰ ਆਪ ਦੇ ਵੰਸ਼ ਨੂੰ ਗੁਰਗੱਦੀ ਦਾ ਵਰਦਾਨ ਦਿੱਤਾ। ਉਨ੍ਹਾਂ ਕਿਹਾ ਕਿ ਭਗਤੀ ਤੇ ਸੇਵਾ ਦੇ ਪੁੰਜ ਵਜੋਂ ਸਤਿਕਾਰੇ ਜਾਂਦੇ ਬੀਬੀ ਭਾਨੀ ਜੀ ਜਦ ਵੀ ਆਸੀਸ ਦਿੰਦੇ ਤਾਂ ਕੇਵਲ ਨਾਮ, ਸਿਮਰਨ, ਸੇਵਾ ਦੀ ਹੀ ਅਸੀਸ ਦਿੰਦੇ, ਜਿਸ ਸਦਕਾ ਸਮੁੱਚਾ ਸਿੱਖ ਜਗਤ ਉਨ੍ਹਾਂ ਵੱਲੋਂ ਗੁਰੂ-ਘਰ ਦੀ ਸੇਵਾ ਪਰੰਪਰਾ ਵਿੱਚ ਪਾਏ ਵੱਡਮੁੱਲੇ ਯੋਗਦਾਨ ਤੇ ਮਾਣ ਕਰਦਾ ਹੈ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਾਰਜ ਸਿੰਘ ਦੇ ਜਥੇ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਤੇ ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ।

ਇਸ ਮੌਕੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ. ਹਰਜਿੰਦਰ ਸਿੰਘ, ਸ. ਲਖਵਿੰਦਰ ਸਿੰਘ ਬਦੋਵਾਲ, ਸ. ਸਤਨਾਮ ਸਿੰਘ ਮਾਂਗਾਸਰਾਏ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦਾ ਸਮੁੱਚਾ ਸਟਾਫ ਅਤੇ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ। *੧੯ ਫਰਵਰੀ*

## ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਬੁੱਧੀਜੀਵੀਆਂ ਅਤੇ ਵੱਖ-ਵੱਖ ਖੇਤਰਾਂ 'ਚ ਨਾਮਣਾ ਖੱਟਣ ਵਾਲੇ ਸਿੱਖਾਂ ਨੂੰ ਸਨਮਾਨਿਤ ਕਰਨ ਸਬੰਧੀ ਸਬ-ਕਮੇਟੀ ਗਠਿਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਦੋ ਸਿੱਖ ਬੁੱਧੀਜੀਵੀਆਂ ਅਤੇ ਵੱਖ-ਵੱਖ ਖੇਤਰਾਂ ਵਿਚ ਨਾਮ ਕਮਾਉਣ ਵਾਲੇ ਸਿੱਖਾਂ ਨੂੰ ਹਰ ਸਾਲ ਸਨਮਾਨਿਤ ਕਰਨ ਦੇ ਕੀਤੇ ਗਏ ਫੈਸਲੇ ਨੂੰ ਅਮਲ ਵਿਚ ਲਿਆਉਣ ਲਈ ਇਕ ਸਬ-ਕਮੇਟੀ ਦਾ ਗਠਨ ਕਰ ਦਿੱਤਾ ਗਿਆ ਹੈ। ਦਫਤਰ ਸ਼੍ਰੋਮਣੀ ਕਮੇਟੀ ਤੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਨੇ ਦੱਸਿਆ ਕਿ ਇਸ ਕਮੇਟੀ ਵਿਚ ਡਾ. ਗੁਰਨੇਕ ਸਿੰਘ ਸਾਬਕਾ ਵਾਈਸ ਚਾਂਸਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ, ਡਾ. ਬਲਵੰਤ ਸਿੰਘ ਢਿੱਲੋਂ ਪ੍ਰੋ: ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਡਾ. ਸੁਰਜੀਤ ਕੌਰ ਚਾਹਲ ਸਾਬਕਾ ਪ੍ਰੋਫੈਸਰ ਊਨਾ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼, ਡਾ. ਗੁਰਨਾਮ ਸਿੰਘ ਡੀਨ ਅਕਾਦਮਿਕ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਡਾ. ਰਜਿੰਦਰ ਸਿੰਘ ਭੱਟੀ ਚੇਅਰਮੈਨ ਗੁਰੂ ਗੋਬਿੰਦ ਸਿੰਘ ਚੇਅਰ ਕੁਰੂਕਸ਼ੇਤਰ ਯੂਨੀਵਰਸਿਟੀ (ਹਰਿਆਣਾ) ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਸਬ-ਕਮੇਟੀ ਸਨਮਾਨਿਤ ਕੀਤੀਆਂ ਜਾਣ ਵਾਲੀਆਂ ਸਿੱਖ ਸ਼ਖਸੀਅਤਾਂ ਦੀ ਚੋਣ ਕਰੇਗੀ। ਪ੍ਰੋ: ਬਡੂੰਗਰ ਨੇ ਕਿਹਾ ਕਿ ਮਾਣਮੱਤੀਆਂ ਪ੍ਰਾਪਤੀਆਂ ਕਰਨ ਵਾਲੀਆਂ ਸਿੱਖ ਸ਼ਖਸੀਅਤਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕਰਨ ਨਾਲ ਸਿੱਖਾਂ ਅੰਦਰ ਵੱਖ-ਵੱਖ ਖੇਤਰਾਂ ਵਿਚ ਬੁਲੰਦੀਆਂ ਹਾਸਲ ਕਰਨ ਲਈ ਉਤਸ਼ਾਹ ਤੇ ਪ੍ਰੇਰਨਾ ਦਾ ਭਾਵ ਪੈਦਾ ਹੋਵੇਗਾ। *੨੦ ਫਰਵਰੀ*

## ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ 'ਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਵਿਖੇ ਸਾਲਾਨਾ ਸਮਾਗਮ

ਅੰਮ੍ਰਿਤਸਰ- ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸਥਾਪਿਤ 'ਸ਼ਹੀਦ ਸਿੱਖ ਮਿਸ਼ਨਰੀ ਕਾਲਜ' ਵਿਖੇ ਸ਼ਹੀਦੀ ਸਾਕੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਸੁਰਿੰਦਰ

ਸਿੰਘ ਜੋਧਪੁਰੀ ਦੇ ਰਾਗੀ ਜਥੇ ਨੇ ਸ਼ਬਦ ਕੀਰਤਨ ਕੀਤਾ ਅਤੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

ਗੁਰਮਤਿ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀ ਆਜ਼ਾਦੀ ਲਈ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੇ ਸ਼ਹੀਦਾਂ ਦਾ ਸਿੱਖ ਇਤਿਹਾਸ ਵਿਚ ਉੱਚਾ ਸਥਾਨ ਹੈ। ਉਨ੍ਹਾਂ ਕਿਹਾ ਇਸ ਸਾਕੇ ਦੌਰਾਨ ਸ਼ਹੀਦ ਹੋਏ ਭਾਈ ਲਛਮਣ ਸਿੰਘ ਧਾਰੋਵਾਲੀ ਅਤੇ ਹੋਰ ਸ਼ਹੀਦ ਸਾਡੇ ਪ੍ਰੇਰਨਾ ਸਰੋਤ ਹਨ। ਉਨ੍ਹਾਂ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਸੋਚ ਵਾਲੇ ਮਾਰਗ ਦੇ ਪਾਂਧੀ ਦੱਸਦਿਆਂ ਕਿਹਾ ਕਿ ਇਸ ਮਹਾਨ ਸੰਸਥਾ ਵਿਚ ਗੁਰਮਤਿ ਦੀ ਸਿੱਖਿਆ ਪ੍ਰਾਪਤ ਕਰਦੇ ਵਿਦਿਆਰਥੀਆਂ ਲਈ ਦ੍ਰਿੜ੍ਹਤਾ ਅਤੇ ਤਿਆਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਜ਼ਰੂਰੀ ਹੈ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੀਬੀ ਕਿਰਨਜੋਤ ਕੌਰ ਨੇ ਕਿਹਾ ਕਿ ਸਾਕਾ ਸ੍ਰੀ ਨਨਕਾਣਾ ਸਾਹਿਬ ਦੀ ਯਾਦ ਵਿਚ ਬਣੀ ਇਸ ਸੰਸਥਾ ਨੇ ਕੌਮ ਨੂੰ ਵੱਡੇ ਰਾਗੀ, ਪ੍ਰਚਾਰਕ ਦਿੱਤੇ ਹਨ। ਇਹ ਸਿੱਖੀ ਦੀ ਅਜਿਹੀ ਟਕਸਾਲ ਹੈ ਜਿਸ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਿਚ ਮੋਹਰੀ ਰੋਲ ਨਿਭਾਇਆ ਹੈ। ਉਨ੍ਹਾਂ ਕਿਹਾ ਕਿ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਹਰ ਸਾਲ ਸਮਾਗਮ ਕਰਨਾ ਸਾਨੂੰ ਸ਼ਹੀਦਾਂ ਦੀਆਂ ਸ਼ਹਾਦਤਾਂ ਦੇ ਮਕਸਦ 'ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਲਈ ਪ੍ਰੇਰਿਤ ਕਰਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਵੱਲੋਂ ਪਹੁੰਚੇ ਉਨ੍ਹਾਂ ਦੇ ਨਿੱਜੀ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਨੇ ਕਿਹਾ ਕਿ ਕੌਮ ਦੀ ਵਰਤਮਾਨ ਪੀੜੀ ਲਈ ਆਪਣੇ ਇਤਿਹਾਸ ਨੂੰ ਚੇਤੇ ਅਤੇ ਚਿੰਤਨ ਦਾ ਹਿੱਸਾ ਬਣਾਉਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਪ੍ਰੋ: ਕਿਰਪਾਲ ਸਿੰਘ ਬਡੂੰਗਰ ਗੁਰਮਤਿ ਸਿੱਖਿਆ ਦੇ ਪ੍ਰਸਾਰ ਲਈ ਨਿਰੰਤਰ ਯਤਨਸ਼ੀਲ ਹਨ।

ਸਮਾਗਮ ਵਿਚ ਰਾਗੀ ਭਾਈ ਸੁਰਿੰਦਰ ਸਿੰਘ ਜੋਧਪੁਰੀ ਨੂੰ ਉਨ੍ਹਾਂ ਵੱਲੋਂ ਗੁਰਮਤਿ ਦੇ ਪ੍ਰਚਾਰ ਵਿਚ ਪਾਏ ਯੋਗਦਾਨ ਲਈ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਸਾਂਝੇ ਤੌਰ 'ਤੇ 'ਪ੍ਰਿੰਸੀਪਲ ਗੰਗਾ ਸਿੰਘ ਐਵਾਰਡ' ਨਾਲ ਸਨਮਾਨਿਤ ਕੀਤਾ। ਸਮਾਗਮ ਵਿਚ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੇ ਕੁਝ ਪਰਿਵਾਰ ਵੀ ਸ਼ਾਮਲ ਸਨ, ਜਿਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਵੱਲੋਂ ਪ੍ਰੋ: ਮਨਜੀਤ ਕੌਰ ਨੇ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਸਟੇਜ ਦੀ ਸੇਵਾ ਭਾਈ ਕੁਲਰਾਜ ਸਿੰਘ ਨੇ ਨਿਭਾਈ।

ਇਸ ਮੌਕੇ ਗਿਆਨੀ ਬਲਦੇਵ ਸਿੰਘ ਐਮ.ਏ. ਸਾਬਕਾ ਮੈਂਬਰ, ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਵਧੀਕ ਸਕੱਤਰ, ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਬਲਵਿੰਦਰ ਸਿੰਘ ਕਾਹਲਵਾਂ ਮੀਤ ਸਕੱਤਰ, ਡਾ. ਅਮਰਜੀਤ ਸਿੰਘ, ਡਾ. ਅਮਰ ਸਿੰਘ, ਸ. ਗੁਰਿੰਦਰਪਾਲ ਸਿੰਘ ਠਰੂ, ਪ੍ਰੋ: ਮਨਜੀਤ ਕੌਰ, ਪ੍ਰੋ: ਰਵੇਲ ਸਿੰਘ, ਪ੍ਰੋ: ਸੁਰਜੀਤ ਸਿੰਘ, ਪ੍ਰੋ: ਅਮਰਜੀਤ ਕੌਰ, ਸ. ਜੱਜ ਸਿੰਘ, ਸ. ਜਸਪਾਲ ਸਿੰਘ ਤੇ ਸ. ਦਿਲਬਾਗ ਸਿੰਘ ਭੰਗਾਲੀ ਪ੍ਰਚਾਰਕ, ਭਾਈ ਨਿਸ਼ਾਨ ਸਿੰਘ ਗੰਡੀਵਿੰਡ ਤੇ ਸ. ਜਗਦੇਵ ਸਿੰਘ ਹੈਡ ਪ੍ਰਚਾਰਕ ਆਦਿ ਹਾਜ਼ਰ ਸਨ। *੨੧ ਫਰਵਰੀ*

# ਸ਼੍ਰੋਮਣੀ ਕਮੇਟੀ ਵੱਲੋਂ ਸਾਕਾ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ 'ਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ

ਅੰਮ੍ਰਿਤਸਰ- ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ਼ਹੀਦੀ ਸਾਕੇ ਦੌਰਾਨ ਸ਼ਹੀਦ ਹੋਏ ਸਿੰਘਾਂ ਦੀ ਯਾਦ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ

